ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ੇ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 27 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੧੪ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## ਪੰਜਾਬ ਦੇ ਸਕੂਲਾਂ ਵਿਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ




**ਚੰਡੀਗੜ੍ਹ, 26 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਕੂਲਾਂ ਵਿਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। ਸਰਕਾਰੀ ਹੁਕਮਾਂ ਮੁਤਾਬਕ 2 ਜੂਨ ਤੋਂ 30 ਜੂਨ ਤੱਕ ਸਕੂਲਾਂ ਵਿਚ ਛੁੱਟੀਆਂ ਰਹਿਣਗੀਆਂ। ਸਰਕਾਰ ਦੇ ਆਦੇਸ਼ ਮੁਤਾਬਕ ਪੰਜਾਬ ਭਰ ਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲ 2 ਜੂਨ ਤੋਂ 30 ਜੂਨ ਤੱਕ ਬੰਦ ਰਹਿਣਗੇ। ਪੰਜਾਬ ਵਿਚ ਗਰਮੀਆਂ ਦੀਆਂ ਛੁੱਟੀਆਂ ਨੂੰ ਲੈ ਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਵਿਚ ਗਰਮੀ ਦੀ ਲਹਿਰ ਦੇ ਮੱਦੇਨਜ਼ਰ, ਸੂਬੇ ਦੇ ਸਾਰੇ ਸਰਕਾਰੀ, ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਨਿੱਜੀ ਸਕੂਲ 2 ਜੂਨ ਤੋਂ 30 ਜੂਨ, 2025 ਤੱਕ ਬੰਦ ਰਹਿਣਗੇ।

## ਸਰਹੱਦੀ ਪਿੰਡਾਂ ’ਚ ਅੱਜ ਵੀ ਡਰੋਨ ਮੂਵਮੈਂਟ ਜਾਰੀ

# ਪੰਜਾਬ ’ਚ ਹੈਰੋਇਨ ਦੀ ਆਮਦ ਘਟੀ ਪਰ ਰੁਕੀ ਨਹੀਂ

**ਅੰਮ੍ਰਿਤਸਰ, 26 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦੀ ਸਖ਼ਤੀ ਦੇ ਚਲਦੇ ਜਿਥੇ ਆਏ ਦਿਨ ਨਸ਼ਾ ਸਮੱਗਲਰਾਂ ਦੇ ਘਰਾਂ ’ਤੇ ਬੁਲਡੋਜ਼ਰ ਚਲਾਏ ਜਾ ਰਹੇ ਹੈ ਅਤੇ ਗੈਂਗਸਟਰਾਂ ਦੇ ਐਨਕਾਊਂਟਰ ਵੀ ਕੀਤੇ ਜਾ ਰਹੇ ਹਨ ਤਾਂ ਉਥੇ ਦੂਜੇ ਪਾਸੇ ਇਹ ਵੀ ਸੱਚ ਹੈ ਕਿ ਸਰਕਾਰ ਦੇ ਸਾਂਝੇ ਯਤਨਾਂ ਨਾਲ ਪਾਕਿਸਤਾਨ ’ਚੋਂ ਹੈਰੋਇਨ ਦੀ ਆਮਦ ਘੱਟ ਜ਼ਰੂਰ ਹੋਈ ਪਰ ਰੁਕੀ ਨਹੀਂ ਹੈ। ਆਏ ਦਿਨ ਪਾਕਿਸਤਾਨ ਤੋਂ ਸਟੇ ਅੰਮ੍ਰਿਤਸਰ ਦੇ 153 ਕਿਲੋਮੀਟਰ ਲੰਬੇ ਬਾਰਡਰ ’ਤੇ ਉਨ੍ਹਾਂ ਬਦਨਾਮ ਪਿੰਡਾਂ ’ਚ ਹੈਰੋਇਨ ਅਤੇ ਹਥਿਆਰਾਂ ਦੀ ਡ੍ਰੋਨਜ਼ ਰਾਹੀਂ ਸਪਲਾਈ ਕੀਤੀ ਜਾ ਰਹੀ ਹੈ ਜਿਸ ’ਚ ਆਏ ਦਿਨ ਡ੍ਰੋਨ ਮੂਵਮੈਂਟ ਹੋ ਰਹੀ ਹੈ ਅਤੇ ਭਾਰੀ ਮਾਤਰਾ ’ਚ ਰਿਕਵਰੀ ਵੀ ਹੋ ਰਹੀ ਹੈ। ਦੂਜੇ ਪਾਸੇ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਨਸ਼ਾ ਮੁਕਤੀ ਯਾਤਰਾਵਾਂ ਸਾਰੇ ਵਿਧਾਨ ਸਭਾ ਹਲਕਿਆਂ ’ਚ ਜਾਰੀ ਹੈ। ਭਾਰੀ ਗਿਣਤੀ ’ਚ ਲੋਕ ਇਨ੍ਹਾਂ



ਯਾਤਰਾਵਾਂ ’ਚ ਸ਼ਾਮਲ ਵੀ ਹੋ ਰਹੇ ਹਨ ਪਰ ਨਸ਼ਾ ਸਮੱਗਲਰਾਂ ਦੀ ਪੁਲਸ ਤੇ ਹੋਰ ਏਜੰਸੀਆਂ ਨੂੰ ਸੂਚਨਾ ਦੇਣ ਤੋਂ ਕਤਰਾ ਰਹੇ ਹਨ ਕਿਉਂਕਿ ਹੈਰੋਇਨ ਦੀ ਸਮੱਗਲਿੰਗ ਕਰਨ ਵਾਲੇ ਸਿਰਫ ਨਸ਼ਾ ਹੀ ਨਹੀਂ ਮੰਗਵਾ ਰਹੇ ਹਨ। ਸਗੋਂ ਪਾਕਿਸਤਾਨ ਤੋਂ ਅਤਿ -ਆਧੁਨਿਕ ਹਥਿਆਰ ਜਿਸ ’ਚ ਗਲਾਕ ਪਿਸਤੌਲ ਤੇ ਹੋਰ ਹਥਿਆਰਾਂ ਦੀ ਵੀ ਖੇਪ ਹਾਸਲ ਕਰ ਰਹੇ ਹਨ । ਇਨ੍ਹਾਂ ਹਥਿਆਰਾਂ ਦੀ ਵਰਤੋਂ ਟਾਰਗੇਟ ਕਿਲਿੰਗ ਲਈ ਵਰਤਿਆ ਜਾਏਗਾ ਅਜਿਹੇ ’ਚ ਕੋਈ ਵੀ ਵਿਅਕਤੀ ਨਸ਼ਾ ਸਮੱਗਲਰਾਂ ਦੀ ਸੂਚਨਾ ਦੇਣ ਤੋਂ ਪਹਿਲੇ ਹਜ਼ਾਰ ਵਾਰ ਸੋਚਦਾ ਹੈ। ਦੂਜੇ ਪਾਸੇ ਕੁਝ ਕਾਲੀ ਭੇਡਾਂ ਜੋ ਖਾਕੀ ਪਹਿਨ ਕੇ ਨਸ਼ਾ ਸਮੱਗਲਰਾਂ ਨਾਲ ਮਿਲੀਭੁਗਤ ਕੀਤੇ ਹੋਏ ਹੈ ਉਨ੍ਹਾਂ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ। ਕੇਂਦਰ ਤੇ ਸੂਬਾ ਸਰਕਾਰ ਵੱਲੋਂ ਸਾਰੇ ਸਰਹੱਦੀ ਪਿੰਡਾਂ ’ਚ ਵਿਲੇਜ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਪਰ ਇਨ੍ਹਾਂ ਕਮੇਟੀਆਂ ਨੂੰ ਹੋਰ ਵੱਧ ਮਜ਼ਬੂਤ ਕਰਨ ਦੀ ਲੋੜ ਹੈ। ਇਸ ਦੇ ਬਾਰੇ ’ਚ ਖੁਦ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੀ ਬੋਲ ਚੁੱਕੇ ਹਨ ਅਤੇ ਜ਼ਿਲ੍ਹੇ ਦੀ ਡਿਪਟੀ ਕਮਿਸ਼ਨਰ ਨੂੰ ਵੀ ਹੁਕਮ ਦਿੱਤੇ ਗਏ ਹਨ ਕਿ ਵਿਲੇਜ ਡਿਫੈਂਸ ਕਮੇਟੀਆਂ ਨੂੰ ਮਜ਼ਬੂਤ ਬਣਾਉਣ ’ਚ ਫੋਕਸ ਕੀਤਾ ਜਾਵੇ।

## 16 ਸੂਬਿਆਂ ਤੱਕ ਫੈਲਿਆ ਕੋਰੋਨਾ ਵਾਇਰਸ ਦਾ ਨਵਾਂ ਰੂਪ, ਲਗਾਤਾਰ ਵਧ ਰਹੇ ਨੇ ਮਰੀਜ਼, ਅਲਰਟ ਜਾਰੀ !

**ਨਵੀਂ ਦਿੱਲੀ, 26 ਮਈ (ਆਵਾਜ਼ਿ ਕੌਮ ਬਿਊਰੋ)**-ਕੋਰੋਨਾਵਾਇਰਸ ਇੱਕ ਵਾਰ ਫਿਰ ਦੇਸ਼ ਵਿੱਚ ਦਾਖਲ ਹੋ ਗਿਆ ਹੈ, ਜਿਸਦੀ ਨਿਗਰਾਨੀ ਸਿਹਤ ਮੰਤਰਾਲੇ ਦੇ ਨਾਲ-ਨਾਲ ਰਾਜ ਸਰਕਾਰਾਂ ਵੀ ਕਰ ਰਹੀਆਂ ਹਨ। ਸਿਹਤ ਮੰਤਰਾਲੇ ਵੱਲੋਂ ਸੋਮਵਾਰ ਨੂੰ ਜਾਰੀ ਕੀਤੇ ਗਏ ਤਾਜ਼ਾ ਅੰਕੜਿਆਂ ਅਨੁਸਾਰ, ਕੋਰੋਨਾ ਦੇ ਸਰਗਰਮ ਮਾਮਲਿਆਂ ਦੀ ਗਿਣਤੀ 1009 ਤੱਕ ਪਹੁੰਚ ਗਈ ਹੈ, ਜਿਨ੍ਹਾਂ ਵਿੱਚੋਂ 752 ਮਾਮਲਿਆਂ ਦੀ ਪੁਸ਼ਟੀ ਹਾਲ ਹੀ ਵਿੱਚ ਹੋਈ ਹੈ। ਪਿਛਲੇ ਦੋ ਹਫ਼ਤਿਆਂ ਤੋਂ, ਇਹ ਅੰਕੜਾ 257 ਦੱਸਿਆ ਜਾ ਰਿਹਾ ਸੀ, ਪਰ ਸੋਮਵਾਰ ਨੂੰ ਜਾਰੀ ਕੀਤੇ ਗਏ ਤਾਜ਼ਾ ਅੰਕੜਿਆਂ ਵਿੱਚ, ਮਾਮਲਿਆਂ ਵਿੱਚ ਵਾਧਾ ਹੋਇਆ ਹੈ। ਇਸ ਦੇ ਨਾਲ ਹੀ ਸਿਹਤ ਮੰਤਰਾਲੇ ਵੱਲੋਂ 7 ਮੌਤਾਂ ਦੀ ਪੁਸ਼ਟੀ ਵੀ ਕੀਤੀ ਗਈ ਹੈ। ਮਹਾਰਾਸ਼ਟਰ ਵਿੱਚ 4, ਕੇਰਲ ਵਿੱਚ 2 ਅਤੇ ਕਰਨਾਟਕ ਵਿੱਚ 1 ਵਿਅਕਤੀ ਦੀ ਮੌਤ ਹੋਈ ਹੈ। ਕੋਵਿਡ-19 ਦੇ ਤਾਜ਼ਾ ਮਾਮਲਿਆਂ ਦੀ ਗੱਲ ਕਰੀਏ ਤਾਂ ਕੇਰਲ ਵਿੱਚ ਸਭ ਤੋਂ ਵੱਧ ਨਵੇਂ ਮਾਮਲੇ ਸਾਹਮਣੇ ਆਏ ਹਨ। ਇੱਥੇ ਸਭ ਤੋਂ ਵੱਧ 430 ਸਰਗਰਮ ਮਾਮਲੇ ਦਰਜ ਕੀਤੇ ਗਏ ਹਨ। ਮਹਾਰਾਸ਼ਟਰ ਵਿੱਚ 209, ਦਿੱਲੀ ਵਿੱਚ 104, ਗੁਜਰਾਤ ਵਿੱਚ 83, ਤਾਮਿਲਨਾਡੂ ਵਿੱਚ 69 ਅਤੇ ਕਰਨਾਟਕ ਵਿੱਚ 47 ਸਰਗਰਮ ਮਾਮਲੇ ਹਨ। ਉੱਤਰ ਪ੍ਰਦੇਸ਼ ਵਿੱਚ 15, ਰਾਜਸਥਾਨ ਵਿੱਚ 13, ਪੱਛਮੀ ਬੰਗਾਲ ਵਿੱਚ 12, ਪੁਡੂਚੇਰੀ ਵਿੱਚ 9, ਹਰਿਆਣਾ ਵਿੱਚ 9, ਆਂਧਰਾ ਪ੍ਰਦੇਸ਼ ਵਿੱਚ 4, ਮੱਧ ਪ੍ਰਦੇਸ਼ ਵਿੱਚ 2, ਛੱਤੀਸਗੜ੍ਹ ਵਿੱਚ 1, ਗੋਆ ਵਿੱਚ 1 ਅਤੇ ਤੇਲੰਗਾਨਾ ਵਿੱਚ 1 ਸਰਗਰਮ ਮਾਮਲੇ ਪਾਏ ਗਏ ਹਨ। ਭਾਰਤ ਵਿੱਚ ਕੁੱਲ ਸਰਗਰਮ ਮਾਮਲਿਆਂ ਦੀ ਗਿਣਤੀ 1009 ਤੱਕ ਪਹੁੰਚ ਗਈ ਹੈ। ਅੰਡੇਮਾਨ ਅਤੇ ਨਿਕੋਬਾਰ, ਅਰੁਣਾਚਲ ਪ੍ਰਦੇਸ਼, ਅਸਾਮ, ਬਿਹਾਰ, ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ ਆਦਿ ਵਰਗੇ ਕੁਝ ਰਾਜਾਂ ਵਿੱਚ ਇਸ ਸਮੇਂ ਕੋਈ ਸਰਗਰਮ ਕੇਸ ਦਰਜ ਨਹੀਂ ਹੋਇਆ ਹੈ। ਸਿਹਤ ਮੰਤਰਾਲੇ ਦੇ ਅਧਿਕਾਰਤ ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਦੇ ਅਨੁਸਾਰ, ਹਾਲ ਹੀ ਵਿੱਚ ਨੈਸ਼ਨਲ ਸੈਂਟਰ ਫਾਰ ਡਿਜ਼ੀਜ਼ ਕੰਟਰੋਲ , ਐਮਰਜੈਂਸੀ ਮੈਡੀਕਲ ਰਿਲੀਫ ਡਿਵੀਜ਼ਨ, ਆਫ਼ਤ ਪ੍ਰਬੰਧਨ ਸੈੱਲ, ਇੰਡੀਅਨ ਕੌਂਸਲ ਆਫ਼ ਮੈਡੀਕਲ ਰਿਸਰਚ ਤੇ ਕੇਂਦਰ ਸਰਕਾਰ ਦੇ ਹਸਪਤਾਲਾਂ ਦੇ ਮਾਹਿਰਾਂ ਦੀ ਇੱਕ ਸਮੀਖਿਆ ਮੀਟਿੰਗ ਡਾਇਰੈਕਟਰ ਜਨਰਲ ਆਫ਼ ਹੈਲਥ ਸਰਵਿਸਿਜ਼ ਦੀ ਪ੍ਰਧਾਨਗੀ ਹੇਠ ਹੋਈ।

## ‘ਚਿੱਟਾ ਵੇਚਣੀ’ ਅਮਨਦੀਪ ਨੂੰ ਵਿਜੀਲੈਂਸ ਨੇ ਕੀਤਾ ਗ੍ਰਿ.ਫਤਾਰ, ਕਰੋੜ ਤੋਂ ਵੱਧ ਦਾ ਕਰਦੀ ਸੀ ਖ਼ਰਚਾ, ਕਿੱਥੋਂ ਹੁੰਦੀ ਕਮਾਈ, ਹੁਣ ਖੁੱਲ੍ਹਣਗੇ ਸਾਰੇ ਰਾਜ਼ !



**ਬਠਿੰਡਾ, 26 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਦੀ ਮੁਅੱਤਲ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਨੂੰ ਹੁਣ ਪੰਜਾਬ ਵਿਜੀਲੈਂਸ ਬਿਊਰੋ ਨੇ ਗ੍ਰਿਫ਼ਤਾਰ ਕਰ ਲਿਆ ਹੈ। ਇਹ ਸਾਰੀ ਕਾਰਵਾਈ ਬਠਿੰਡਾ ਜ਼ੋਨ ਵੱਲੋਂ ਕੀਤੀ ਗਈ ਹੈ। ਸੂਤਰਾਂ ਅਨੁਸਾਰ ਵਿਜੀਲੈਂਸ ਟੀਮ ਨੇ ਅੱਜ ਉਸਨੂੰ ਹਿਰਾਸਤ ਵਿੱਚ ਲੈ ਲਿਆ ਹੈ। ਉਸ ’ਤੇ ਆਪਣੀ ਆਮਦਨ ਤੋਂ ਵੱਧ ਜਾਇਦਾਦ ਰੱਖਣ ਤੇ ਸੰਭਾਵੀ ਭ੍ਰਿਸ਼ਟਾਚਾਰ ਦੇ ਦੋਸ਼ ਹਨ। ਇਸ ਵੇਲੇ ਉਹ ਡਰੱਗਜ਼ ਕੇਸ ਵਿੱਚ ਜ਼ਮਾਨਤ ’ਤੇ ਸੀ। ਅਮਨਦੀਪ ਕੌਰ ਨੂੰ ਹਾਲ ਹੀ ਵਿੱਚ ਨਸ਼ਿਆਂ ਨਾਲ ਸਬੰਧਤ ਇੱਕ ਮਾਮਲੇ ਵਿੱਚ ਜ਼ਮਾਨਤ ’ਤੇ ਰਿਹਾਅ ਕੀਤਾ ਗਿਆ ਸੀ। ਉਹ ਆਪਣੀ ਆਲੀਸ਼ਾਨ ਜੀਵਨ ਸ਼ੈਲੀ, ਰੋਲੈਕਸ ਘੜੀ, ਥਾਰ ਤੇ ਮਹਿੰਗੇ ਘਰ ਲਈ ਸੋਸ਼ਲ ਮੀਡੀਆ ’ਤੇ ਲਗਾਤਾਰ ਸੁਰਖੀਆਂ ਵਿੱਚ ਰਹਿੰਦੀ ਹੈ। ਇੱਕ ਹਾਲੀਆ ਇੰਟਰਵਿਊ ਵਿੱਚ, ਅਮਨਦੀਪ ਨੇ ਦਾਅਵਾ ਕੀਤਾ ਸੀ ਕਿ ਉਸਨੂੰ ਝੂਠੇ ਫਸਾਇਆ ਗਿਆ ਹੈ ਤੇ ਉਹ ਬੇਕਸੂਰ ਹੈ। ਪਰ ਵਿਜੀਲੈਂਸ ਵਿਭਾਗ ਨੂੰ ਉਸਦੇ ਖਿਲਾਫ ਕਈ ਸ਼ੱਕੀ ਵਿੱਤੀ ਲੈਣ-ਦੇਣ ਅਤੇ ਬੇਹਿਸਾਬ ਜਾਇਦਾਦਾਂ ਬਾਰੇ ਜਾਣਕਾਰੀ ਮਿਲੀ ਸੀ। ਵਿਜੀਲੈਂਸ ਰਿਕਾਰਡ ਅਨੁਸਾਰ, ਕੁਝ ਸਾਲਾਂ ਵਿੱਚ ਉਸਦੀ ਆਮਦਨ 1.08 ਕਰੋੜ ਰੁਪਏ ਹੋਣ ਦਾ ਅਨੁਮਾਨ ਸੀ ਪਰ ਜਦੋਂ ਵਿਜੀਲੈਂਸ ਨੇ ਹਿਸਾਬ ਲਗਾਉਣਾ ਸ਼ੁਰੂ ਕੀਤਾ ਤਾਂ ਖਰਚਾ 1.39 ਕਰੋੜ ਰੁਪਏ ਨਿਕਲਿਆ। ਮਿਲੀ ਜਾਣਕਾਰੀ ਅਨੁਸਾਰ ਅਮਨਦੀਪ ਕੌਰ ਨੂੰ ਅੱਜ ਆਮ ਪੁੱਛਗਿੱਛ ਦੇ ਬਹਾਨੇ ਬੁਲਾਇਆ ਗਿਆ ਸੀ। ਪਰ ਜਦੋਂ ਉਹ ਪਹੁੰਚੀ ਤਾਂ ਉਸਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਉਸਨੂੰ ਅੱਜ ਦੇਰ ਸ਼ਾਮ ਜਾਂ ਕੱਲ੍ਹ ਸਵੇਰੇ ਅਦਾਲਤ ਵਿੱਚ ਪੇਸ਼ ਕਰ ਸਕਦੀ ਹੈ ਅਤੇ ਉਸਦਾ ਰਿਮਾਂਡ ਪ੍ਰਾਪਤ ਕਰ ਸਕਦੀ ਹੈ। ਵਿਜੀਲੈਂਸ ਨੇ ਅਮਨਦੀਪ ਤੋਂ ਆਮਦਨ ਦਾ ਰਿਕਾਰਡ ਪ੍ਰਾਪਤ ਕਰਨਾ ਹੈ। ਵਿਜੀਲੈਂਸ ਜਾਣਨਾ ਚਾਹੁੰਦੀ ਹੈ ਕਿ ਇੱਕ ਕਾਂਸਟੇਬਲ ਲਈ ਇੰਨੀ ਵੱਡੀ ਕਮਾਈ ਕਿਵੇਂ ਸੰਭਵ ਹੋਈ। ਜਾਂਚ ਵਿੱਚ ਅਮਨਦੀਪ ਕੌਰ ਦੀਆਂ ਜਾਇਦਾਦਾਂ, ਬੈਂਕ ਖਾਤਿਆਂ ਅਤੇ ਕਥਿਤ ਸਬੰਧਾਂ ਦੀ ਵੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ।

## ਏਕੇ-47 ਲੈ ਕੇ 6 ਬੰਦੂਕਧਾਰੀਆਂ ਨਾਲ ਪਾਕਿਸਤਾਨ ਵਿੱਚ ਘੁੰਮ ਰਹੀ ਸੀ ਜੋਤੀ ! ਸਾਹਮਣੇ ਆਈ ਵੀਡੀਓ ਨੇ ਖੋਲ੍ਹ ਦਿੱਤੇ ਨਵੇਂ ਰਾਜ਼




**ਨਵੀਂ ਦਿੱਲੀ, 26 ਮਈ (ਆਵਾਜ਼ਿ ਕੌਮ ਬਿਊਰੋ)**-ਇੱਕ ਸਕਾਟਿਸ਼ ਕੰਟੈਂਟ ਕ੍ਰਿਏਟਰ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ ਜਿਸ ਵਿੱਚ ਪਾਕਿਸਤਾਨ ਲਈ ਜਾਸੂਸੀ ਕਰਨ ਦਾ ਦੋਸ਼ ਲੱਗਣ ਵਾਲੀ ਇੱਕ ਭਾਰਤੀ ਯੂਟਿਊਬਰ ਜੋਤੀ ਮਲਹੋਤਰਾ ਦਿਖਾਈ ਦੇ ਰਹੀ ਹੈ ਪਰ ਹੈਰਾਨੀ ਵਾਲੀ ਗੱਲ ਇਹ ਹੈ ਕਿ ਇਸ ਦੌਰਾਨ ਜੋਤੀ ਦੇ ਪਿੱਛੇ ਏ. ਕੇ.-47 ਵਾਲੇ ਕੁਝ ਸੁਰੱਖਿਆ ਕਰਮਚਾਰੀ ਵੀ ਦਿਖਾਈ ਦਿੰਦੇ ਹਨ, ਜੋ ਕਈ ਸਵਾਲ ਖੜ੍ਹੇ ਕਰ ਰਿਹਾ ਹੈ। ਇਸ ਵੀਡੀਓ ਕਾਰਨ ਜੋਤੀ ਮਲਹੋਤਰਾ ਦੇ ਪਾਕਿਸਤਾਨ ਕਨੈਕਸ਼ਨ ’ਤੇ ਫਿਰ ਸਵਾਲ ਖੜ੍ਹੇ ਹੋ ਗਏ ਹਨ। ਇਹ ਵੀਡੀਓ ਸਕਾਟਿਸ਼ ਯੂਟਿਊਬਰ ਕੈਲਮ ਦਾ ਹੈ, ਜਿਸ ਵਿੱਚ ਜੋਤੀ ਨੂੰ ਪਾਕਿਸਤਾਨ ਦੇ ਨਿਊ ਅਨਾਰਕਲੀ ਮਾਰਕੀਟ ਵਿੱਚ ਵਲੌਗਿੰਗ ਕਰਦੇ ਦੇਖਿਆ ਜਾ ਸਕਦਾ ਹੈ। ਪਰ ਹੈਰਾਨੀ ਵਾਲੀ ਗੱਲ ਇਹ ਹੈ ਕਿ ਇਸ ਦੌਰਾਨ ਜੋਤੀ ਦੇ ਨਾਲ ਛੇ ਤੋਂ ਸੱਤ ਲੋਕ ਦਿਖਾਈ ਦਿੰਦੇ ਹਨ, ਜਿਨ੍ਹਾਂ ਨੂੰ ਪਾਕਿਸਤਾਨੀ ਸੁਰੱਖਿਆ ਕਰਮਚਾਰੀ ਦੱਸਿਆ ਜਾਂਦਾ ਹੈ। ਇਨ੍ਹਾਂ ਲੋਕਾਂ ਦੇ ਹੱਥਾਂ ਵਿੱਚ ਏ. ਕੇ.-47 ਵਰਗੇ ਹਥਿਆਰ ਹਨ ਤੇ ਇਹ ਸਾਰੇ ਅਰਧ-ਰਸਮੀ ਕੱਪੜਿਆਂ ਵਿੱਚ ਦਿਖਾਈ ਦੇ ਰਹੇ ਹਨ। ਵੀਡੀਓ ਵਿੱਚ ਸਾਫ਼ ਦੇਖਿਆ ਜਾ ਸਕਦਾ ਹੈ ਕਿ ਇਹ ਸਾਰੇ ਗਾਰਡ ਜੋਤੀ ਨੂੰ ਵੀਆਈਪੀ ਵਰਗੀ ਸੁਰੱਖਿਆ ਪ੍ਰਦਾਨ ਕਰ ਰਹੇ ਹਨ। ਇਨ੍ਹਾਂ ਬੰਦੂਕਧਾਰੀਆਂ ਦੁਆਰਾ ਪਹਿਨੀਆਂ ਗਈਆਂ ਜੈਕਟਾਂ ’ਤੇ ‘No Fear’ ਲਿਖਿਆ ਹੋਇਆ ਹੈ। ਵੀਡੀਓ ਵਿੱਚ, ਸਕਾਟਿਸ਼ ਯੂਟਿਊਬਰ ਕੈਲਮ ਨੇ ਆਪਣੀ ਹੈਰਾਨੀ ਪ੍ਰਗਟ ਕੀਤੀ ਤੇ ਕਿਹਾ ਕਿ ਉਹ ਇੱਕ ਆਮ ਯੂਟਿਊਬਰ ਲਈ ਇੰਨੀ ਭਾਰੀ ਸੁਰੱਖਿਆ ਦੇਖ ਕੇ ਹੈਰਾਨ ਹੈ। ਉਸਨੇ ਕਿਹਾ ਕਿ ਇੰਨੀਆਂ ਬੰਦੂਕਾਂ ਦੀ ਲੋੜ ਕਿਉਂ ਹੈ ? ਦੇਖੋ ਕਿਵੇਂ ਉਹ ਬੰਦੂਕਧਾਰੀਆਂ ਨਾਲ ਘਿਰੀ ਹੋਈ ਹੈ। ਵੀਡੀਓ ਸਾਹਮਣੇ ਆਉਣ ਤੋਂ ਬਾਅਦ, ਸਵਾਲ ਇਹ ਉੱਠਦਾ ਹੈ ਕਿ ਕੀ ਜੋਤੀ ਸਿਰਫ਼ ਇੱਕ ਟ੍ਰੈਵਲ ਵਲੌਗਰ ਹੈ ਜਾਂ ਉਸਦੇ ਪਿੱਛੇ ਕੋਈ ਹੋਰ ਏਜੰਡਾ ਹੈ ? ਆਖ਼ਿਰਕਾਰ, ਜੋਤੀ ਨੂੰ ਪਾਕਿਸਤਾਨ ਵਿੱਚ ਇੰਨੀ ਉੱਚ-ਪ੍ਰੋਫਾਈਲ ਸੁਰੱਖਿਆ ਦੀ ਲੋੜ ਕਿਉਂ ਪਈ ? ਇਹ ਸਵਾਲ ਵੀ ਉੱਠਦਾ ਹੈ ਕਿ ਕੀ ਵੀਡੀਓ ਵਿੱਚ ਦਿਖਾਈ ਦੇਣ ਵਾਲੇ ਸੁਰੱਖਿਆ ਕਰਮਚਾਰੀ ਅਸਲ ਵਿੱਚ ਸਰਕਾਰੀ ਏਜੰਸੀਆਂ ਦੇ ਹਨ ਜਾਂ ਉਹ ਨਿੱਜੀ ਬਾਊਂਸਰ ਹਨ ਜਿਨ੍ਹਾਂ ਨੂੰ ਸਿਰਫ਼ ਦਿਖਾਵੇ ਲਈ ਤਾਇਨਾਤ ਕੀਤਾ ਗਿਆ ਹੈ ? ਤੁਹਾਨੂੰ ਦੱਸ ਦੇਈਏ ਕਿ ਜੋਤੀ ਮਲਹੋਤਰਾ ਨੂੰ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਵਿੱਚ ਹਰਿਆਣਾ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।

## ਬਠਿੰਡਾ ਪੁਲਿਸ ਹਿਰਾਸਤ ’ਚ ਨੌਜਵਾਨ ਦੀ ਸ਼ੱਕੀ ਹਾਲਾਤ ’ਚ ਹੋਈ ਮੌਤ, 4 ਮੁਲਾਜ਼ਮਾਂ ਸਮੇਤ 2 ਲੋਕਾਂ ਖਿਲਾ.ਫ ਕੇਸ ਦਰਜ

**ਬਠਿੰਡਾ, 26 ਮਈ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਵਿਖੇ ਸ਼ੱਕ ਦੇ ਅਧਾਰ ’ਤੇ ਸੀਆਈਏ ਸਟਾਫ 2 ਵੱਲੋਂ ਹਿਰਾਸਤ ਵਿੱਚ ਲਏ ਗਏ ਨੌਜਵਾਨ ਦੀ ਸ਼ੱਕੀ ਹਾਲਾਤਾਂ ਵਿੱਚ ਮੌਤ ਹੋਣ ਦਾ ਮਾਮਲਾ ਗਰਮਾਉਂਦਾ ਜਾ ਰਿਹਾ ਹੈ। ਮ੍ਰਿਤਕ ਨੌਜਵਾਨ ਦੇ ਪਰਿਵਾਰ ਨੇ ਪੁਲਿਸ ਤੇ ਨੌਜਵਾਨ ਤੇ ਤਸ਼ੱਦਦ ਕਰਕੇ ਮਾਰਨ ਦੇ ਗੰਭੀਰ ਦੋਸ਼ ਲਗਾਏ ਹਨ ਅਤੇ ਇਸ ਮਾਮਲੇ ਵਿੱਚ ਇਨਸਾਫ ਦੀ ਮੰਗ ਕੀਤੀ ਹੈ। ਜਦੋਂ ਕਿ ਪੁਲਿਸ ਨੇ ਇਸ ਮਾਮਲੇ ਵਿੱਚ ਪਹਿਲਾਂ ਇੱਕ ਪੁਲਿਸ ਕਰਮਚਾਰੀ ਸਣੇ ਤਿੰਨ ਲੋਕਾਂ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਸੀ ਤੇ ਹੁਣ ਪੁਲਿਸ ਦੇ ਤਿੰਨ ਹੋਰ ਮੁਲਾਜ਼ਮਾਂ ਨੂੰ ਇਸ ਮਾਮਲੇ ਵਿੱਚ ਨਾਮਜਦ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ, ਇਸ ਘਟਨਾ ਦੇ ਚਲਦਿਆਂ ਪੁਲਿਸ ਦੀ ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦੇ ਉੱਤੇ ਸਵਾਲ ਖੜੇ ਕੀਤੇ ਜਾ ਰਹੇ ਹਨ। ਜਾਣਕਾਰੀ ਅਨੁਸਾਰ ਇਸ ਮਾਮਲੇ ਵਿੱਚ ਪਹਿਲਾਂ ਨਾਮ ਜਦ ਵਿਅਕਤੀ ਗਗਨਦੀਪ ਸਿੰਘ ਵਾਸੀ ਗੁਰੂ ਗੋਬਿੰਦ ਸਿੰਘ ਨਗਰ ਬਠਿੰਡਾ ਵੱਲੋਂ ਇੱਕ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਕੀਤੀ ਗਈ ਸੀ, ਜਿਸ ਵਿੱਚ ਉਸਨੇ ਸੀਆਈਏ ਸਟਾਫ 02 ਦੇ ਕੁਝ ਕਰਮਚਾਰੀਆਂ ਤੇ ਉਸ ਦੇ ਦੋਸਤ ਮ੍ਰਿਤਕ ਨਰਿੰਦਰ ਸਿੰਘ ਵਾਸੀ ਗੋਨਿਆਣਾ ਨੂੰ ਟਾਰਚਰ ਕਰਨ ਦੇ ਗੰਭੀਰ ਇਲਜ਼ਾਮ ਲਾਏ ਸਨ ਅਤੇ ਗੰਭੀਰ ਹਾਲਤ ਵਿੱਚ ਨਰਿੰਦਰ ਸਿੰਘ ਨੂੰ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਾਉਣ ਅਤੇ ਉਸ ਤੇ ਦਬਾਅ ਪਾ ਕੇ ਬਿਆਨ ਬਦਲਣ ਦੇ ਦੋਸ਼ ਲਗਾਏ ਗਏ ਸਨ। ਵੀਡੀਓ ਵਾਇਰਲ ਹੋਣ ਤੋਂ ਬਾਅਦ ਪੁਲਿਸ ਵੱਲੋਂ ਜਦੋਂ ਇਸ ਮਾਮਲੇ ਦੀ ਪੜਤਾਲ ਕੀਤੀ ਗਈ ਤਾਂ ਵੀਡੀਓ ਬਣਾਉਣ ਵਾਲੇ ਗਗਨਦੀਪ ਸਿੰਘ ਸਣੇ ਪੁਲਿਸ ਕਰਮਚਾਰੀ ਅਵਤਾਰ ਸਿੰਘ ਅਤੇ ਹੈਪੀ ਲੁਥਰਾ ਨਾਮਕ ਵਿਅਕਤੀ ਖਿਲਾਫ ਗੈਰ ਇਰਾਦਾ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ। ਪਰ ਇਸ ਮਾਮਲੇ ਵਿੱਚ ਪਰਿਵਾਰ ਵੱਲੋਂ ਪੁਲਿਸ ਤੇ ਗੰਭੀਰ ਦੋਸ਼ ਲਗਾਉਂਦਿਆਂ ਉਹਨਾਂ ਦੇ ਪੁੱਤਰ ਨੂੰ ਟੋਰਚਰ ਕਰਕੇ ਮਾਰਨ ਦੇ ਦੋਸ਼ ਲਗਾਏ ਗਏ। ਮ੍ਰਿਤਕ ਦੇ ਪਰਿਵਾਰ ਨੇ ਕਿਹਾ ਕਿ ਪੁਲਿਸ ਨੇ ਆਪਣੀ ਨਸ਼ੇ ਵਿਰੁੱਧ ਚਲਾਈ ਮੁਹਿੰਮ ਯੁੱਧ ਨਸ਼ੇ ਵਿਰੁੱਧ ਵਿੱਚ ਆਪਣੀ ਪ੍ਰਾਪਤੀ ਦਿਖਾਉਣ ਲਈ ਬੇਕਸੂਰੇ ਨੌਜਵਾਨਾਂ ਨੂੰ 1984 ਦੀ ਤਰ੍ਹਾਂ ਚੁੱਕ ਕੇ ਮਾਰ ਰਹੀ ਹੈ। ਉਨ੍ਹਾਂ ਕਿਹਾ ਕਿ ਉਹਨਾਂ ਦੇ ਪੁੱਤਰ ਦਾ ਕਤਲ ਕਰਕੇ ਉਸ ਨੂੰ ਐਕਸੀਡੈਂਟ ਦਿਖਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੁਲਿਸ ਨੇ ਜਿੰਨਾ ਚਾਰ ਸੀਆਈਏ ਸਟਾਫ 02 ਦੇ ਮੁਲਾਜ਼ਮਾਂ ਖਿਲਾਫ ਮਾਮਲਾ ਦਰਜ ਕੀਤਾ ਹੈ ਉਹਨਾਂ ਤੋਂ ਪੁੱਛਗਿੱਛ ਕੀਤੀ ਜਾਵੇ ਤਾਂ ਜੋ ਹੋਰ ਵੀ ਵਿਅਕਤੀ ਜੇਕਰ ਸ਼ਾਮਿਲ ਹੈ, ਉਸ ਖਿਲਾਫ ਵੀ ਕਾਰਵਾਈ ਕੀਤੀ ਜਾਵੇ। ਮ੍ਰਿਤਕ ਦੀ ਪਤਨੀ ਨੇ ਦੱਸਿਆ ਕਿ ਉਹਨਾਂ ਦੇ ਪਤੀ ਦਾ ਪੱਗ ਨਾਲ ਗਲਾ ਘੋਟ ਕੇ ਕਰੰਟ ਲਗਾ ਕੇ ਉਸਦੇ ਪਤੀ ਨੂੰ ਬੇਰਹਿਮੀ ਨਾਲ ਮਾਰਿਆ ਗਿਆ। ਉਧਰ, ਦੂਜੇ ਪਾਸੇ ਨਰਿੰਦਰ ਸਿੰਘ ਐਸਪੀ ਸਿਟੀ ਬਠਿੰਡਾ ਪੁਲਿਸ ਨੇ ਇਸ ਮਾਮਲੇ ਵਿੱਚ ਕਿਹਾ ਕਿ ਭਾਵੇਂ ਕਿ ਪਹਿਲਾਂ ਇੱਕ ਪੁਲਿਸ ਮੁਲਾਜ਼ਮ ਅਤੇ ਦੋ ਹੋਰ ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਸੀ ਪਰ ਹੁਣ ਪੁਲਿਸ ਨੇ ਇਸ ਮਾਮਲੇ ਜਾਂਚ ਪੜਤਾਲ ਤੋਂ ਬਾਅਦ ਤਿੰਨ ਹੋਰ ਪੁਲਿਸ ਮੁਲਾਜ਼ਮਾਂ ਨੂੰ ਨਾਮਜਦ ਕਰ ਦਿੱਤਾ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

- ਭਾਈ ਬਲਜੀਤ ਸਿੰਘ ਕੰਗ/Bhai Baljit Singh Kang


+44 7780 605230

- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

**ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ**

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2025 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- 1 ਮਈ ਵੀਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ
- 2 ਮਈ ਸ਼ੁੱਕਰਵਾਰ — ਜੱਫਰਵਾਲ — ਸ਼ਾਮ 6 ਤੋਂ 8 ਵਜੇ ਤੱਕ
- 3 ਮਈ ਸ਼ਨੀਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ — ਸ਼ਾਮ 6 ਤੋਂ 8 ਵਜੇ ਤੱਕ
- 4 ਮਈ ਐਤਵਾਰ — ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ — ਸ਼ਾਮ 6 ਤੋਂ 8 ਵਜੇ ਤੱਕ
- 5 ਮਈ ਸੋਮਵਾਰ — ਸੱਦਾਰੰਗ — ਸ਼ਾਮ 6 ਤੋਂ 8 ਵਜੇ ਤੱਕ
- 6 ਮਈ ਮੰਗਲਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ
- 7 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ
- 8 ਮਈ ਵੀਰਵਾਰ — ਬਾਬੋਵਾਲ — ਸ਼ਾਮ 6 ਤੋਂ 8 ਵਜੇ ਤੱਕ
- 9 ਮਈ ਸ਼ੁੱਕਰਵਾਰ — ਭਲਾਈਪੁਰ ਪੁਰਬਾ — ਸ਼ਾਮ 6 ਤੋਂ 8 ਵਜੇ ਤੱਕ
- 10 ਮਈ ਸ਼ਨੀਵਾਰ — ਗੁ: ਕੰਧ ਸਾਹਿਬ ਬਟਾਲਾ — ਸ਼ਾਮ 6 ਤੋਂ 8 ਵਜੇ ਤੱਕ
- 11 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ
- 12 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ
- 13 ਮਈ ਮੰਗਲਵਾਰ — ਸੂਸਾ — ਸ਼ਾਮ 6 ਤੋਂ 8 ਵਜੇ ਤੱਕ
- 14 ਮਈ ਬੁੱਧਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ
- 15 ਮਈ ਵੀਰਵਾਰ — ਚੌਣੇ — ਸ਼ਾਮ 6 ਤੋਂ 8 ਵਜੇ ਤੱਕ
- 16 ਮਈ ਸ਼ੁੱਕਰਵਾਰ — ਨਵਾਂ ਪਿੰਡ — ਸ਼ਾਮ 6 ਤੋਂ 8 ਵਜੇ ਤੱਕ
- 17 ਮਈ ਸ਼ਨੀਵਾਰ — ਗੁ: ਸੰਗਤਪੁਰਾ ਬਥਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ
- 18 ਮਈ ਐਤਵਾਰ — ਧਰਮੂਚੱਕ — ਸ਼ਾਮ 6 ਤੋਂ 8 ਵਜੇ ਤੱਕ
- 19 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ
- 20 ਮਈ ਮੰਗਲਵਾਰ — ਉੱਦੋ ਨੰਗਲ ਖੁਰਦ — ਸ਼ਾਮ 6 ਤੋਂ 8 ਵਜੇ ਤੱਕ
- 21 ਮਈ ਬੁੱਧਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ
- 22 ਮਈ ਵੀਰਵਾਰ — ਢਪਈਆ — ਸ਼ਾਮ 6 ਤੋਂ 8 ਵਜੇ ਤੱਕ
- 23 ਮਈ ਸ਼ੁੱਕਰਵਾਰ — ਵੀਲਾ/ਮੀਕੇ — ਸ਼ਾਮ 6 ਤੋਂ 8 ਵਜੇ ਤੱਕ
- 24 ਮਈ ਸ਼ਨੀਵਾਰ — ਬੁਤਾਲਾ — ਸ਼ਾਮ 6 ਤੋਂ 8 ਵਜੇ ਤੱਕ
- 25 ਮਈ ਐਤਵਾਰ — ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ; ਚੌਧਰੀਵਾਲ ਸ਼ਾਮ 7 ਤੋਂ 9 ਵਜੇ ਤੱਕ
- 26 ਮਈ ਸੋਮਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ
- 27 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ
- 28 ਮਈ ਬੁੱਧਵਾਰ — ਗੁ: ਰਾਮ ਥੰਮਣ ਸਾਹਿਬ ਮਨੇਸ਼ — ਸ਼ਾਮ 6 ਤੋਂ 8 ਵਜੇ ਤੱਕ
- 29 ਮਈ ਵੀਰਵਾਰ — ਮੈਹਣੀਆ ਕੁਹਾਰਾ — ਸ਼ਾਮ 6 ਤੋਂ 8 ਵਜੇ ਤੱਕ
- 30 ਮਈ ਸ਼ੁੱਕਰਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ
- 31 ਮਈ ਸ਼ਨੀਵਾਰ — ਚਾਟੀਵਿੰਡ — ਸ਼ਾਮ 6 ਤੋਂ 8 ਵਜੇ ਤੱਕ

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 95171-76191, 84376-91626



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋੜੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



## ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778





ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਨਿਰਮਲ ਸੰਪਰਦਾਏ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਭਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਭੋਹਣ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸ. ਹਰਮੀਤ ਸਿੰਘ ਕਾਲਕਾ, ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਹਰਿਆਣਾ
ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ
ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰ-ਏ-ਪੰਜਾਬ ਅਕਾਲੀ ਦਲ
ਭਾਈ ਮੋਹਕਮ ਸਿੰਘ ਜੀ ਦਮਦਮੀ ਟਕਸਾਲ ਵਾਲੇ
ਭਾਈ ਮੁਖਤਿਆਰ ਸਿੰਘ ਜੀ ਮੁਖੀ ਦਮਦਮੀ ਟਕਸਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਜਥੇਦਾਰ ਬੂਟਾ ਸਿੰਘ ਰਣਸੀਂਹ ਸ਼ੇਰ-ਏ-ਪੰਜਾਬ ਅਕਾਲੀ ਦਲ
ਜਥੇਦਾਰ ਸਤਨਾਮ ਸਿੰਘ ਜੀ ਮਨਾਵਾਂ
ਜਥੇਦਾਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ
ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ
ਸ. ਤਰਸੇਮ ਸਿੰਘ (ਪਿਤਾ ਜੀ) ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ
ਭਾਈ ਬਲਵਿੰਦਰ ਸਿੰਘ ਲੋਕ ਅਧਿਕਾਰ ਲਹਿਰ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਸੰਤ ਬਾਬਾ ਗੁਰਦੇਵ ਸਿੰਘ ਜੀ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਜਥੇਦਾਰ ਬਾਬਾ ਨਾਗਰ ਸਿੰਘ ਜੀ ਤਰਨਾ ਦਲ ਹਰੀਆਂ ਵੇਲਾਂ
ਜਥੇਦਾਰ ਬਾਬਾ ਜਗਜੀਤ ਸਿੰਘ ਜੀ ਗੁਰੂ ਨਾਨਕ ਦਲ ਮੜੀਆਂ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਜਥੇਦਾਰ ਬਾਬਾ ਹਰੀ ਸਿੰਘ ਜੀ ਹਰੀ ਸਿੰਘ ਨਲੂਆ ਦਲ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਕੈਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਅਰਬਾਂ ਖਰਬਾਂ ਵਾਲੇ
ਜਥੇਦਾਰ ਬਾਬਾ ਕੁਲਵਿੰਦਰ ਸਿੰਘ ਜੀ ਚਮਕੌਰ ਸਾਹਿਬ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ । ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ । ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


GURDWARA BABA SANG JI
SMETHWICK, BIRMINGHAM
6TH - 8TH JUNE
8th June ਅੰਮ੍ਰਿਤ ਸੰਚਾਰ (12PM)
AMRIT SANCHAR
FOR ALL THOSE WHO SACRIFICED THEIR LIVES FOR OUR FUTURE
Naujawan Sewak Sabha Birmingham UK
COMMEMORATING THE SHAHEEDI DIVAS OF
DHAN DHAN SRI GURU ARJAN DEV MAHARAJ JI
AND ALL SHAHEEDS OF JUNE 1984
Arambh Sri Akhand Path Sahib : Friday 6th June 2025 (11AM)
Bhog Sri Akhand Path Sahib : Sunday 8th June 2025 (10AM)
ਮਹਾਨ ਅੰਮ੍ਰਿਤ ਸੰਚਾਰ
MAHAAN AMRIT SANCHAR
Sunday 8th June 2025 (12PM)
Kakaars will be provided by
GURDWARA BABA SANG JI SMETHWICK, BIRMINGHAM
7-9 St Paul's Rd, Smethwick B66 1EE
For more information contact:
Devinder Singh:
07452 765165
Manjinder Singh:
07848460728
Design & Printed by Star Signs & Displays - 0121 572 0909
ਆਵਾਜ਼ਿ ਕੌਮ
AWAZE QAUM
International Newspaper & WEB TV

IT IS WITH OUR DEEPEST SORROW, THAT WE WOULD LIKE TO INFORM YOU OF THE PASSING OF

# Mr Teja Singh Sandhu

Husband of the late Mrs Kulwant Kaur Sandhu



ਆਵਾਜ਼ਿ ਕੌਮ AWAZE QAUM International Newspaper & WEB TV

## on Friday 16th May 2025

You are welcome to pay respects at 511 Brook Lane, B13 0BU on Saturday 24th May 2025 and Sunday 25th May 2025 between 10.30am-7pm

## Funeral Service Details:

## Tuesday May 27th 2025

Arrival of the hearse at residence: 10.15am
Departure of cortège: 11.00am

**511 Brook Lane, Kings Heath, B13 0BU**

Cremation service at 11.30am

**Robin Hood Cemetery, Streetsbrook Road, Shirley, B90 3NL**

Bhog Ceremony at Guru Nanak Gurdwara: 12.30pm, Hall 2, First Floor

**629-631, Stratford Road, Birmingham, B11 4LS**

To attend virtually: https://watch.obitus.com
Username duja7937
Password 192142


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96ਵੀਂ ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਸੰਤ ਬਾਬਾ ਜਗਜੀਤ ਸਿੰਘ ਜੀ ਸੰਪਰਦਾਇ ਹਰਖੋਵਾਲ ਵਾਲੇ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ
ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ
ਸੰਤ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ
ਸੰਤ ਬਾਬਾ ਬਲਦੇਵ ਸਿੰਘ ਜੀ ਜੋਗੇਵਾਲ ਵਾਲੇ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਨਿਰਮਲ ਸੰਪਰਦਾਇ
ਸੰਤ ਬਾਬਾ ਅਵਤਾਰ ਸਿੰਘ ਜੀ ਧੁਲਕੋਟ ਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਜਥੇਦਾਰ ਬਾਬਾ ਨਾਗਰ ਸਿੰਘ ਜੀ ਤਰਨਾ ਦਲ ਹਰੀਆਂ ਵੇਲਾਂ
ਜਥੇਦਾਰ ਬਾਬਾ ਜਗਜੀਤ ਸਿੰਘ ਜੀ ਗੁਰੂ ਨਾਨਕ ਦਲ ਮੜੀਆਂ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ



## 2 ਜੂਨ ਨੂੰ ਪਿੰਡ ਰੋਡੇ ਪਹੁੰਚੋ

ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ

ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ

**ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼**



ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ



ਸੰਤ ਬਾਬਾ ਜਗਜੀਤ ਸਿੰਘ ਸੰਪਰਦਾਇ ਹਰਖੋਵਾਲ ਵਾਲੇ | ਬਾਬਾ ਕਮਲਜੀਤ ਸਿੰਘ ਸ਼ਾਸਤਰੀ ਜੀ ਨਿਰਮਲ ਸੰਪਰਦਾਇ ਸੁਖਾਨੰਦ ਵਾਲੇ | ਸੰਤ ਬਾਬਾ ਪ੍ਰਦੀਪ ਸਿੰਘ ਜੀ ਗਊਸ਼ਾਲਾ ਬੱਧਨੀ ਕਲਾਂ ਵਾਲੇ | ਬਾਬਾ ਗਗਨਦਾਸ ਜੀ ਗਊਸ਼ਾਲਾ ਕੋਟ ਸੁਖੀਆ ਵਾਲੇ | ਸੰਤ ਬਾਬਾ ਰਾਮ ਸਿੰਘ ਜੀ ਧਰਮਕੋਟ ਵਾਲੇ | ਬਾਬਾ ਅਮਰਜੀਤ ਸਿੰਘ ਜੀ ਧਰਮਕੋਟ ਵਾਲੇ | ਬਾਬਾ ਮੰਗਾ ਸਿੰਘ ਜੀ ਢੋਲੇਵਾਲ ਵਾਲੇ



ਸੰਤ ਬਾਬਾ ਜਸਵਿੰਦਰ ਸਿੰਘ ਜੀ ਜੰਡਸਰ ਸਾਹਿਬ ਵਾਲੇ | ਭਾਈ ਹਰਗੋਪਾਲ ਸਿੰਘ ਜੀ ਮਟਵਾਣੀ ਵਾਲੇ | ਸੰਤ ਬਾਬਾ ਰਮਨਦੀਪ ਸਿੰਘ ਜੀ ਮੰਡੀਰਾਂ ਵਾਲੇ | ਸੰਤ ਬਾਬਾ ਸੋਹਣ ਸਿੰਘ ਜੀ ਖੁਸ਼ਦਿਲ (ਅਰਨੀਵਾਲਾ) | ਸੰਤ ਬਾਬਾ ਗੁਰਸੇਵਕ ਸਿੰਘ ਜੀ ਢਿੱਲਵਾਂ | ਸੰਤ ਬਾਬਾ ਬਲਵਿੰਦਰ ਸਿੰਘ ਜੀ ਖੁਮਾਣੀਸਰ | ਬਾਬਾ ਭੋਲਾ ਸਿੰਘ ਜੀ ਬੱਢੂਵਾਲ ਵਾਲੇ

ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।

ਸੰਪਰਕ : 98140-29018, 97815-52538, 98140-13915



## ਸੱਦਾ ਪੱਤਰ

**ਅਕਾਲੀ ਦਲ ਬਚਾਉਣਾ ਹੈ , ਪੰਥ ਦੀ ਝੋਲੀ ਪਾਉਣਾ ਹੈ**

**ਪੰਥਕ ਇਕੱਤਰਤਾ**

29 ਮਈ , 2025 ਦਿਨ ਵੀਰਵਾਰ

ਸਮਾਂ - ਸ਼ਾਮ 5 ਵਜੇ

SCO ਨੰਬਰ 23 , ਕਬੀਰ ਪਾਰਕ ਮਾਰਕਿਟ

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਹਮਣੇ

**ਸ੍ਰੀ ਅੰਮ੍ਰਿਤਸਰ ਸਾਹਿਬ**

ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ

**ਗਿਆਨੀ ਹਰਪ੍ਰੀਤ ਸਿੰਘ** (ਜੱਥੇਦਾਰ ਸਾਹਿਬਾਨ)

**ਬੀਬੀ ਸਤਵੰਤ ਕੌਰ** (ਮੈਂਬਰ, ਪੰਜ ਮੈਂਬਰੀ ਕਮੇਟੀ)

**ਅਜੇਪਾਲ ਸਿੰਘ ਬਰਾੜ** (ਪ੍ਰਧਾਨ ਮਿਸਲ ਸਤਲੁਜ)

**ਦਵਿੰਦਰ ਸਿੰਘ ਸੇਖੋਂ** (ਜਰਨਲ ਸਕੱਤਰ, ਮਿਸਲ ਸਤਲੁਜ)

**ਪਰਮਪਾਲ ਸਿੰਘ ਸਭਰਾ** (ਸਿੱਖ ਅਲਾਇੰਸ)

ਮਿਸਲ ਸਤਲੁਜ

ਆਪ ਜੀ ਨੂੰ ਬੇਨਤੀ ਹੈ ਕਿ ਇਸ ਪੰਥਕ ਇਕੱਠ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਬੀਬੀ ਜਸਮੀਤ ਕੌਰ ਛੀਨਾ 98559-73085

ਹੁਸਨਦੀਪ ਸਿੰਘ ਗਿੱਲ 98882-80432

ਜਗਤਾਰ ਸਿੰਘ ਗਿੱਲ 98763-41981



ਆਵਾਜ਼ਿ ਕੌਮ AWAZE QAUM International Newspaper & WEB TV



### ਗੁਰੂ ਸਵਾਰੀ ਸੰਗਤ ਜੀਓ,

### ਵਾਹਿਗੁਰੂ ਜੀ ਕਾ ਖਾਲਸਾ

### ਵਾਹਿਗੁਰੂ ਜੀ ਕਈ ਫਤਿਹ ਜੀ

ਸਮੂਹ ਸੰਗਤ ਨੂੰ ਬੇਨਤੀ ਹੈ ਜੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਅਨੁਸਾਰ ਸ਼ੁਰੂ ਹੋਈ ਭਰਤੀ ਦੀ ਮਹਿੰਮ ਨੂੰ ਮਾਝੇ ਵਿੱਚ ਜ਼ੋਰ- ਸ਼ੋਰ ਨਾਲ ਚਲਾਉਣ ਲਈ ਮਿਤੀ 29 ਮਈ ਨੂੰ ਮਿਸਲ ਸਤਲੁਜ ਵੱਲੋਂ ਮਿਸਲ ਦੇ ਦਫ਼ਤਰ, ਕਬੀਰ ਪਾਰਕ ਮਾਰਕੀਟ ਵਿੱਚ ਸ਼ਾਮ 4 ਵਜੇ ਤੋਂ 7 ਵਜੇ ਤੱਕ ਇੱਕ ਪੰਥਕ ਇਕੱਠ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਆਪ ਸਭ ਨੂੰ ਹੁੰਮ -ਹੁਮਾ ਕੇ ਪਹੁੰਚਣ ਦੀ ਅਪੀਲ ਹੈ ਜੀ, ਆਪ ਜੀਆਂ ਦੀ ਹਾਜ਼ਰੀ ਇਸ ਨਵੇਂ ਬਣ ਰਹੇ ਅਕਾਲੀ ਦਲ ਨੂੰ ਪੰਥਕ ਕਦਰਾਂ ਕੀਮਤਾਂ ਤੇ ਪੂਰਾ ਉਤਰਨ ਲਈ ਅਤੇ ਅਸਮਾਨ ਦੀਆਂ ਬੁਲੰਦੀਆਂ ਨੂੰ ਛੂਹਣ ਵਿੱਚ ਅਤਿਅੰਤ ਸਹਾਈ ਹੋਵੇਗੀ ✦ ਆਸ ਕਰਦੇ ਹਾਂ ਹਰੇਕ ਮਾਈ - ਭਾਈ ਜੋ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੂੰ ਸਮਰਪਿਤ ਹੈ ਅਤੇ ਸਿੱਖੀ ਸਿਧਾਂਤਾਂ ਤੇ ਡਟ ਕੇ ਪਹਿਰਾ ਦੇਣ ਦਾ ਇੱਛੁਕ ਹੈ ਜਰੂਰ ਹੀ ਇਸ ਸਮਾਗਮ ਵਿੱਚ ਦਰਸ਼ਣ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

--✶ ਧੰਨਵਾਦ ਸਹਿਤ ✶--

**ਸੇਵਾਦਾਰ : ਜਸਮੀਤ ਕੌਰ ਛੀਨਾ**

9855973085

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ

**ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ**

**ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ**



ਜਦੋਂ ਵੀ ਪੰਥ ਦੇ ਸਿਰਮੌਰ ਸ਼ਹੀਦ, ਸੁਯੋਗ ਅਗਵਾਈ, ਗੁਰਬਾਣੀ ਦੇ ਅਦਬ ਸਤਿਕਾਰ, ਕੌਮੀ ਹੱਕਾਂ, ਸਿੱਖਾਂ ਦੀ ਆਜ਼ਾਦੀ ਜਾਂ ਖ਼ਾਲਸਾ ਰਾਜ ਦੀ ਗੱਲ ਚੱਲਦੀ ਹੈ ਤਾਂ ਵਿਸ਼ੇਸ਼ ਤੌਰ 'ਤੇ ਹਰ ਸਿੱਖ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਨਾਮ ਲੈ ਕੇ ਸੰਗਤਾਂ ਨੂੰ ਪ੍ਰੇਰਿਤ ਕਰਦਾ ਹੈ, ਉਨ੍ਹਾਂ ਮਹਾਨ ਮਹਾਂਪੁਰਖਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖ਼ਾਲਸਾ ਰੋਡੇ ਵਿਖੇ ਹਰ ਸਾਲ ਦੀ ਤਰ੍ਹਾਂ ਬਹੁਤ ਉਤਸ਼ਾਹ ਸਹਿਤ 2 ਜੂਨ 2025 ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੇ ਸਬੰਧ ਵਿੱਚ ਬਹੁਤ ਵੱਡੇ ਪੱਧਰ ਤੇ ਗੁਰਮਤਿ ਸਮਾਗਮ ਹਰ ਸਾਲ ਦੀ ਤਰ੍ਹਾਂ ਕਰਵਾਏ ਜਾ ਰਹੇ ਹਨ, ਸੋ ਵੱਡੇ ਪ੍ਰਬੰਧ ਕਰਨ ਲਈ ਆਪ ਸੰਗਤਾਂ ਦੇ ਸਹਿਯੋਗ ਦੀ ਬਹੁਤ ਲੋੜ ਹੈ, ਆਪ ਜੀ ਥੋੜ੍ਹੇ ਵਿਚੋਂ ਥੋੜ੍ਹਾ ਅਤੇ ਬਹੁਤੇ ਵਿਚੋਂ ਬਹੁਤਾ ਸਹਿਯੋਗ ਤਿਲ ਫੁੱਲ ਮਾਇਆ ਸਹਿਤ ਕਰਨ ਦੀ ਕ੍ਰਿਪਾਲਤਾ ਕਰਨੀ ਜੀ, ਵਾਹਿਗੁਰੂ ਜੀ ਸਭ ਨੂੰ ਚੜ੍ਹਦੀਕਲਾ ਵਿੱਚ ਰੱਖਣ, ਸਿੱਧੀ ਸੇਵਾ ਭੇਜਣ ਲਈ ਗੁਰਦੁਆਰਾ ਸੰਤ ਖ਼ਾਲਸਾ (ਜਨਮ ਅਸਥਾਨ, ਸੰਤ ਭਿੰਡਰਾਂਵਾਲੇ) ਪਿੰਡ ਰੋਡੇ ਦਾ ਬੈਂਕ ਖ਼ਾਤਾ ਨੰਬਰ ਹੈ :

**PUNJAB NATIONAL BANK BAGHA PURANA**
**DISTRICT MOGA PUNJAB, INDIA-142038**
**A/C - 1747102100000016 GURDWARA SANT KHALSA**
**JANAM ASTHAN SANT GIANI JARNAIL SINGH JI**
**IFSC:PUNB0063710, SWIFTPUNBINBBLIA**

**ਸਿਰਫ਼ ਸੰਤਾਂ ਦਾ ਨਾਮ ਹੀ ਨਾ ਵਰਤੀਏ, ਸਗੋਂ ਉਨ੍ਹਾਂ ਦੇ ਜਨਮ ਦਿਨ ਦੇ ਮਹਾਨ ਸਮਾਗਮ ਵਿੱਚ ਸ਼ਾਮਿਲ ਹੋਈਏ, ਮਾਇਆ ਦਾ ਸਹਿਯੋਗ ਦਿੰਦੇ ਹੋਏ ਤਨ, ਮਨ ਕਰਕੇ ਸਮਰਪਿਤ ਹੁੰਦਿਆਂ ਉਨ੍ਹਾਂ ਦਾ ਉਪਦੇਸ਼ ਵੀ ਕਮਾਈਏ**

ਆਵਾਜ਼ਿ ਕੌਮ
AWAZE QAUM
International Newspaper & WEB TV

# ਜਨਮ-ਦਿਨ ਸਮਾਗਮ

## ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਗੁਰੂ ਪਿਆਰੇ ਖ਼ਾਲਸਾ ਜੀ ਸਭਨਾਂ ਨੂੰ ਹਾਰਦਿਕ ਸੱਦਾ ਹੈ ਕਿ 02 ਜੂਨ ਦਿਨ ਸੋਮਵਾਰ ਨੂੰ 10 ਤੋਂ ਸ਼ਾਮ 3 ਵਜੇ ਤੱਕ ਗੁਰਦੁਆਰਾ ਸੰਤ ਖ਼ਾਲਸਾ ਪਿੰਡ ਰੋਡੇ ਵਿਖੇ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ ਹੋਵੇਗਾ ਜਿਥੇ ਪੰਥਕ ਵਿਚਾਰਾਂ ਹੋਣਗੀਆਂ ਆਓ ਸਾਰੇ ਰਲ ਕੇ ਪੰਥ ਦੇ ਉਜਲੇ ਭਵਿੱਖ ਲਈ ਰਣਨੀਤੀ ਬਣਾਉਣ ਦਾ ਯਤਨ ਕਰੀਏ ਤੇ ਆਸ ਰੱਖੀਏ "ਗੁਰੂ ਭਲਾ ਕਰੇਗਾ"

ਗੁਰੂ ਪੰਥ ਦਾ ਦਾਸ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖ਼ਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਇਕਾਈ
ਭਾਈ ਗੁਰਦੇਵ ਸਿੰਘ ਜੀ ਬਰਾੜ ਰੋਡੇ (ਯੂ.ਕੇ.)
ਭਾਈ ਜਸਪਾਲ ਸਿੰਘ, ਲੈਸਟਰ ਖਜ਼ਾਨਚੀ IPD
ਭਾਈ ਸ਼ਮਸ਼ੇਰ ਬਹਾਦਰ ਸਿੰਘ, ਲੈਸਟਰ ਪ੍ਰੈਸ ਸਕੱਤਰ ਮੀਤ ਖਜ਼ਾਨਚੀ IPD
ਭਾਈ ਅਪਿੰਦਰਪਾਲ ਸਿੰਘ ਹੈਪੀ ਬਰਮਿੰਘਮ ਮੀਤ ਖਜ਼ਾਨਚੀ IPD
ਭਾਈ ਮੱਖਣ ਸਿੰਘ ਇਰਾਨੀ ਬਰਮਿੰਘਮ, ਸੀਨੀਅਰ ਮੈਂਬਰ IPD
ਭਾਈ ਬਲਬੀਰ ਸਿੰਘ ਰੰਧਾਵਾ ਯੂ.ਕੇ.
ਧੰਨਾ ਸਿੰਘ ਗੋਸਲ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਅਮਰੀਕ ਸਿੰਘ ਤੂਰ, ਡਰਬੀ ਸੀਨੀਅਰ ਮੈਂਬਰ IPD
ਭਾਈ ਗੁਰਵਿੰਦਰ ਸਿੰਘ ਬਾਜਵਾ, ਕਵੈਂਟਰੀ ਸੀਨੀਅਰ ਮੈਂਬਰ IPD
ਭਾਈ ਬਲਜੀਤ ਸਿੰਘ ਕੰਗ ਬਰਮਿੰਘਮ ਸਹਿਯੋਗੀ IPD
ਭਾਈ ਨਛੱਤਰ ਸਿੰਘ ਛੋਕਰ, ਡਰਬੀ ਸਹਿਯੋਗੀ IPD
ਜਥੇਦਾਰ ਪ੍ਰਗਟ ਸਿੰਘ ਜੀ ਇਟਲੀ, ਪ੍ਰਧਾਨ IPD
ਜਸਵਿੰਦਰ ਸਿੰਘ ਇਟਲੀ
ਜਥੇਦਾਰ ਨਛੱਤਰ ਸਿੰਘ ਜੀ ਅਸਟਰੀਆ ਪ੍ਰਧਾਨ IPD
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਇੰਟਰਨੈਸ਼ਨਲ ਪੰਥਕ ਦਲ ਤੇ ਸਮੂਹ ਸੰਗਤਾਂ
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਇਕਾਈ
ਭਾਈ ਰਘਵੀਰ ਸਿੰਘ ਵਾਲਸਾਲ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ IPD
ਭਾਈ ਕਪਤਾਨ ਸਿੰਘ ਵੁਲਵਰਹੈਂਪਟਨ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ IPD
ਭਾਈ ਰਘਵੀਰ ਸਿੰਘ ਮਾਲੜੀ, ਨੌਟਿੰਘਮ, ਚੀਫ਼ ਆਰਗੇਨਾਈਜ਼ਰ IPD
ਬਾਬਾ ਬਘੇਲ ਸਿੰਘ, ਬਰਮਿੰਘਮ, ਜਥੇਦਾਰ ਧਾਰਮਿਕ ਵਿੰਗ IPD
ਭਾਈ ਰਘਵੀਰ ਸਿੰਘ ਬੀਰ੍ਹਾ, ਬਰਮਿੰਘਮ, ਮੀਤ ਪ੍ਰਧਾਨ IPD
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਹਰਜਿੰਦਰ ਸਿੰਘ ਬ੍ਰੈਡਫੋਰਡ ਸੀਨੀਅਰ ਮੀਤ ਪ੍ਰਧਾਨ IPD
ਭਾਈ ਸੰਤੋਖ ਸਿੰਘ ਕਵੈਂਟਰੀ ਸੀਨੀਅਰ ਮੀਤ ਸਕੱਤਰ IPD
ਭਾਈ ਬਿਕਰਮਜੀਤ ਸਿੰਘ ਵਾਲਸਾਲ ਮੀਤ ਸਕੱਤਰ IPD
ਭਾਈ ਮਨਜਿੰਦਰ ਸਿੰਘ ਕਵੈਂਟਰੀ ਸਾਊਥ ਆਰਗੇਨਾਈਜ਼ਰ IPD
ਭਾਈ ਸੁਰਿੰਦਰਪਾਲ ਸਿੰਘ ਵਾਲਸਾਲ ਮਿਡਲੈਂਡ ਆਰਗੇਨਾਈਜ਼ਰ IPD
ਭਾਈ ਚਰਨਜੀਤ ਸਿੰਘ ਡਰਬੀ, ਨਾਰਥ ਆਰਗੇਨਾਈਜ਼ਰ IPD
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਇੰਟਰਨੈਸ਼ਨਲ ਪੰਥਕ ਦਲ ਤੇ ਸਮੂਹ ਸੰਗਤਾਂ
ਸੰਪਰਕ : 98140-29018, 97815-52538, 98140-13915

# ਕਿਸਾਨ ਯੂਨੀਅਨ ਬਹਿਰਾਮਕੇ ਵੱਲੋਂ 2 ਨੂੰ ਵੱਡੀ ਗਿਣਤੀ 'ਚ ਪਿੰਡ ਰੋਡੇ ਪੁੱਜਣ ਦਾ ਫੈਸਲਾ



**ਮੋਗਾ, 26 ਮਈ (ਅਵਾਜ਼ਿ ਕੌਮ ਬਿਊਰੋ )-** ਅੱਜ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੀ ਵਿਸੇਸ਼ ਮੀਟਿੰਗ ਗੁਰਦੁਆਰਾ ਸਾਹਿਬ ਬਹਿਰਾਮਕੇ ਵਿਖੇ ਹੋਈ, ਜਿਸ ਵਿੱਚ ਸਾਰੀ ਜਥੇਬੰਦੀ ਦੇ ਆਗੂਆਂ ਨੇ ਸਰਬਸਮਿਤੀ ਨਾਲ ਫੈਸਲਾ ਕੀਤਾ ਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ ਜੋ ਮਿਤੀ 2 ਜੂਨ ਨੂੰ ਪਿੰਡ ਰੋਡੇ ਵਿਖੇ ਮਨਾਇਆ ਜਾ ਰਿਹਾ ਹੈ, ਉਸ ਵਿੱਚ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਕਾਫਲਿਆਂ ਦੇ ਰੂਪ ਵਿੱਚ ਪੁੱਜਣਗੇ। ਇਸ ਮੌਕੇ ਮੀਟਿੰਗ ਵਿੱਚ ਪੁੱਜੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਦਾ ਪ੍ਰਧਾਨ ਸ. ਬਲਵੰਤ ਸਿੰਘ ਬਹਿਰਾਮਕੇ ਵੱਲੋਂ ਧੰਨਵਾਦ ਕੀਤਾ ਗਿਆ।

### ਬੱਚਿਆਂ ਨੂੰ ਗੁਰਮੁੱਖੀ ਅਤੇ ਬਾਣੀ ਨਾਲ ਜੋੜਨ ਲਈ

# ਗੁਰਮਤਿ ਕੈਂਪ ਦੀ ਹੋਈ ਸ਼ੁਰੂਆਤ: ਇੰਦਰਪ੍ਰੀਤ ਸਿੰਘ ਮੌਂਟੀ



**ਨਵੀਂ ਦਿੱਲੀ 26 ਮਈ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਨਾਲ ਸ਼ਹੀਦ ਹੋਏ ਉਨ੍ਹਾਂ ਦੇ ਅਨਿੰਨ ਗੁਰਸਿੱਖਾਂ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਬੱਚਿਆਂ ਨੂੰ ਗੁਰਮੁੱਖੀ ਤੇ ਗੁਰਮਤਿ ਦੀ ਸਿਖਲਾਈ ਦੇਣ ਲਈ ਗੁਰਮਤਿ ਕੈਂਪ ਦੀ ਸ਼ੁਰੂਆਤ ਕੀਤੀ ਗਈ ਹੈ ।ਇਸ ਬਾਰੇ ਜਾਣਕਾਰੀ ਦੇਂਦਿਆ ਦਿੱਲੀ ਕਮੇਟੀ ਮੈਂਬਰ ਅਤੇ ਧਰਮ ਪ੍ਰਚਾਰ ਵਿੰਗ ਦੇ ਸਹਿਯੋਗੀ ਇੰਦਰਪ੍ਰੀਤ ਸਿੰਘ ਮੌਂਟੀ ਕੌਛੜ ਨੇ ਦਸਿਆ ਕਿ ਗਰਮੀਆਂ ਦੀਆਂ ਛੁਟੀਆਂ ਹੋਣ ਕਰਕੇ ਬੱਚਿਆਂ ਨੂੰ ਗੁਰੂਬਾਣੀ ਦੇ ਨਾਲ ਕੀਰਤਨ ਸਿਖਲਾਈ ਅਤੇ ਸਿੱਖ ਸਿਧਾਤਾਂ ਨਾਲ ਜੋੜ ਕੇ ਉਨ੍ਹਾਂ ਦਾ ਮਨੁੱਖੀ ਜੀਵਨ ਜਾਂਚ ਦਾ ਰਾਹ ਪੱਧਰਾ ਕਰਣ ਲਈ ਇਹ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ । ਇਸ ਸਮੇਂ ਸੁਭਾਸ਼ ਨਗਰ ਦੇ 14 ਬਲਾਕ ਪੰਚਾਇਤੀ ਗੁਰਦਵਾਰਾ ਭਾਈ ਜੈ ਸਿੰਘ ਅਤੇ 7 ਬਲਾਕ ਦੇ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਅੰਦਰ ਸ਼ਾਮ ਦੇ 4 ਵਜੇ ਤੋਂ 6 ਵਜੇ ਤਕ ਗੁਰਮਤਿ ਕੈਂਪ ਚਾਲੂ ਹੋ ਚੁੱਕੇ ਹਨ ਤੇ ਜਲਦ ਹੀ ਗੁਰਦੁਆਰਾ ਸਾਹਿਬ ਰਾਜੌਰੀ ਗਾਰਡਨ ਅੰਦਰ ਵੀਂ ਕੈਂਪ ਸ਼ੁਰੂ ਹੋ ਜਾਏਗਾ ।ਉਨ੍ਹਾਂ ਦਸਿਆ ਕਿ ਗੁਰਮਤਿ ਕੈਂਪ ਵਿੱਚ ਹਿੱਸਾ ਲੈਣ ਵਾਲਿਆਂ ਬੱਚਿਆਂ ਨੂੰ ਇਨਾਮ ਤੇ ਪ੍ਰਮਾਣ ਪੱਤਰ ਦਿਤੇ ਜਾਣਗੇ ਅਤੇ ਨਾਲ ਹੀ ਇਤਿਹਾਸਿਕ ਗੁਰਦੁਆਰਾ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਵੀਂ ਕਰਵਾਏ ਜਾਣਗੇ ।ਉਨ੍ਹਾਂ ਦਸਿਆ ਕਿ ਇਹ ਪ੍ਰੋਗਰਾਮ 20 ਜੂਨ ਤਕ ਚਲਣਗੇ ਉਪਰੰਤ ਪ੍ਰੋਗਰਾਮ ਦੀ ਸਮਾਪਤੀ ਉਪਰ ਇਕ ਵਿਸ਼ੇਸ਼ ਦੀਵਾਨ ਸਜ਼ਾ ਕੇ ਬੱਚਿਆਂ ਨੂੰ ਇਨਾਮ ਅਤੇ ਪ੍ਰਮਾਣ ਪੱਤਰ ਦਿੱਤੇ ਜਾਣਗੇ ।ਉਨ੍ਹਾਂ ਦਸਿਆ ਕਿ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਸਤੇ ਬੱਚੇ ਜਲਦ ਤੋਂ ਜਲਦ ਪ੍ਰਬੰਧਕਾਂ ਨਾਲ ਸੰਪਰਕ ਕਰ ਸਕਦੇ ਹਨ ।ਅੰਤ ਵਿਚ ਉਨ੍ਹਾਂ ਇਸ ਪ੍ਰੋਗਰਾਮ ਵਿਚ ਸਹਿਯੋਗ ਦੇਣ ਲਈ ਦਿੱਲੀ ਕਮੇਟੀ ਦਾ ਉਚੇਚੇ ਤੌਰ ਤੇ ਧੰਨਵਾਦ ਕਰਦਿਆਂ ਵੀਰ ਭੁਪਿੰਦਰ ਸਿੰਘ ਬੱਗਾ, ਮੋਹਨ ਸਿੰਘ ਰਾਜਵੰਸ਼ੀ, ਪ੍ਰਿਤਪਾਲ ਸਿੰਘ, ਹਰਮਿੰਦਰ ਸਿੰਘ ਕੋਹਲ਼ੀ, ਜਸਬੀਰ ਸਿੰਘ ਮਰਵਾਹ, ਕਰਨਪ੍ਰੀਤ ਸਿੰਘ ਆਨੰਦ ਅਤੇ ਹੋਰ ਸਮੂਹ ਸਹਿਯੋਗੀਆਂ ਦਾ ਵੀਂ ਧੰਨਵਾਦ ਕੀਤਾ ਜਿਨ੍ਹਾਂ ਬਦੌਲਤ ਇਸ ਤਰ੍ਹਾਂ ਦੇ ਪ੍ਰੋਗਰਾਮ ਸਫਲਤਾ ਨਾਲ ਉਲੀਕੇ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਤਖਤ ਸ੍ਰੀ ਅਕਾਲ ਤਖਤ ਸਾਹਿਬ ਅਤੇ ਤਖਤ ਸ੍ਰੀ ਪਟਨਾ ਸਾਹਿਬ ਦਾ ਆਪਸ ਵਿੱਚ ਟਕਰਾਅ ਸਿੱਖ ਕੌਮ ਲਈ ਘਾਤਕ-ਤਾਲਬਪੁਰਾ



**ਅੰਮ੍ਰਿਤਸਰ, 26 ਮਈ (ਅਵਾਜ਼ਿ ਕੌਮ ਬਿਊਰੋ )-**ਪਿਛਲੇ ਦਿਨੀਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿੱਚ ਗਿਆਨੀ ਰਣਜੀਤ ਸਿੰਘ ਗੋਹਰ ਦਾ ਮਾਮਲਾ ਵਿਚਾਰਿਆ ਗਿਆ ਅਤੇ ਵਿਚਾਰੇ ਜਾਣ ਤੋਂ ਬਾਅਦ ਗਿਆਨੀ ਰਣਜੀਤ ਸਿੰਘ ਗੋਹਰ ਉਪਰ ਲਗਾਏ ਗਏ ਦੋਸ਼ ਸਾਬਤ ਨਹੀ ਹੋਏ। ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਆਦੇਸ਼ਾਂ ਅਨੁਸਾਰ ਉਨ੍ਹਾਂ ਦੀਆਂ ਸੇਵਾਵਾਂ ਉੱਤੇ ਲੱਗੀ ਰੋਕ ਹਟਾਈ ਜਾਂਦੀ ਹੈ ।ਪਰ ਤੱਖਤ ਸ੍ਰੀ ਪਟਨਾ ਸਾਹਿਬ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ ਨੂੰ ਮੰਨਣ ਤੋਂ ਇਨਕਾਰ ਕਰਨਾ ਸਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਸੇਵਾਦਾਰ ਵਿਧਾਨ ਸਭਾ ਹਲਕਾ ਅਜਨਾਲਾ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਜਦੋਂ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ ਹੈ, ਇਹ ਸਿੱਖ ਜਗਤ ਵਿਚ ਸਰਵਉੱਚ ਹੈ ਅਤੇ ਸਮੁੱਚਾ ਸਿੱਖ ਜਗਤ ਆਪਣੇ ਮਸਲੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਲੈ ਕੇ ਆਉਂਦਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਫੈਸਲਿਆਂ ਨੂੰ ਸਮੁੱਚੀ ਨਾਨਕ ਨਾਮ ਲੇਵਾ ਸੰਗਤ ਸਵੀਕਾਰ ਕਰਦੀ ਹੈ। ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਗ੍ਰੰਥੀ ਸਿੰਘਾਂ ਵੱਲੋਂ ਜੋ ਫੈਸਲਾ ਕੀਤਾ ਗਿਆ ਹੈ, ਉਹ ਪੰਥਕ ਏਕਤਾ ਨੂੰ ਢਾਅ ਲਗਾਉਣ ਵਾਲਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ਾਂ ਦੀ ਹੁਕਮ ਅਦੂਲੀ ਕਰਨਾ ਤੇ ਇਨ੍ਹਾਂ ਨੂੰ ਚੁਣੌਤੀ ਦੇਣਾ ਗੁਰ ਸਿਧਾਂਤ, ਪੰਥਕ ਰਹੁ-ਰੀਤ ਤੇ ਪਰੰਪਰਾ ਦੀ ਉਲੰਘਣਾ ਹੈ, ਜਿਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸਮੁੱਚੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਗਿਆਨੀ ਰਣਜੀਤ ਸਿੰਘ ਗੋਹਰ ਨੂੰ ਸ੍ਰੀ ਪਟਨਾ ਸਾਹਿਬ ਵਿਖ਼ੇ ਸੇਵਾਵਾਂ ਕਰਨ ਦਿੱਤੀ ਜਾਣ ਤਾਂ ਜੋ ਤੱਖਤਾਂ ਦੇ ਆਪਸ ਵਿੱਚ ਹੋਣ ਵਾਲੇ ਟਕਰਾਅ ਨੂੰ ਰੋਕਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਆਧੁਨਿਕ ਸਹੂਲਤਾਂ ਨਾਲ ਲੈਸ ਹੋ ਰਹੇ ਨੇ ਪੰਜਾਬ ਦੇ ਸਰਕਾਰੀ ਸਕੂਲ - ਈ.ਟੀ.ਓ

### ਪੰਜਾਬ ਸਿੱਖਿਆ ਦੇ ਖੇਤਰ ਵਿਚ ਬਣੇਗਾ ਮੋਹਰੀ ਸੂਬਾ



**ਜੰਡਿਆਲਾ ਗੁਰੂ , 26 ਮਈ ( ਕੁਲਵੰਤ ਸਿੰਘ ਵਿਰਦੀ )-**ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵਲੋ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਦੇ ਸਾਰਥਕ ਨਤੀਜੇ ਸਾਮਣੇ ਆਉਣ ਸ਼ੁਰੂ ਹੋ ਗਏ ਹਨ ਅਤੇ ਇਸ ਵਾਰ 10 ਵੀ ਕਲਾਸ ਅਤੇ 12 ਵੀ ਕਲਾਸ ਦੇ ਨਤੀਜਿਆਂ ਵਿਚ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੱਡੀ ਗਿਣਤੀ ਵਿਚ ਮੈਰਿਟ ਲਿਸਟ ਵਿਚ ਆਏ ਹਨ ਅਤੇ ਉਹ ਦਿਨ ਦੂਰ ਨਹੀ ਜ਼ਦੋ ਦੇਸ਼ ਭਰ ਵਿਚੋ ਪੰਜਾਬ ਸਿੱਖਿਆ ਦੇ ਖੇਤਰ ਵਿਚ ਮੋਹਰੀ ਸੂਬਾ ਬਣ ਕੇ ਉਭਰੇਗਾ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਅੱਜ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਹਾਈ ਸਕੂਲ ਬਲਾਕ ਰਈਆ-2 ਅੰਮ੍ਰਿਤਸਰ ਦੀ ਚਾਰਦੀਵਾਰੀ ਦਾ ਕੰਮ ਮੁਕੰਮਲ ਹੋਣ ਉਪਰੰਤ ਉਦਘਾਟਨ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਤਾਂ ਸਿੱਖਿਆ ਵੱਲ ਧਿਆਨ ਹੀ ਨਹੀ ਦਿੱਤਾ ਜਿਸ ਦੀ ਤਾਜ਼ਾ ਮਿਸਾਲ ਇਹ ਹੈ ਕਿ ਵੱਡੀ ਗਿਣਤੀ ਵਿਚ ਸਕੂਲਾਂ ਦੀ ਚਾਰਦੀਵਾਰੀ ਤੱਕ ਨਹੀ ਕਰਵਾਈ ਗਈ। ਉਨ੍ਹਾ ਕਿਹਾ ਕਿ ਅਸੀ ਸਰਕਾਰੀ ਸਕੂਲਾਂ ਦਾ ਕਾਇਆ ਕਲਪ ਕਰਨ ਵਿਚ ਲੱਗੇ ਹੋਏ ਹਾਂ ਅਤੇ ਆਉਣ ਵਾਲੇ ਸਮੇ ਵਿਚ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਪ੍ਰਾਈਵੇਟ ਸਕੂਲਾਂ ਦੀਆਂ ਇਮਾਰਤਾਂ ਤੋ ਵੀ ਸੁੰਦਰ ਹੋਣਗੀਆਂ। ਉਨ੍ਹਾਂ ਕਿਹਾ ਕਿ ਸਿੱਖਿਆ ਨੂੰ ਹੋਰ ਆਧੁਨਿਕ ਰੂਪ ਦੇਣ ਅਤੇ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਸੁਚੇਤ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਕਰੋੜਾਂ ਰੁਪਏ ਖਰਚ ਕਰਕੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ। ਪੰਜਾਬ ਦੇ ਸਰਕਾਰੀ ਸਕੂਲਾਂ ਨੇ ਪਿਛਲੇ ਤਿੰਨ ਸਾਲਾਂ ਵਿੱਚ ਬਹੁਤ ਤਰੱਕੀ ਕੀਤੀ ਹੈ ਅਤੇ ਲਗਾਤਾਰ ਆਧੁਨਿਕੀਕਰਨ ਵੱਲ ਵੱਧ ਰਿਹਾ ਹੈ। ਉਹਨਾਂ ਕਿਹਾ ਕਿ ਪੂਰੇ ਹਲਕੇ ਦੇ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ੍ਰ ਹਰਜੋਤ ਸਿੰਘ ਬੈਂਸ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੀ ਬਦਲੀ ਜਾ ਰਹੀ ਨੁਹਾਰ ਤੇ ਖੁਸ਼ੀ ਜਾਹਰ ਕਰਦਿਆਂ ਸਰਕਾਰ ਪਾਸੋਂ ਇੰਝ ਹੀ ਸਕੂਲਾਂ ਦੀ ਮਦਦ ਕਰਦੇ ਰਹਿਣ ਲਈ ਬੇਨਤੀ ਕੀਤੀ ।ਉਹਨਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਨਾਲ ਪੂਰੇ ਸੂਬੇ ਦੀ ਸਿੱਖਿਆ ਦਾ ਆਧੁਨੀਕਰਨ ਕਰ ਦਿੱਤਾ ਜਾਵੇਗਾ। ਇਸ ਮੌਕੇ ਚੇਅਰਮੈਨ ਡਾ: ਗੁਰਵਿੰਦਰ ਸਿੰਘ, ਸਰਪੰਚ ਬਲਵਿੰਦਰ ਸਿੰਘ, ਹਲਕਾ ਕੁਆਡੀਨੇਟਰ ਸ: ਜੁਗਰਾਜ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿਚ ਸਕੂਲੀ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਘੜਕਾ ਦੇ ਦਰਜਨਾਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਵਰਕਰਾਂ ਨੇ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਸਾਬਕਾ ਵਿਧਾਇਕ ਸਿੱਕੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਚੋਂ ਕੀਤੀ ਸ਼ਮੂਲੀਅਤ

**ਚੋਹਲਾ ਸਾਹਿਬ, 26 ਮਈ (ਆਵਾਜ਼ਿ ਕੌਮ ਬਿਊਰੋ)-**ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਅਧੀਨ ਆਉਂਦੇ ਇਥੋਂ ਨੇੜਲੇ ਪਿੰਡ ਘੜਕਾ ਦੇ ਦਰਜਨਾਂ ਸ਼੍ਰੋਮਣੀ ਅਕਾਲੀ ਦਲ ਦੇ ਸਰਗਰਮ ਵਰਕਰਾਂ ਨੇ ਸ਼੍ਰੋਮਣੀ ਅਕਾਲੀ ਦਲ ਦੀਆਂ ਗਲਤ ਨੀਤੀਆਂ ਤੋਂ ਤੰਗ ਆ ਕੇ ਪਿੰਡ ਦੇ ਸਾਬਕਾ ਸਰਪੰਚ ਮਨਦੀਪ ਸਿੰਘ ਘੜਕਾ ਤੇ ਮਾਝੇ ਦੇ ਸੀਨੀਅਰ ਨੌਜਵਾਨ ਕਾਂਗਰਸੀ ਆਗੂ ਗੁਰਲਾਲ ਸਿੰਘ ਬਰਨਾਲਾ ਮੀਡੀਆ ਇੰਚਾਰਜ ਕਾਂਗਰਸ ਪਾਰਟੀ ਜਿਲਾ ਤਰਨ ਤਾਰਨ ਦੀ ਪ੍ਰੇਰਨਾ ਨਾਲ ਨਿਰਵੈਰ ਸਿੰਘ ਜਗੀਰਦਾਰ ਦੇ ਗ੍ਰਹਿ ਵਿਖੇ ਸਿਖਰ ਦੁਪਹਿਰੇ ਅੱਤ ਦੀ ਗਰਮੀ ਵਿੱਚ ਹਲਕੇ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਯੋਗ ਅਗਵਾਈ ਹੇਠ ਜੈਕਾਰਿਆਂ ਦੀ ਗੂੰਜ ਚੋਂ ਕਾਂਗਰਸ ਪਾਰਟੀ ਚੋਂ ਸ਼ਮੂਲੀਅਤ ਕੀਤੀ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਛੱਡਣ ਵਾਲਿਆਂ ਚੋਂ ਨਿਰਵੈਰ ਸਿੰਘ ਜਗੀਰਦਾਰ ਤੇ ਉਹਨਾਂ ਦੇ ਪਰਿਵਾਰ ਦੇ ਨਾਲ-ਨਾਲ ਜਰਨੈਲ ਸਿੰਘ ਜਗੀਰਦਾਰ,ਬੱਲਾ ਭੱਟੀ,ਕਾਸਮ ਅਲੀ,ਕੁਲਦੀਪ ਖਾਨ,ਮਿਸਤਰੀ ਨਿਰਮਲ ਸਿੰਘ ਆਦਿ ਹਾਜ਼ਰ ਸਨ।

‘ਹਾਈਪਰਟੈਂਸ਼ਨ’ ਸਬੰਧੀ ਮਹੀਨਾਵਾਰ ਜਾਗਰੂਕਤਾ ਪ੍ਰਚਾਰ ਤਹਿਤ

# ਸਿਹਤ ਵਿਭਾਗ ਤਲਵੰਡੀ ਸਾਬੋ ਦੀਆਂ ਟੀਮਾਂ ਵੱਲੋਂ ਪ੍ਰਚਾਰ ਜਾਰੀ



ਤਲਵੰਡੀ ਸਾਬੋ, 26 ਮਈ (ਗੁਰਜੰਟ ਸਿੰਘ ਨਥੇਹਾ)- ਸਿਹਤ ਵਿਭਾਗ ਤਲਵੰਡੀ ਸਾਬੋ ਵਲੋਂ ਸਿਵਲ ਸਰਜਨ ਬਠਿੰਡਾ ਡਾ. ਰਮਨਦੀਪ ਸਿੰਗਲਾ ਅਤੇ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਡਾਕਟਰ ਰਵੀ ਕਾਂਤ ਦੀ ਅਗਵਾਈ ਹੇਠ ਸਮੂਹ ਸੰਸਥਾਵਾਂ ’ਤੇ ਹਾਈਪਰਟੈਂਸ਼ਨ ਮਹੀਨੇ ਸਬੰਧੀ ਜਾਗਰੂਕਤਾ ਪ੍ਰਚਾਰ ਕੀਤਾ ਜਾ ਰਿਹਾ ਹੈ।ਇਸ ਮਹੀਨਾਵਾਰ ਸਰਗਰਮੀਆਂ ਤਹਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ ਹਾਈਪਰਟੈਂਸ਼ਨ ਸਬੰਧੀ ਸੁਨੇਹਾ ਦਿੰਦਾ ਯੂਵਾ ਭਾਗੀਦਾਰੀ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਤੋਂ ਇਲਾਵਾ ਤਖਤ ਸ਼੍ਰੀ ਦਮਦਮਾ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵਿਖੇ ਜਾਂਚ ਕੈਂਪ ਵੀ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਰਵੀ ਕਾਂਤ ਨੇ ਦੱਸਿਆ ਕਿ 17 ਮਈ ਤੋਂ 16 ਜੂਨ ਤੱਕ ਵਿਸ਼ੇਸ਼ ਮਹੀਨਾ ਮਨਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਬਲੱਡ ਪ੍ਰੈਸ਼ਰ ਨਾਲ ਸਰੀਰ ਦੇ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ ਜਾ ਸਕੇ ਅਤੇ ਵਿਸ਼ੇਸ਼ ਜਾਂਚ ਕੈਂਪ ਲਾ ਕੇ ਲੋਕਾਂ ਦੇ ਬਲੱਡ ਪ੍ਰੈਸ਼ਰ ਦੀ ਜਾਂਚ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਉਦੇਸ਼ ਲੋਕਾਂ ’ਚ ਹਾਈਪਰਟੈਂਸ਼ਨ ਬਾਰੇ ਜਾਗਰੂਕਤਾ ਫੈਲਾਉਣ ’ਤੇ ਸਿਹਤ ਪ੍ਰਣਾਲੀ ਦੇ ਸਾਰੇ ਪੱਧਰਾਂ ’ਤੇ ਰੋਕਥਾਮ ਤੇ ਕੰਟਰੋਲ ਕਰਨ ਦੇ ਹੱਲਾਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਵਾਸਤੇ ਵਿਭਾਗ ਵੱਲੋਂ ਸਾਰੇ ਸਿਹਤ ਕੇਂਦਰਾਂ ’ਤੇ ਪੂਰੇ ਮਹੀਨੇ ਦੌਰਾਨ ਵੱਖ-ਵੱਖ ਸਰਗਰਮੀਆਂ ਦੀ ਯੋਜਨਾ ਬਣਾਈ ਗਈ ਹੈ। ਇਨ੍ਹਾਂ ਗਤੀਵਿਧੀਆ ਰਾਹੀਂ ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ, ਉੱਚ ਰਕਤ ਚਾਪ ਦੀ ਜਾਂਚ ਤੇ ਮੈਨੇਜਮੈਂਟ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮੁਹਿੰਮ ਤਹਿਤ ਜਾਗਰੂਕਤਾ ਰੈਲੀਆਂ, ਮੁਫਤ ਜਾਂਚ ਕੈਂਪ, ਸਿਖਲਾਈ ਸੈਸ਼ਨਾਂ ਰਾਹੀਂ ਲੋਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ ਤਾਂ ਕਿ ਲੋਕਾਂ ਨੂੰ ਹਾਈਪਰਟੈਂਸ਼ਨ ਦੇ ਖ਼ਤਰੇ ਬਾਰੇ ਸਮਝਾਇਆ ਜਾਵੇ ਤੇ ਉਨ੍ਹਾਂ ਨੂੰ ਸਮੇਂ ਸਿਰ ਜਾਂਚ ਕਰਵਾ ਕੇ ਇਲਾਜ ਲੈਣ ਲਈ ਪ੍ਰੇਰਿਤ ਕੀਤਾ ਜਾਵੇ।

**☛ ਹਾਇਪਰਟੈਂਸ਼ਨ ਸਬੰਧੀ ਸੁਨੇਹਾ ਦਿੰਦਾ ਯੂਵਾ ਭਾਗੀਦਾਰੀ ਕੈਂਪ ਦਾ ਆਯੋਜਨ**
**☛ ਤੰਦਰੁਸਤ ਰਹਿਣ ਅਤੇ ਲੰਬੀ ਉਮਰ ਲਈ ਸਮੇਂ ਸਮੇਂ ਬਲੱਡ ਪ੍ਰੈਸ਼ਰ ਦੀ ਜਾਂਚ ਕਰਵਾਉਣੀ ਅਤੇ ਇਸ ਨੂੰ ਕੰਟਰੋਲ ਵਿਚ ਰੱਖਣਾ ਜਰੂਰੀ- ਡਾਕਟਰ ਰਵੀ ਕਾਂਤ**

ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਸਾਨੂੰ ਆਪਣੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਵਿਚ ਰੱਖਣਾ ਚਾਹੀਦਾ ਹੈ ਕਿਉਂਕਿ ਜਿਆਦਾ ਬਲੱਡ ਪ੍ਰੈਸ਼ਰ ਹੋਣਾ ਸਾਡੇ ਸਰੀਰ ਲਈ ਘਾਤਕ ਸਿੱਧ ਹੋ ਸਕਦਾ ਹੈ ।ਇਸ ਲਈ ਸਮੇਂ ਸਮੇਂ ਮਾਹਿਰ ਡਾਕਟਰ ਤੋਂ ਆਪਣੀ ਬਲੱਡ ਪ੍ਰੈਸ਼ਰ ਦੀ ਜਾਂਚ ਕਰਵਾਉਂਦੇ ਰਹਿਣਾ ਚਾਹੀਦਾ ਹੈ ਅਤੇ ਡਾਕਟਰ ਦੀ ਸਲਾਹ ਅਨੁਸਾਰ ਦਵਾਈ ਬਿਨ੍ਹਾਂ ਨਾਗਾ ਲਗਾਤਾਰ ਖਾਂਦੇ ਰਹਿਣਾ ਚਾਹੀਦਾ ਹੈ ।ਉਨ੍ਹਾ ਕਿਹਾ ਕਿ ਹਾਇਪਰਟੈਂਸ਼ਨ ਤੋਂ ਬਚਾਅ ਲਈ ਸਾਨੂੰ ਆਪਣੇ ਸਰੀਰ ਦਾ ਭਾਰ ਕੰਟਰੋਲ ਰੱਖਣਾ ਚਾਹੀਦਾ ਹੈ, ਨਮਕ ਅਤੇ ਚੀਨੀ ਦੀ ਵਰਤੋਂ ਘੱਟ ਤੋਂ ਘੱਟ ਕਰਨੀ ਚਾਹੀਦਾ ਹੈ, ਤਲੀਆਂ ਹੋਈਆਂ ਚੀਜਾਂ, ਬਜ਼ਾਰੀ ਖਾਣੇ, ਫਾਸਟ ਫੂਡ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ ਸਿਹਤ ਸੰਸਥਾਵਾਂ ਵਿਚ ਬਲੱਡ ਪ੍ਰੈਸ਼ਰ ਦੀ ਜਾਂਚ ਅਤੇ ਇਸ ਦਾ ਇਲਾਜ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਨੋਡਲ ਅਫਸਰ ਡਾ. ਅਮਨਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਹਾਈ ਬਲੱਡ ਪ੍ਰੈਸ਼ਰ ਦੀ ਬੀਮਾਰੀ ਤੋਂ ਬਚਣ ਲਈ ਸਾਨੂੰ ਰੋਜ਼ਾਨਾ ਸੈਰ ਜਾਂ ਕਸਰਤ ਕਰਨੀ ਚਾਹੀਦਾ ਹੈ,ਯੋਗਾ ਅਤੇ ਧਿਆਨ ਕਰਕੇ ਮਾਨਸਿਕ ਤਣਾਅ ਨੂੰ ਘੱਟ ਕਰਨਾ ਚਾਹੀਦਾ ਹੈ, ਹਰੀਆਂ ਸਬਜੀਆਂ ਫਲਾਂ ਅਤੇ ਸਲਾਦ ਦਾ ਸੇਵਨ ਜਿਆਦਾ ਕਰਨਾ ਚਾਹੀਦਾ ਹੈ। ਜਿਆਦਾ ਬਲੱਡ ਪ੍ਰੈਸ਼ਰ ਹੋਣ ‘ਤੇ ਮਾਹਿਰ ਡਾਕਟਰ ਦੀ ਸਲਾਹ ਅਨੁਸਾਰ ਲਗਾਤਾਰ ਅਤੇ ਬਿਨ੍ਹਾ ਨਾਗਾ ਦਵਾਈ ਖਾਣੀ ਚਾਹੀਦੀ ਹੈ ਅਤੇ ਸਮੇਂ ਸਮੇਂ ਆਪਣੇ ਬਲੱਡ ਪ੍ਰੈਸ਼ਰ ਦੀ ਜਾਂਚ ਕਰਵਾਉਣੀ ਚਾਹੀਦੀ ਹੈ ।ਇਸ ਨਾਲ ਅਸੀਂ ਤੰਦਰੁਸਤ ਅਤੇ ਲੰਬਾ ਜੀਵਨ ਜੀਅ ਸਕਦੇ ਹਾਂ। ਇਸ ਮੌਕੇ ਸਿਹਤ ਕਰਮੀ ਅਤੇ ਆਸ਼ਾ ਵਰਕਰ ਹਾਜ਼ਰ ਸਨ।

ਕੀ ਭਗਵੰਤ ਸਿੰਘ ਮਾਨ ਵਲੋਂ ਮੋਦੀ ਅੱਗੇ ਅੱਧਾ ਝੁੱਕ ਕੇ ਅਤੇ ਕੇਜਰੀਵਾਲ ਦੇ ਪੈਰਾਂ ਵਿਚ ਪੈ ਕੇ

# ਪੰਜਾਬ ਅਤੇ ਸਿੱਖ ਕੌਮ ਦੀ ਅਣਖ ਨੂੰ ਕਾਇਮ ਰੱਖਿਆ ਜਾ ਸਕੇਗਾ : ਮਾਨ



ਨਵੀਂ ਦਿੱਲੀ, 26 ਮਈ (ਮਨਪ੍ਰੀਤ ਸਿੰਘ ਖਾਲਸਾ):-ਬੇਸ਼ਕ ਬੀਤੇ ਸਮੇ ਦੀਆਂ ਪੰਜਾਬ ਦੀਆਂ ਸਰਕਾਰਾਂ ਅਤੇ ਮੁੱਖ ਮੰਤਰੀਆਂ ਵੱਲੋ ਵੀ ਸਮੇ-ਸਮੇ ਤੇ ਸੈਂਟਰ ਦੇ ਹੁਕਮਰਾਨਾਂ ਦੇ ਪੰਜਾਬ ਵਿਰੋਧੀ ਅਮਲਾਂ ਅਤੇ ਕਾਰਵਾਈਆ ਵਿਚ ਸਾਥ ਦੇ ਕੇ ਪੰਜਾਬ, ਪੰਜਾਬੀਆਂ ਅਤੇ ਸਿੱਖ ਕੌਮ ਨਾਲ ਧੋਖੇ ਕਰਦੇ ਰਹੇ ਹਨ ।ਪਰ ਜਿਸ ਤਰੀਕੇ ਮੌਜੂਦਾ ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਬੀਤੇ ਦਿਨੀਂ ਵਜੀਰ ਏ ਆਜਮ ਸ੍ਰੀ ਮੋਦੀ ਨੂੰ ਅੱਧਾ ਝੁੱਕ ਕੇ ਹੱਥ ਮਿਲਾ ਰਹੇ ਹਨ ਅਤੇ ਸ੍ਰੀ ਮੋਦੀ ਆਪਣਾ ਇਕ ਹੱਥ ਜੇਬ ਵਿਚ ਅਤੇ ਇਕ ਹੱਥ ਨਾਲ ਮੇਲ ਕਰ ਰਹੇ ਹਨ ।ਜਿਸ ਤੋ ਪੰਜਾਬ ਦੇ ਇਸ ਮੁੱਖ ਮੰਤਰੀ ਵੱਲੋ ਸੈਂਟਰ ਦੇ ਹੁਕਮਰਾਨਾਂ ਦੀ ਗੁਲਾਮੀ ਕਰਨ ਦੀ ਗੱਲ ਪ੍ਰਤੱਖ ਹੋ ਜਾਂਦੀ ਹੈ ਇਹ ਕੇਵਲ ਸ. ਭਗਵੰਤ ਸਿੰਘ ਮਾਨ ਦਾ ਨਿੱਜੀ ਮਾਮਲਾ ਨਹੀ ਬਲਕਿ ਸਮੁੱਚੇ ਪੰਜਾਬੀਆਂ ਅਤੇ ਸਿੱਖ ਕੌਮ ਦੀ ਅਣਖ ਤੇ ਗੈਰਤ ਨੂੰ ਢਾਹ ਲਗਾਉਣ ਵਾਲੀਆ ਕਾਰਵਾਈਆ ਹਨ ।ਇਥੇ ਹੀ ਬਸ ਨਹੀ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਕੇਜਰੀਵਾਲ ਦੇ ਜਿਵੇ ਪੈਰੀ ਹੱਥ ਲਗਾਕੇ ਗੁਲਾਮੀਅਤ ਕਰ ਰਹੇ ਹਨ, ਇਹ ਅਤਿ ਸਰਮਿੰਦਗੀ ਵਾਲੀਆ ਅਤੇ ਪੰਜਾਬ ਸੂਬੇ ਤੇ ਪੰਜਾਬੀਆਂ ਨੂੰ ਨੀਵਾ ਦਿਖਾਉਣ ਵਾਲੀਆ ਨਿੰਦਣਯੋਗ ਕਾਰਵਾਈਆ ਹਨ ।ਇਸ ਅਮਲ ਨਾਲ ਪੰਜਾਬ ਦੇ ਮੁੱਖ ਮੰਤਰੀ ਦੇ ਅਣਖ ਗੈਰਤ ਦੀ ਤਸਵੀਰ ਵੀ ਪ੍ਰਤੱਖ ਹੋ ਰਹੀ ਹੈ ।ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਭਗਵੰਤ ਸਿੰਘ ਮਾਨ ਵੱਲੋ ਪੰਜਾਬ ਸੂਬੇ ਤੇ ਪੰਜਾਬੀਆਂ ਦੀ ਅਣਖ ਨੂੰ ਸੈਂਟਰ ਦੇ ਹੁਕਮਰਾਨਾਂ ਅੱਗੇ ਗਹਿਣੇ ਪਾਉਣ ਤੇ ਸਾਡੀ ਅਣਖ ਗੈਰਤ ਨੂੰ ਢਾਅ ਲਗਾਉਣ ਦੀਆਂ ਕਾਰਵਾਈਆ ਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਅਤੇ ਪੰਜਾਬ ਦੇ ਸਿਆਸਤਦਾਨਾਂ ਨੂੰ ਅਜਿਹੀਆ ਗੈਰ ਇਖਲਾਕੀ ਅਤੇ ਸ਼ਰਮਨਾਕ ਕਾਰਵਾਈਆ ਤੋ ਤੋਬਾ ਕਰਕੇ ਸਰਹੱਦੀ ਸੂਬੇ ਪੰਜਾਬ ਦੇ ਇਤਿਹਾਸ ਵਿਰਸੇ ਵਿਰਾਸਤ ਉਤੇ ਪਹਿਰਾ ਦੇਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਦੁਨਿਆਵੀ ਅਹੁਦੇ ਰੁਤਬੇ ਸਦਾ ਨਹੀ ਰਹਿੰਦੇ ਹੁੰਦੇ, ਫਿਰ ਦਸਤਾਰ ਅਤੇ ਸਿੱਖ ਦੀ ਸ਼ਾਨ ਕੌਮਾਂਤਰੀ ਪੱਧਰ ਤੇ ਕਾਇਮ ਰਹੇ ਇਸ ਲਈ ਪੰਜਾਬ ਦੇ ਮੁੱਖ ਮੰਤਰੀ ਜਾਂ ਸਿਆਸਤਦਾਨਾਂ ਨੂੰ ਅਜਿਹੇ ਸ਼ਰਮਨਾਕ ਢੰਗ ਨਾਲ ਗੁਲਾਮੀਅਤ ਕਰਕੇ ਪੰਜਾਬ ਦੀ ਅਣਖ ਨੂੰ ਕਦੀ ਵੀ ਸਰਮਸਾਰ ਨਹੀ ਕਰਨਾ ਚਾਹੀਦਾ ।ਬਲਕਿ ਆਪਣੇ ਸੂਬੇ, ਨਿਵਾਸੀਆ ਦੇ ਵਿਰਸੇ ਵਿਰਾਸਤ ਨੂੰ ਸਾਂਭਦੇ ਹੋਏ ਅਜਿਹੇ ਅਮਲ ਹੋਣੇ ਚਾਹੀਦੇ ਹਨ ਜਿਸ ਨਾਲ ਸੰਸਾਰ ਪੱਧਰ ਤੇ ਪੰਜਾਬ ਸੂਬੇ ਤੇ ਸਿੱਖ ਕੌਮ ਅਤੇ ਪੰਜਾਬੀਆਂ ਦੀ ਅਣਖ ਗੈਰਤ ਬਰਕਰਾਰ ਰਹੇ।

# ਨੌਜਵਾਨ ਪੀੜ੍ਹੀ ਨੂੰ ਜਰਮਨ ਦੀ ਰਾਜਨੀਤੀ ਵਿੱਚ ਲੈਕੇ ਆਉਣਾ ਮੇਰਾ ਮੁੱਖ ਮਕਸਦ ਹੈ - ਰੰਧਾਵਾ



**ਅੰਮ੍ਰਿਤਸਰ 26 ਮਈ ( ਕੁਲਵੰਤ ਸਿੰਘ ਵਿਰਦੀ )**-ਮੌਜੂਦਾ ਜਰਮਨ ਸਰਕਾਰ CDU ਦੇ ਮੈਂਬਰ ਸਰਦਾਰ ਗੁਰਦੀਪ ਸਿੰਘ ਰੰਧਾਵਾ ਜਿੰਨਾ ਨੇ ਇਸ ਵਾਰ ਪਾਰਲੀਮੈਂਟ ਦੀ ਚੋਣ ਲੜੀ ਸੀ ਅੱਜ ਗੁਰਦੁਆਰਾ ਸਿੰਘ ਸਭਾ ਡਿਉਸਬਰਗ ਜਰਮਨੀ ਵਿੱਖੇ ਪਹੁਚੇ ਜਿੰਨਾਂ ਦਾ ਪ੍ਰਬੰਧਕ ਕਮੇਟੀ ਵਲੋਂ ਭਰਵਾ ਸਵਾਗਤ ਕੀਤਾ ਗਿਆ ਇਸ ਮੌਕੇ ਸੰਗਤਾਂ ਨੂੰ ਸੰਬੋਧਨ ਹੁੰਦਿਆ ਮਾਪਿਆ ਨੂੰ ਬੇਨਤੀ ਕੀਤੀ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜਾਉ ਕਿਉ ਕਿ ਮੇਰੀ 45 ਸਾਲ ਦੀ ਮੇਹਨਤ ਤੇ ਮੇਰਾ ਜਰਮਨ ਦੀ ਰਾਜਨੀਤੀ ਦਾ ਤਜਰਬਾ ਮੈ ਜਰਮਨ ਵਿੱਚ ਨਵੀ ਸਾਡੀ ਨੌਜਵਾਨ ਪੀੜੀ ਨੂੰ ਰਾਜਨੀਤੀ ਵਿੱਚ ਸ਼ਾਮਿਲ ਕਰਕੇ ਦੇਖਣਾ ਚਾਹੁੰਦਾ ਹਾਂ ਇਹ ਮੇਰਾ ਸੁਫ਼ਨਾ ਹੈ ਕਿ ਮੈ ਸਿੱਖ ਬੱਚਿਆ ਨੂੰ ਜਰਮਨ ਰਾਜਨੀਤੀ ਵਿੱਚ ਲੈਕੇ ਆਵਾਂ ਤਾਂ ਜੋ ਅਗਲੀਆਂ ਸਾਡੀਆਂ ਪੀੜੀਆਂ ਨੂੰ ਕੋਈ ਕਿਸੇ ਤਰੀਕੇ ਦੀ ਮੁਸ਼ਕਲ ਨਾ ਆਵੇ ਇਸ ਮੌਕੇ ਸ ਰੰਧਾਵਾ ਨੇ ਕਿਹਾ ਕਿ ਮੈਂ ਜਰਮਨ ਵਿੱਚ ਸਿੱਖ ਭਾਈਚਾਰੇ ਨੂੰ ਬੇਨਤੀ ਕਰਦਾ ਹਾਂ ਕਿ ਅਸੀਂ ਜਰਮਨ ਦੇਸ਼ ਵਿੱਚ ਪੰਜਾਬੀ ਸਕੂਲ ਖੋਲਣਾ ਚਾਹੁੰਦੇ ਹਾਂ ਤਾਂ ਜੋ ਸਾਡੇ ਬੱਚੇ ਜਰਮਨ ਵਿੱਚ ਰਹਿਕੇ ਅਪਣੀ ਮਾਂ ਬੋਲੀ ਪੰਜਾਬੀ ਪੱੜ ਸਕਣ ਇਹ ਸਕੂਲ ਅਸੀਂ ਜਰਮਨ ਸਰਕਾਰ ਤੋਂ ਮਨਜ਼ੂਰਸੁਦਾ ਕਰਵਾਵਾਂਗੇ ਇਸ ਮੌਕੇ ਪ੍ਰਬੰਧਕ ਕਮੇਟੀ ਵਲੋਂ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੂੰ ਸਨਮਾਨਤ ਕੀਤਾ ਇਸ ਮੌਕੇ ਜੱਥੇਦਾਰ ਹਰਦਵਿੰਦਰ ਸਿੰਘ ਭਾਈ ਜਸਵੀਰ ਸਿੰਘ ਔਜਲਾ ਭਾਈ ਸੋਹਣ ਸਿੰਘ ਬਾਵਾ ਭਾਈ ਮਲੂਕ ਸਿੰਘ ਵਿਰਕ ਭਾਈ ਕੁਲਦੀਪ ਸਿੰਘ ਸ ਮਨਮੋਹਣ ਸਿੰਘ ਜਰਮਨੀ ਅਤੇ ਸਾਥੀ ਮੌਜੂਦ ਸਨ ॥

# ਚੌਹਾਨ ਵਿਖੇ ਹੋਈ ਰੈਲੀ ਚ ਠਾਠਾਂ ਮਾਰਦੇ ਇਕੱਠ ਨੇ ਸਾਬਿਤ ਕਰ ਦਿੱਤਾ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨੀ ਤੈਅ ਹੈਪੀ ਸ਼ਹਿਰੀ ਪ੍ਰਧਾਨ



**ਜੰਡਿਆਲਾ ਗੁਰੂ, 26 ਮਈ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਲੋਕਾਂ ਦਾ ਮੋਹ ਹੁਣ ਆਪ ਸਰਕਾਰ ਤੋਂ ਖਤਮ ਹੋ ਚੁੱਕਾ ਹੈ ਅਤੇ ਜਨਤਾ ਹੁਣ 2027 ਪੰਜਾਬ ਵਿਧਾਨ ਸਭਾ ਚੋਣਾਂ ਦਾ ਇੰਤਜਾਰ ਕਰ ਰਹੀ ਹੈ ਜਿਸ ਵਿਚ ਕਾਂਗਰਸ ਪਾਰਟੀ ਨੂੰ ਭਾਰੀ ਬਹੁਮਤ ਹਾਸਲ ਹੋਵੇਗੀ ਅਤੇ ਪੰਜਾਬ ਵਿਚ ਇਕ ਵਾਰ ਫਿਰ ਕਾਂਗਰਸ ਸਰਕਾਰ ਬਣੇਗੀ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਭੁਪਿੰਦਰ ਸਿੰਘ ਹੈਪੀ ਸ਼ਹਿਰੀ ਪ੍ਰਧਾਨ ਕਾਂਗਰਸ ਪਾਰਟੀ ਜੰਡਿਆਲਾ ਗੁਰੂ ਨੇ ਕਿਹਾ ਕਿ ਬੀਤੇ ਕਲ੍ਹ ਪਿੰਡ ਚੌਹਾਨ ਵਿਖੇ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੀ ਅਗਵਾਈ ਚ ਹੋਈ ਸੰਵਿਧਾਨ ਬਚਾਓ ਰੈਲੀ ਦੌਰਾਨ ਠਾਠਾਂ ਮਾਰਦੇ ਇਕੱਠ ਨੇ ਇਹ ਸਿੱਧ ਕਰ ਦਿੱਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਜੰਡਿਆਲਾ ਹਲਕੇ ਤੋਂ ਸੁਖਵਿੰਦਰ ਸਿੰਘ ਡੈਨੀ ਸਾਬਕਾ ਵਿਧਾਇਕ ਭਾਰੀ ਬਹੁਮਤ ਨਾਲ ਜਿੱਤਣਗੇ ।ਹੈਪੀ ਪ੍ਰਧਾਨ ਵਲੋ ਇਸ ਠਾਠਾਂ ਮਾਰਦੇ ਇਕੱਠ ਲਈ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਦਾ ਬਹੁਤ ਬਹੁਤ ਧੰਨਵਾਦ ਕੀਤਾ ਗਿਆ ਜੌ ਇਹਨੀਂ ਤਪਦੀ ਗਰਮੀ ਹੋਣ ਦੇ ਬਾਵਜੂਦ ਵੀ ਰੈਲੀ ਨੂੰ ਆਪਣਾ ਪ੍ਰੋਗਰਾਮ ਸਮਝ ਕਿ ਰੈਲੀ ਵਿੱਚ ਸਾਮਲ ਹੋਏ ।

# ਭੁਪਿੰਦਰ ਸਿੰਘ ਭੁੱਲਰ ਦੀ ਅਗਵਾਈ ’ਚ ਟੈਕਸੀ ਸਟੈਂਡ ਮਾਲਕਾਂ ਵੱਲੋਂ ਮਸਲੇ ਹੱਲ ਕਰਵਾਣ ਲਈ ਮੇਅਰ ਰਾਜਾ ਇਕਬਾਲ ਸਿੰਘ ਨਾਲ ਮੁਲਾਕਾਤ



**ਨਵੀਂ ਦਿੱਲੀ, 26 ਮਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਵਿਚ ਟੈਕਸੀ ਸਟੈਂਡ ਮਾਲਕਾਂ ਨੂੰ ਦਰਪੇਸ਼ ਮੁਸ਼ਿਕਲਾਂ ਦੇ ਮਸਲੇ ਨੂੰ ਲੈ ਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਦਾਰ ਭੁਪਿੰਦਰ ਸਿੰਘ ਭੁੱਲਰ ਦੀ ਅਗਵਾਈ ਹੇਠ ਟੈਕਸੀ ਸਟੈਂਡ ਮਾਲਕਾਂ ਦਾ ਵਫਦ ਦਿੱਲੀ ਨਗਰ ਨਿਗਮ ਦੇ ਮੇਅਰ ਸਰਦਾਰ ਰਾਜਾ ਇਕਬਾਲ ਸਿੰਘ ਨੂੰ ਮਿਲਿਆ ਤੇ ਆਪਣੀਆਂ ਮੁਸ਼ਿਕਲਾਂ ਤੋਂ ਜਾਣੂ ਕਰਵਾਇਆ। ਮੁਲਾਕਾਤ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਦਾਰ ਭੁਪਿੰਦਰ ਸਿੰਘ ਭੁੱਲਰ ਨੇ ਦੱਸਿਆਕਿ ਟੈਕਸੀ ਸਟੈਂਡ ਮਾਲਕਾਂ ਨੇ ਸਰਦਾਰ ਰਾਜਾ ਇਕਬਾਲ ਨੂੰ ਆਪਣੀਆਂ ਮੁਸ਼ਿਕਲਾਂ ਤੋਂ ਜਾਣੂ ਕਰਵਾਇਆ ਜਿਹਨਾਂ ਨੇ ਭਰੋਸਾ ਦਿੱਤਾ ਹੈ ਕਿ ਟੈਕਸੀ ਸਟੈਂਡ ਮਾਲਕਾਂ ਨੂੰ ਕਿਸੇ ਵੀ ਤਰੀਕੇ ਦੀ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਸਮੁੱਚੇ ਟੈਕਸੀ ਸਟੈਂਡ ਮਾਲਕ ਮੇਅਰ ਰਾਜਾ ਇਕਬਾਲ ਜੀ ਦੇ ਧੰਨਵਾਦੀ ਹਨ ਜਿਹਨਾਂ ਨੇ ਉਹਨਾਂ ਨੂੰ ਮਿਲਣ ਤੇ ਉਹਨਾਂ ਦੀਆਂ ਮੁਸ਼ਿਕਲਾਂ ਸੁਣਨ ਦਾ ਸਮਾਂ ਦਿੱਤਾ ਤੇ ਮੁਸ਼ਿਕਲਾਂ ਹੱਲ ਕਰਨ ਦਾ ਭਰੋਸਾ ਦੁਆਇਆ। ਉਹਨਾਂ ਕਿਹਾ ਕਿ ਅਸੀਂ ਭਵਿੱਖ ਵਿਚ ਵੀ ਨਗਰ ਨਿਗਮ ਪ੍ਰਸ਼ਾਸਨ ਦਾ ਸਹਿਯੋਗ ਲੈ ਕੇ ਕੰਮ ਕਰਦੇ ਰਹਾਂਗੇ। ਇਸ ਮੌਕੇ ’ਤੇ ਵੱਡੀ ਗਿਣਤੀ ਵਿਚ ਟੈਕਸੀ ਸਟੈਂਡ ਮਾਲਕ ਹਾਜ਼ਰ ਸਨ।

### ਕਾਮਾਗਾਟਾਮਾਰੂ ਸਾਕੇ ਦੀ 111ਵੀਂ ਬਰਸੀ ਮੌਕੇ ਉਨ੍ਹਾਂ ਦੇ

# ਯਾਦਗਾਰ ਅਸਥਾਨ ਤੇ ਭੇਂਟ ਕੀਤੇ ਸ਼ਰਧਾ ਦੇ ਫੁੱਲ




**ਨਵੀਂ ਦਿੱਲੀ, 26 ਮਈ (ਮਨਪ੍ਰੀਤ ਸਿੰਘ ਖਾਲਸਾ):-** ਨਸਲੀ ਮਤਭੇਦ ਦੇ ਸ਼ਿਕਾਰ ਹੋਏ ਸਿੱਖਾਂ ਨਾਲ 111 ਸਾਲ ਪਹਿਲਾਂ ਵਾਪਰੇ ਕਾਮਾਗਾਟਾਮਾਰੂ ਸਾਕੇ ਦੀ ਬਰਸੀ ਮੌਕੇ ਕੈਨੇਡੀਅਨ ਸਿੱਖਾਂ ਵਲੋਂ ਉਨ੍ਹਾਂ ਦੇ ਯਾਦਗਾਰ ਅਸਥਾਨ ਤੇ ਪਹੁੰਚ ਕੇ ਸ਼ਰਧਾ ਦੇ ਫੁੱਲ ਭੇਂਟ ਅਰਪਣ ਕਰਣ ਦੇ ਨਾਲ ਸ਼ਰਧਾਂਜਲੀ ਭੇਂਟ ਕੀਤੀ ਗਈ। ਜਿਕਰਯੋਗ ਹੈ ਕਿ ਕਾਮਾਗਾਟਾ ਮਾਰੂ (ਗੁਰੂ ਨਾਨਕ ਜਹਾਜ) 4 ਅਪ੍ਰੈਲ 1914 ਨੂੰ ਬ੍ਰਿਟਿਸ਼ ਹਾਂਗ ਕਾਂਗ ਤੋਂ ਰਵਾਨਾ ਹੋਇਆ ਸੀ ਜਿਸ ਵਿਚ ਭਾਰਤ ਦੇ ਪੰਜਾਬ ਸੂਬੇ ਤੋਂ 376 ਯਾਤਰੀ ਸਨ ਇਹ ਜਹਾਜ ਸ਼ੰਘਾਈ, ਚੀਨ ਅਤੇ ਯੋਕੋਹਾਮਾ, ਜਾਪਾਨ ਹੁੰਦੇ ਹੋਏ ਵੈਨਕੂਵਰ, ਬ੍ਰਿਟਿਸ਼ ਕੋਲੰਬੀਆ, ਕੈਨੇਡਾ ਲਈ ਰਵਾਨਾ ਹੋਇਆ। ਯਾਤਰੀਆਂ ਵਿੱਚ 340 ਸਿੱਖ, 24 ਮੁਸਲਮਾਨ ਅਤੇ 12 ਹਿੰਦੂ ਸ਼ਾਮਲ ਸਨ, ਸਾਰੇ ਪੰਜਾਬੀ ਅਤੇ ਬ੍ਰਿਟਿਸ਼ ਨਾਗਰਿਕ ਸਨ ਅਤੇ ਇਹ 23 ਮਈ 1914 ਨੂੰ ਕੈਨੇਡਾ ਦੇ ਵੈਂਕੂਵਰ ਸਮੁੰਦਰੀ ਕੰਡੇ ਪਹੁੰਚਿਆ ਸੀ। ਡਾ. ਗੁਰਵਿੰਦਰ ਸਿੰਘ ਧਾਲੀਵਾਲ ਨੇ ਇਤਿਹਾਸ ਤੇ ਚਾਨਣ ਪਾਂਦੇ ਦਸਿਆ ਕਿ ਵੈਨਕੂਵਰ ਦੇ ਵਿਚ ਗੁਰੂ ਨਾਨਕ ਜਹਾਜ਼ ਦੇ ਸਿੱਖ ਮੁਸਾਫਿਰ ਜੋ ਕਿ ਨਸਲੀ ਮੱਤਭੇਦ ਦਾ ਸ਼ਿਕਾਰ ਬਣੇ ਅਤੇ ਜਿਨ੍ਹਾਂ ਨੂੰ ਕੈਨੇਡਾ ਦੀ ਧਰਤੀ ਤੇ ਉਤਰਨ ਵੀ ਨਹੀਂ ਦਿੱਤਾ ਗਿਆ ਅਤੇ ਨਾ ਹੀ ਪੰਜਾਬ ਪਰਤਣ ਦਿੱਤਾ ਗਿਆ। ਗੁਰੂ ਨਾਨਕ ਜਹਾਜ ਦੀ 111ਵੀਂ ਬਰਸੀ ਦੇ ਮੌਕੇ ਤੇ ਸਮੁੱਚੇ ਭਾਈਚਾਰੇ ਨੂੰ ਅਸੀਂ ਬਹੁਤ ਬਹੁਤ ਵਧਾਈ ਦੇਂਦੇ ਹਾਂ। ਇਤਿਹਾਸ ਦੇ ਪੰਨਿਆਂ ਵਿੱਚ ਸੋਧ ਕਰਨੀ ਬਹੁਤ ਜਰੂਰੀ ਸੀ। ਕਾਮਾਗਾਟਾ ਮਾਰੂ ਸਾਕਾ (ਗੁਰੂ ਨਾਨਕ ਜਹਾਜ) ਰਾਹੀਂ ਜੋ ਤੁਸੀਂ ਖੋਜ ਤੇ ਸੋਧ ਕਰਕੇ ਇਤਿਹਾਸ ਨੂੰ ਸਹੀ ਜਗ੍ਹਾ ਤੇ ਰੱਖਿਆ ਹੈ। ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਦੇ ਪੁਰਖਿਆਂ ਦਾ ਗੌਰਵਮਈ ਇਤਿਹਾਸ ਦੀ ਸਾਂਭ ਸੰਭਾਲ ਕਰਕੇ ਤੁਸੀਂ ਖਰੇ ਉਤਰੇ ਹੋ। ਤੁਸੀਂ ਸਭ ਵਧਾਈ ਦੇ ਪਾਤਰ ਹੋ। ਲੋਕਾਂ ਦਾ ਇਤਿਹਾਸ ਦੀ ਸੋਧ ਸੁਧਾਈ ਕਰਨੀ ਸਮੇਂ ਦਾ ਹੋਕਾ ਹੈ। ਜਿਨਾਂ ਤਾਕਤਾਂ ਨੇ ਵਧੀਕੀਆਂ ਕੀਤੀਆਂ ਹੁੰਦੀਆਂ ਹਨ ਉਹ ਨਹੀਂ ਚਾਹੁੰਦੀਆਂ ਕਿ ਇਤਿਹਾਸ ਨੂੰ ਸਹੀ ਰੂਪ ਵਿੱਚ ਲੋਕਾਂ ਦੇ ਸਾਹਮਣੇ ਲਿਆਂਦਾ ਜਾਵੇ। ਕਾਮਗਾਟਾਮਾਰੂ (ਗੁਰੂ ਨਾਨਕ ਜਹਾਜ) ਦਾ ਇਤਿਹਾਸ ਸਾਡੇ ਲੋਕਾਂ ਦਾ ਸੁਨਹਿਰੀ ਇਤਿਹਾਸ ਹੈ ਜਿਸ ਨੇ ਦੱਸਿਆ ਹੈ ਕਿ ਅਸੀਂ ਜ਼ੋਰ ਜਬਰ ਦੇ ਮੁਹਰੇ ਹਮੇਸ਼ਾ ਡਟੇ ਹਾਂ। ਸਾਡੇ ਲੋਕਾਂ ਦੀ ਇਸ ਧਰਤੀ ਤੇ ਆਮਦ 19ਵੀਂ ਸਦੀ ਦੇ ਸ਼ੁਰੂ ਵਿੱਚ ਹੀ ਹੋ ਗਈ ਸੀ। ਕਿੰਨੀ ਕੁ ਗਿਣਤੀ ਹੋਵੇਗੀ ਲੋਕਾ ਦੀ ਜਦੋਂ ਗੁਰੂ ਨਾਨਕ ਜਹਾਜ ਵੈਨਕੂਵਰ ਦੇ ਤਟ ਤੇ ਲੱਗਾ ਹੋਵੇਗਾ ਪਰ ਸਾਡੇ ਭਾਈਚਾਰੇ ਨੇ ਉਸ ਘੱਟ ਗਿਣਤੀ ਦੇ ਹੁੰਦਿਆਂ ਹੋਇਆ ਵੀ ਇਕ ਸੁਨਹਿਰੀ ਇਤਿਹਾਸ ਸਿਰਜਿਆ ਹੈ। ਉਹਨਾਂ ਦੇਸ਼ ਭਗਤਾਂ ਦੀਆਂ ਪਾਈਆਂ ਲੀਹਾਂ ਤੇ ਅੱਜ ਤੱਕ ਲੋਕ ਇਹਨਾਂ ਵਧੀਕੀਆਂ ਦੇ ਖਿਲਾਫ ਲੜਦੇ ਆਏ ਹਨ। ਸਾਨੂੰ ਯਾਦ ਹੀ ਹੈ ਕਿ 60ਵਿਆ ਤੇ 70ਵਿਆਂ ਦੇ ਵਿਚ ਕਿਸ ਤਰ੍ਹਾਂ ਸਾਡੇ ਭਾਈਚਾਰੇ ਦੇ ਲੋਕਾਂ ਤੇ ਨਸਲੀ ਹਮਲੇ ਹੁੰਦੇ ਸਨ ? ਪਰ ਉਸ ਦਾ ਜਵਾਬ ਤੇ ਸਾਹਮਣਾ ਵੀ ਸਾਡੇ ਭਾਈਚਾਰੇ ਨੇ ਬਹੁਤ ਹੀ ਸ਼ਾਨਦਾਰ ਤਰੀਕੇ ਨਾਲ ਕੀਤਾ ਸੀ। ਕੈਨੇਡੀਅਨ ਲੋਕਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਉਸ ਦੌਰ ਦੇ ਵਿਚ ਵੀ ਵਧੀਆ ਜਿੱਤ ਪ੍ਰਾਪਤ ਕੀਤੀ ਸੀ। ਇਸ ਪ੍ਰੋਗਰਾਮ ਵਿਚ ਗੁਰਦੁਆਰਾ ਦਸਮੇਸ਼ ਦਰਬਾਰ ਸਰੀ, ਗੁਰਦੁਆਰਾ ਬਾਬਾ ਬੰਦਾ ਸਿੰਘ ਜੀ ਬਹਾਦਰ ਐਬਟਸਫੋਰਡ, ਗੁਰਦੁਆਰਾ ਦੂਖ ਨਿਵਾਰਨ ਸਰੀ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਦੇ ਪ੍ਰਬੰਧਕ ਵਿਸ਼ੇਸ ਤੌਰ ਤੇ ਪਹੁੰਚੇ ਸਨ। ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਤੋਂ ਭਾਈ ਗੁਰਮੀਤ ਸਿੰਘ ਜੀ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਗੁਰਮੀਤ ਸਿੰਘ ਗਿੱਲ, ਭਾਈ ਅਵਤਾਰ ਸਿੰਘ ਖਹਿਰਾ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਐਬਸਫੋਰਡ ਤੋਂ ਭਾਈ ਰਣਜੀਤ ਸਿੰਘ ਖਾਲਸਾ, ਭਾਈ ਕਰਨੈਲ ਸਿੰਘ ਟੁੱਟ, ਗੁਰਦੁਆਰਾ ਦਸ਼ਮੇਸ਼ ਦਰਬਾਰ ਤੋਂ ਭਾਈ ਗੁਰਦੀਪ ਸਿੰਘ ਸਮਰਾ, ਭਾਈ ਜਸਵੀਰ ਸਿੰਘ, ਗੁਰਦੁਆਰਾ ਦੂਖ ਨਿਵਾਰਨ ਸਾਹਿਬ ਤੋਂ ਗਿਆਨੀ ਨਰਿੰਦਰ ਸਿੰਘ ਅਤੇ ਸਾਧੂ ਸਿੰਘ ਨਿੱਝਰ, ਗੁਰਦੁਆਰਾ ਸੁਖ ਸਾਗਰ ਤੋਂ ਹਰਦੀਪ ਸਿੰਘ ਨਾਗਰਾ ਚਰਨਜੀਤ ਸਿੰਘ ਚੱਠਾ, ਸਿੱਖ ਮੋਟਰਸਾਈਕਲ ਕਲੱਬ ਦੇ ਭਾਈ ਕੁਲਵਿੰਦਰ ਸਿੰਘ ਸਮੇਤ ਭਾਰੀ ਗਿਣਤੀ ਅੰਦਰ ਸੰਗਤਾਂ ਨੇ ਹਾਜ਼ਿਰੀ ਭਰ ਕੇ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ ਸਨ। ਇਸ ਸਾਰੇ ਪ੍ਰੋਗਰਾਮ ਦੀ ਤਿਆਰੀ ਅਤੇ ਪ੍ਰਬੰਧ ਭਾਈ ਗੁਰਵਿੰਦਰ ਸਿੰਘ ਧਾਰੀਵਾਲ ਅਤੇ ਰਾਜ ਭੰਡਾਲ ਵੱਲੋਂ ਕੀਤੇ ਗਏ ਸਨ।

## ਕੈਨੇਡੀਅਨ ਸਿੱਖ ਭਾਈਚਾਰੇ ਵਲੋਂ ਭਾਈ ਮੇਵਾ ਸਿੰਘ ਜੀ ਲੋਪੋਕੇ ਨੂੰ ਸ਼ਹੀਦ ਦਾ ਦਰਜਾ ਦੇਣ ਦੀ ਮੰਗ

### ਸਰਪੰਚ ਕੁਲਵਿੰਦਰ ਸਿੰਘ ਮਿੱਠਾ ਅਤੇ ਹੋਰ ਮੋਹਤਬਰਾਂ ਵੱਲੋਂ

# ਗੁਰਦੁਆਰਾ ਹਵੇਲੀ ਸਾਹਿਬ ਜੀ ਚੰਨਣਕੇ ਦੇ ਨਵੇ ਬਜਾਰ ਦਾ ਉਦਘਾਟਨ



ਚੌਕ ਮਹਿਤਾ, 26 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪਿੰਡ ਚੰਨਣਕੇ ਗੁਰਦੁਆਰਾ ਹਵੇਲੀ ਸਾਹਿਬ ਜੀ ਨਵੇ ਬਣੇ ਬਜਾਰ ਦਾ ਉਦਘਾਟਨ ਪਿੰਡ ਦੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਕੀਤਾ। ਇਸ ਮੌਕੇ ਤੇ ਉਨ੍ਹਾਂ ਨੇ ਕਿਹਾ ਕਿ ਪਿੰਡ ਵਿੱਚ ਸਰਕਾਰ ਦੀ ਸਹਾਇਤਾ ਨਾਲ ਲੋੜਵੰਦ ਲੋਕਾਂ ਦੇ ਬਹੁਤ ਸਾਰੇ ਕੋਠਿਆਂ ਦੀਆਂ ਛੱਤਾਂ ਪਵਾ ਦਿੱਤੀਆਂ ਗਈਆਂ ਹਨ। ਹੋਰ ਸਰਕਾਰੀ ਹਾਈ ਸਕੂਲ ਦਾ ਕੰਮ ਚੱਲ ਰਿਹਾ ਹੈ। ਪਿੰਡ ਦਾ ਕੂੜਾ ਦਾਨ ਵੀ ਕੰਮ ਤਕਰੀਬਨ ਹੋ ਚੁੱਕਾ ਹੈ। ਸਰਪੰਚ ਮਿੱਠਾ ਨੇ ਕਿਹਾ ਕਿ ਮੈ ਤੇ ਮੇਰੀ ਪੰਚਾਇਤ ਪਿੰਡ ਦੇ ਲੋਕਾਂ ਨਾਲ ਰੱਲ ਕਿ ਪੰਜਾਬ ਸਰਕਾਰ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀ ਸਹਾਇਤਾ ਨਾਲ ਪਿੰਡ ਨੂੰ ਸੁੰਦਰ ਬਨਾਉਣ ਵਿੱਚ ਕੋਈ ਕਸਰ ਨਹੀਂ ਛੱਡਾਗੇ ਪੰਜਾਬ ਸਰਕਾਰ ਅਤੇ ਸੈਂਟਰਲ ਦੀ ਸਰਕਾਰ ਨੂੰ ਬੇਨਤੀ ਹੈਂ ਕਿ ਨਾਥ ਦੀ ਖੂੱਹੀ ਤੋਂ ਚੰਨਣਕੇ, ਭੋਏਵਾਲ, ਅਰਜਨ ਮਾਗਾ ਦੀਆਂ ਸੜਕਾਂ ਦਾ ਬਹੁਤ ਬੁਰਾ ਹਾਲ ਹੈ, ਲੋਕਾਂ ਦੇ ਕੀਮਤੀ ਵਾਹਨ ਮਾੜੀ ਸੜਕ ਕਾਰਣ ਖਰਾਬ ਹੁੰਦੇ ਹਨ। ਪਿੰਡਾਂ ਦੇ ਬੱਚਿਆਂ ਨੂੰ ਸਕੂਲ ਜਾਣ ਆਉਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪਿੰਡ ਚੰਨਣਕੇ, ਨਾਥ ਦੀ ਖੂੱਹੀ, ਅਰਜਨ ਮਾਗਾ, ਭੋਏਵਾਲ ਨਵੇਂ ਚੰਨਣਕੇ ਦੀਆਂ ਪੰਚਾਇਤ ਵੱਲੋਂ ਸਰਕਾਰ ਨੂੰ ਬੇਨਤੀ ਹੈ ਕਿ ਸਾਡੇ ਪਿੰਡਾਂ ਦਾ ਖਿਆਲ ਕੀਤਾ ਜਾਵੇ। ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂੱਹੀ, ਸਰਪੰਚ ਮੇਜਰ ਸਿੰਘ ਨਵਾਂ ਚੰਨਣਕੇ, ਸਰਪੰਚ ਸੁਰਜੀਤ ਸਿੰਘ ਭੋਏਵਾਲ, ਸਰਪੰਚ ਅਰਜਨ ਮਾਗਾ, ਪ੍ਰਧਾਨ ਲਖਵਿੰਦਰ ਸਿੰਘ, ਸਮਾਜ ਸੇਵੀ ਹਰਭਜਨ ਸਿੰਘ ਚੰਨਣਕੇ, ਨਵਦੀਪ ਸਿੰਘ ਬਾਠ, ਨੰਬਰਦਾਰ ਸਰਬਜੀਤ ਸਿੰਘ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਅਤੇ ਹੋਰ ਆਗੂ ਹਾਜ਼ਰ ਸਨ।

## ☛ ਪਿੰਡ ਚੰਨਣਕੇ ਦੇ ਸੁੰਦਰ ਬਨਾਉਣ ਵਿੱਚ ਕੋਈ ਕਸਰ ਨਹੀਂ ਛੱਡਾਗੇ, ਸਰਪੰਚ ਮਿੱਠਾ
## ☛ ਇਲਾਕੇ ਦੀਆਂ ਸੜਕਾਂ ਵੱਲ ਸਰਕਾਰਾ ਖਾਸ ਕਰਕੇ ਧਿਆਨ ਦੇਣ ਇਲਾਕੇ ਦੀਆਂ ਸਮੂਹ ਪੰਚਾਇਤਾਂ

# ਦਮਦਮੀ ਟਕਸਾਲ ਵਲੋਂ ਮਨਾਏ ਜਾਂਦੇ "ਜੇਠੂਵਾਲ" ਤੇ "ਮੈਹਣੀਆ ਕੁਹਾਰਾਂ" ਵਿਖੇ ਸ਼ਹੀਦੀ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ



**ਚੌਕ ਮਹਿਤਾ, 26 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ 1984 ਵਿਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਜੀ ਦੀ ਅਗਵਾਈ 'ਚ ਅਮਰ ਸ਼ਹੀਦ ਭਾਈ ਅਮਰੀਕ ਸਿੰਘ, ਬਾਬਾ ਠਾਹਰਾ ਸਿੰਘ, ਸ਼ਹੀਦ ਜਰਨਲ ਸੁਬੇਗ ਸਿੰਘ, ਸ਼ਹੀਦ ਬਲਦੇਵ ਸਿੰਘ ਜੇਠੂਵਾਲ ਅਤੇ ਸਮੂਹ ਸ਼ਹੀਦਾਂ ਦੀ ਪਾਵਨ ਯਾਦ ਨੂੰ ਸਮ੍ਰਪਿਤ ਨਗਰ ਜੇਠੂਵਾਲ 27 ਮਈ ਤੇ ਮੈਹਣੀਆਂ ਕੁਹਾਰਾਂ ਦੇ ਵਿਖੇ ਮਿਤੀ 29 ਮਈ ਨੂੰ ਸਾਲਾਨਾਂ 40ਵਾਂ ਸ਼ਹੀਦੀ ਸਮਾਗਮ ਸਜਾਏ ਜਾ ਰਹੇ ਹਨ। ਸਿੱਖ ਵਿਦਵਾਨ ਭਾਈ ਸ਼ਮਸ਼ੇਰ ਸਿੰਘ ਜੇਠੂਵਾਲ ਨੇ ਜਾਣਕਾਰੀ ਦੇਂਦਿਆਂ ਦੱਸਿਆ ਕਿ ਹਰ ਵਰ੍ਹੇ ਦਮਦਮੀ ਟਕਸਾਲ ਵਲੋਂ ਪੂਰਾ ਮਈ ਮਹੀਨਾ ਸ਼ਾਮ 5 ਤੋਂ 7 ਸਮੇਂ ਦੌਰਾਨ ਵੱਖ -ਵੱਖ ਪਿੰਡਾਂ ਸ਼ਹਿਰਾਂ ਵਿਚ ਕੀਤੇ ਜਾਂਦੇ ਏਨਾ ਸਮਾਗਮਾਂ ਦੌਰਾਨ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥਿਆਂ ਵਲੋਂ ਇਲਾਹੀ ਗੁਰਬਾਣੀ ਦੇ ਕੀਰਤਨ ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮਹਾਂਪੁਰਸ਼ਾਂ ਵਲੋਂ ਮਹਾਂਕਵੀ ਸੰਤੋਖ ਸਿੰਘ ਰਚਿਤ ਪੁਰਾਤਨ ਸ੍ਰੋਤ "ਸ੍ਰੀ ਗੁਰੂ ਪ੍ਰਤਾਪ ਸੂਰਜ ਗ੍ਰੰਥ" ਚੋਂ ਗੁਰ ਇਤਿਹਾਸ ਦੀ ਕਥਾ ਸ੍ਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।

# ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਦੀ ਵਿਦਿਆਰਥਣ ਅਰਨੂਬੀਰ ਕੌਰ ਨੂੰ ਡੀ. ਸੀ. ਨੇ ਕੀਤਾ ਸਨਮਨਿਤ

## ਧੀਆਂ ਨੇ ਹਰ ਪੱਖੋ ਸਿਰ ਉੱਚਾ ਕੀਤਾ : ਡਾਇਰੈਕਟਰ ਤੇਜਬੀਰ ਸਿੰਘ ਸੋਹਲ



**ਚੌਕ ਮਹਿਤਾ, 26 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਵਿਦਿਆ ਸੰਸਥਾਵਾਂ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ, ਚੂੰਘ ਦੀ ਵਿਦਿਆਰਥਣ ਅਰਨੂਰਬੀਰ ਕੌਰ ਜੋ ਕਿ ਦਸਵੀਂ ਦੇ ਇਮਤਿਹਾਨਾਂ ਵਿੱਚੋਂ ਪੰਜਾਬ ਮੈਰਿਟ ਵਿੱਚ ਆਈ ਸੀ ਅਤੇ ਜਿਲ੍ਹੇ ਵਿੱਚ ਦੂਸਰੇ ਸਥਾਨ ਤੇ ਰਹੀ ਸੀ ਦਾ ਸਨਮਾਨ ਮਾਣਯੋਗ ਡੀ ਸੀ ਅੰਮ੍ਰਿਤਸਰ ਸਾਕਸ਼ੀ ਸਾਹਨੀ ਵੱਲੋਂ ਕੀਤਾ ਗਿਆ। ਉਹਨਾਂ ਵੱਲੋਂ ਜਿਲ੍ਹੇ ਦੀਆਂ ਪਹਿਲੀਆਂ ਤਿੰਨ ਪੁਜੀਸ਼ਨਾਂ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਵੇਰੇ ਤਕਰੀਬਨ 9:30 ਵਜੇ ਹੀ ਆਪਣੇ ਦਫਤਰ ਵਿੱਚ ਬੁਲਾ ਲਿਆ ਗਿਆ ਸੀ। ਫਿਰ ਉਹਨਾਂ ਵੱਲੋਂ ਸਾਰੇ ਹੀ ਵਿਦਿਆਰਥੀਆਂ ਨੂੰ ਆਪਣੇ ਦਫਤਰ ਦਾ ਟੂਰ ਕਰਵਾਇਆ ਗਿਆ। ਉਨਾਂ ਵੱਲੋਂ ਵਿਦਿਆਰਥੀਆਂ ਨੂੰ ਦਫਤਰ ਦੇ ਵੱਖ-ਵੱਖ ਵਿਭਾਗਾਂ ਦੇ ਸਟਾਫ ਨਾਲ ਜਾਣੂ ਕਰਵਾਇਆ ਗਿਆ। ਇਸ ਤੋਂ ਬਾਅਦ ਮਾਨਯੋਗ ਡੀ ਸੀ ਵੱਲੋਂ ਵਿਦਿਆਰਥੀਆਂ ਨੂੰ ਆਪਣੀ ਰਿਹਾਇਸ਼ ਤੇ ਲਿਜਾਇਆ ਗਿਆ ਅਤੇ ਉਹਨਾਂ ਨੂੰ ਦੁਪਹਿਰ ਦਾ ਖਾਣਾ ਵੀ ਖਵਾਇਆ। ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਅਰਨੂਰਬੀਰ ਕੌਰ ਦੇ ਹੋਏ ਇਸ ਸਨਮਾਨ ਤੇ ਉਸਨੂੰ ਵਧਾਈ ਦਿੱਤੀ ਅਤੇ ਅਜਿਹੀ ਪਹਿਲਕਦਮੀ ਲਈ ਮਾਣਯੋਗ ਡੀ ਸੀ ਸਾਹਿਬਾ ਸਾਕਸ਼ੀ ਸਾਹਨੀ ਜੀ ਦਾ ਧੰਨਵਾਦ ਕੀਤਾ। ਇਸ ਮੌਕੇ ਮੈਡਮ ਜਸਪ੍ਰੀਤ ਕੌਰ ਸੋਹਲ, ਹਰਪ੍ਰੀਤ ਕੌਰ ਸੇਖੋਂ ਹੋਰ ਸਕੂਲਾਂ ਦੇ ਵਿਦਿਆਰਥੀਆਂ ਸਮੇਤ ਡੀ ਸੀ ਦਫਤਰ ਦੇ ਸਾਰੇ ਅਫਸਰਾਨ ਹਾਜ਼ਿਰ ਸਨ।

# ਡਾ. ਸੋਹਲ ਵੱਲੋਂ ਅਗਨੀ ਵੀਰ ਸ਼ਹੀਦ ਅਕਾਸ਼ਦੀਪ ਸਿੰਘ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ



ਗੁਰੂਸਰ ਸੁਧਾਰ (ਗੁਰਜੰਟ ਸਿੰਘ ਖਾਲਸਾ) ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਡਾਕਟਰ ਜਸਵਿੰਦਰ ਕੌਰ ਸੋਹਲ ਵੱਲੋਂ ਫਰੀਦਕੋਟ ਦੇ ਪਿੰਡ ਚਾਹਲ ਵਿਖੇ ਪਹੁੰਚ ਕੇ ਅਗਨੀ ਵੀਰ ਅਕਾਸ਼ਦੀਪ ਸਿੰਘ ਦੀ ਜੰਮੂ ਕਸ਼ਮੀਰ ਵਿਖੇ ਡਿਊਟੀ ਦੌਰਾਨ ਗੋਲੀ ਲੱਗਣ ਕਾਰਨ ਹੋਈ ਸ਼ਹਾਦਤ ਬਾਰੇ ਜਾਣ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਸਦੀਵੀ ਨਿਵਾਸ ਬਖਸ਼ਣ ਡਾਕਟਰ ਸੋਹਲ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪਰਿਵਾਰ ਦੀ ਹਰ ਸੰਭਵ ਮਦਦ ਕਰੇ ਅਤੇ ਸਮੁੱਚੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ। ਮੈਂ ਸਰਕਾਰ ਤੋਂ ਮੰਗ ਕਰਦੀ ਹਾਂ ਕਿ ਉਹ ਪੀੜਤ ਪਰਿਵਾਰ ਦੀ ਹਰ ਸੰਭਵ ਮਦਦ ਕਰੇ।

**25 ਮਈ 2025 - ਸੰਤ ਸਕਾਲਰ ਸ਼੍ਰੋਮਣੀ ਕਥਾਕਾਰ ਸੰਤ ਗਿ: ਨਿਰੰਜਨ ਸਿੰਘ ਜੀ ਪਟਿਆਲਾ ਵਾਲਿਆਂ ਦੀ ਸਲਾਨਾ ਯਾਦ**

# ਸੰਤ ਮਹਿੰਦਰ ਪ੍ਰਤਾਪ ਸਿੰਘ ਪ੍ਰੈਜ਼ੀਡੈਂਟ ਦੀ ਅਗਵਾਈ ਵਿੱਚ ਮਨਾਈ ਗਈ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨਾਲ ਗੁਰਬਾਣੀ ਕਥਾ ਵਿਚਾਰਾਂ ਦੀ ਸਾਂਝ ਪਾਈ


















25 ਮਈ 2025 - ਸੰਤ ਸਕਾਲਰ ਸ਼੍ਰੋਮਣੀ ਕਥਾਕਾਰ ਸੰਤ ਗਿ: ਨਿਰੰਜਨ ਸਿੰਘ ਜੀ ਪਟਿਆਲਾ ਵਾਲਿਆਂ ਦੀ ਸਲਾਨਾ ਯਾਦ ਸੰਤ ਮਹਿੰਦਰ ਪ੍ਰਤਾਪ ਸਿੰਘ ਪ੍ਰੈਜ਼ੀਡੈਂਟ ਜੀ ਦੀ ਅਗਵਾਈ ਵਿੱਚ ਮਨਾਈ ਗਈ ਇਸ ਸਮੇਂ ਹੋਰਨਾਂ ਤੋਂ ਇਲਾਵਾ 'ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ' ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨਾਲ ਗੁਰਬਾਣੀ ਕਥਾ ਵਿਚਾਰਾਂ ਦੀ ਸਾਂਝ ਪਾਈ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਹਾਣੀ

# ਰਾਜੂ

ਰਾਜੂ ਇਕ ਸਾਲ ਦਾ ਸੀ ਜਦੋਂ ਉਸ ਨੂੰ ਉਸ ਦੇ ਮਾਂ-ਬਾਪ ਨੇ ਉਸ ਦੇ ਮਾਮੇ ਨੂੰ ਗੋਦ ਦੇ ਦਿੱਤਾ ਸੀ। ਉਸ ਦੇ ਮਾਮੇ ਘਰ ਕੋਈ ਔਲਾਦ ਨਹੀਂ ਸੀ ਅਤੇ ਭਵਿਖ ਵਿਚ ਔਲਾਦ ਹੋਣ ਦੀ ਕੋਈ ਸੰਭਾਵਨਾ ਵੀ ਨਹੀਂ ਸੀ।

ਰਾਜੂ ਅਪਣੇ ਪਰਿਵਾਰ ਸਹਿਤ ਜਾਲੰਧਰ ਸ਼ਹਿਰ ਵਿਚ ਰਹਿੰਦੇ ਸਨ। ਉਸ ਦਾ ਮਾਤਾ ਐਡਮੰਟਨ, ਕਨੇਡਾ ਵਿਖੇ ਰਹਿੰਦਾ ਸੀ। ਰਾਜੂ ਨੂੰ ਉਸ ਦੇ ਮਾਮਾ-ਮਾਮੀ ਐਡਮੰਟਨ ਲੈ ਗਏ ਸੀ। ਉਹ ਮਾਮਾ-ਮਾਮੀ ਕੋਲ ਹੀ ਰਹਿੰਦਾ ਅਤੇ ਐਡਮੰਟਨ ਦੇ ਇਕ ਸਕੂਲ ਵਿਚ ਪੜ੍ਹਦਾ ਸੀ। ਉਹ ਮਾਮਾ-ਮਾਮੀ ਨੂੰ ਹੀ ਅਪਣਾ ਅਸਲੀ ਮਾਂ-ਬਾਪ ਸਮਝਦਾ ਸੀ। ਉਸ ਨੂੰ ਅਪਣੇ ਅਸਲੀ ਮਾਂ-ਬਾਪ ਦਾ ਪਤਾ ਨਹੀਂ ਸੀ। ਕਿਉਂਕਿ ਕੱਚੀ ਉਮਰ ਦੀ ਕੱਚੀ ਮਿੱਟੀ ਜਿਵੇਂ ਚਾਹੋ ਢਲ ਜਾਂਦੀ ਹੈ। ਹੋਸ਼ ਸੰਭਾਲਣ ਤੋਂ ਪਹਿਲਾਂ ਹੀ ਜੇ ਛੋਟੇ ਬੱਚੇ ਨੂੰ ਗੋਦ ਦੇ ਦਿੱਤਾ ਜਾਵੇ ਤਾਂ ਕੁਦਰਤੀ ਗੱਲ ਹੈ ਅਸਲੀਅਤ ਸਾਹਮਣੇ ਨਹੀਂ ਆਉਂਦੀ। ਬੱਚਾ ਗੋਦ ਲੈਣ ਵਾਲੇ ਮਾਂ-ਬਾਪ ਨੂੰ ਹੀ ਅਸਲੀ ਮਾਂ-ਬਾਪ ਸਮਝਦਾ ਹੈ। ਇਹ ਮਨੋਵਿਗਿਆਨਕ ਤੱਥ ਹੈ। ਜਦੋਂ ਰਾਜੂ ਬਾਰ੍ਹਾਂ ਕੁ ਸਾਲਾਂ ਦਾ ਹੋਇਆ ਤਾਂ ਉਹ ਜਾਲੰਧਰ (ਪੰਜਾਬ) ਵਿਖੇ ਇਕ ਰਿਸ਼ਤੇਦਾਰ ਦੇ ਵਿਆਹ ਸਮਾਗਮ ਵਿਚ ਸ਼ਾਮਿਲ ਹੋਣ ਲਈ ਅਪਣੇ ਮਾਂ-ਬਾਪ (ਮਾਮਾ-ਮਾਮੀ) ਨਾਲ ਆਇਆ। ਲਗਭਗ ਇੱਕ ਮਹੀਨਾ ਉਹਨ੍ਹਾਂ ਨੇ ਪੰਜਾਬ ਰਹਿਣਾ ਸੀ।

ਰਾਜੂ ਨੂੰ ਕਿਸੇ ਰਿਸ਼ਤੇਦਾਰ ਨੇ ਦੱਸ ਦਿੱਤਾ, ਕਿ ਉਸ ਦੇ ਅਸਲੀ ਮਾਂ-ਬਾਪ ਕੌਣ ਹਨ? ਕਿਸੇ ਰਿਸ਼ਤੇਦਾਰ ਨੇ ਸਾਰੀ ਅਸਲੀਅਤ ਦੱਸ ਦਿੱਤੀ। ਰਾਜੂ ਦੇ ਮਨ ਤੇ ਗਹਿਰਾ ਅਸਰ ਹੋਇਆ। ਉਸ ਦਾ ਦਿਮਾਗ ਇਕਦਮ ਬੌਂਦਲ ਗਿਆ। ਜਿਵੇਂ ਉਸ ਦੀਆਂ ਅੱਖਾਂ ਅੰਗੇ ਕੋਈ ਤੇਜ਼ ਨੇਰ੍ਹੀ ਲੰਘ ਰਹੀ ਹੋਵੇ। ਜਿਵੇਂ ਉਸ ਦੇ ਦਿਮਾਗ਼ ਵਿਚ ਕੋਈ ਜਵਾਰ ਭਾਟਾ ਫੁੱਟਣ ਵਾਲਾ ਹੋਵੇ। ਜਿਵੇਂ ਕਿਸੇ ਨੇ ਖ਼ੂਬਸੂਰਤ ਸਾਬਤ ਸਬੂਤੇ ਮਜਬੂਤ ਸ਼ੀਸ਼ੇ ਤੇ ਲੱਖਾਂ ਹੀ ਪੱਥਰ ਮਾਰ ਦਿੱਤੇ ਹੋਣ।

ਉਹ ਹਿੰਮਤ ਕਰਕੇ ਅਪਣੇ ਅਸਲੀ ਮਾਂ-ਬਾਪ ਨੂੰ ਮਿਲਿਆ ਅਤੇ ਅਪਣੀ ਮਾਂ ਨੂੰ ਕੁਰਲਾਂਦੀ ਤਰਸਮਈ ਆਵਾਜ਼ ਵਿਚ ਕਹਿਣ ਲੱਗਾ, ਮੈਨੂੰ ਪਤਾ ਲੱਗ ਗਿਆ ਹੈ ਕਿ ਤੁਸੀਂ ਮੇਰੇ ਅਸਲੀ ਮਾਂ-ਬਾਪ ਹੋ। ਕੀ ਤੁਸੀਂ ਮੈਨੂੰ ਅਪਣੇ ਕੋਲ ਨਹੀਂ ਰੱਖ ਸਕਦੇ ਸੀ? ਤੁਸੀਂ ਮੈਨੂੰ ਮਾਮੇ-ਮਾਮੀ ਨੂੰ ਕਿਉਂ ਦਿੱਤਾ? ਮੇਰਾ ਕੀ ਕਸੂਰ ਏ?

ਉਸ ਦੇ ਮਾਂ-ਬਾਪ ਨੇ ਬਹੁਤ ਸਮਝਾਇਆ ਕਿ ਰਾਜੂ ਬੇਟਾ ਹੁਣ ਤੇਰੇ ਮਾਂ-ਬਾਪ ਉਹ ਹੀ ਹਨ। ਤੈਨੂੰ ਛੋਟੇ ਹੁੰਦੇ ਨੂੰ ਗੋਦ ਦੇ ਦਿੱਤਾ ਸੀ। ਕਿਉਂਕਿ ਮੇਰੇ ਮਾਤਾ ਮਾਮੀ ਦੇ ਡਾਕਟਰੀ ਮਸ਼ਵਰੇ ਦੇ ਮੁਤਾਬਿਕ ਔਲਾਦ ਨਹੀਂ ਸੀ ਹੋ ਸਕਦੀ। ਅਸੀਂ ਉਹਨ੍ਹਾਂ ਦੀ ਖੁਸ਼ਹਾਲੀ ਕਰਕੇ, ਔਲਾਦ ਦੇ ਮੋਹ ਕਰਕੇ ਤੈਨੂੰ ਗੋਦ ਦੇ ਦਿੱਤਾ ਸੀ। ਨਾਲੇ ਉਹ ਵਧੀਆ ਸ਼ਹਿਰ ਵਿਚ ਕਨੇਡਾ ਰਹਿੰਦਾ ਸੀ। ਸਾਡੇ ਨਾਲੋਂ ਜ਼ਿਆਦਾ ਅਮਰੀ ਅਤੇ ਸੁੱਖ ਸਹੂਲਤਾਂ ਵਾਲੇ ਹਨ ਤਾਂ ਕਿ ਤੇਰੀ ਜ਼ਿੰਦਗੀ ਵਧੀਆ ਬਣੇ। ਲੋਕ ਤਾਂ ਕਨੇਡਾ ਜਾਣ ਨੂੰ ਤਰਸਦੇ ਹਨ। ਇਸ ਵਿਚ ਤੇਰੀ ਹੀ ਬਿਹਤਰੀ ਸੀ ਬੇਟਾ।

ਰਾਜੂ ਮਾਂ-ਬਾਪ ਦੇ ਜਵਾਬਾਂ ਤੋਂ ਸਤੁੰਸ਼ਟ ਨਾ ਹੋਇਆ। ਜਿਵੇਂ ਉਹਨਾਂ ਨੇ ਉਸ ਨਾਲ ਕੋਈ ਬੇਇੰਨਸਾਫ਼ੀ ਕੀਤੀ ਹੋਵੇ। ਜਿਵੇਂ ਵਾਧੂ ਜਿਹੀ ਚੀਜ਼ ਸਮਝ ਕੇ ਕਿਸੇ ਨੂੰ ਦੇ ਦਿੱਤੀ ਹੋਵੇ।

ਰਾਜੂ ਦਾ ਇਕ ਭਰਾ ਅਤੇ ਇਕ ਭੈਣ ਹੋਰ ਵੀ ਸੀ। ਉਹ ਉਨ੍ਹਾਂ ਨੂੰ ਵੀ ਮਿਲਿਆ ਪਰ ਰਾਜੂ ਦੇ ਮਨ-ਦਿਮਾਗ ਦੀ ਸਤੁੰਸ਼ਟੀ ਭਟਕਣ ਵਿਚ ਡਾਵਾਂਡੋਲ ਹੋ ਗਈ ਪਰ ਰਾਜੂ ਹੁਣ ਕੀ ਕਰ ਸਕਦਾ ਸੀ? ਪਰ ਉਹ ਆਪਣੇ ਅਸਲੀ ਮਾਂ-ਬਾਪ ਨਾਲ ਰਹਿਣਾ ਚਾਹੁੰਦਾ ਸੀ।

ਰਾਜੂ ਦੇ ਦਿਲ-ਦਿਮਾਗ ਉਪਰ ਉਦਾਸੀ ਛਾਂ ਗਈ, ਉਸ ਦੀ ਸੋਚ ਵਿਲਕ-ਵਿਲਕ ਤਿੜਕ ਗਈ। ਦਿਮਾਗ ਵਿਚ ਕਿਸੇ ਨੇ ਜਿਵੇਂ ਕਿਲ ਠੋਕ ਦਿੱਤੇ ਹੋਣ। ਉਸ ਨੂੰ ਅਪਣੇ ਅਸਲੀ ਮਾਤਾ-ਪਿਤਾ ਪ੍ਰਤੀ ਸਖ਼ਤ ਘ੍ਰਿਣਾ ਹੋ ਗਈ।

ਲਗਭਗ ਮਹੀਨ ਦੇ ਬਾਅਦ ਉਹ ਅਪਣੇ ਨਕਲੀ ਮਾਂ ਬਾਪ (ਮਾਮਾ-ਮਾਮੀ) ਨਾਲ ਫ਼ਿਰ ਵਾਪਿਸ ਐਡਮੰਟਨ, ਕਨੇਡਾ ਆ ਗਿਆ। ਉਸ ਦੇ ਮਾਮਾ-ਮਾਮੀ ਨੂੰ ਵੀ ਪਤਾ ਚਲ ਗਿਆ ਸੀ ਕਿ ਰਾਜੂ ਨੂੰ ਅਸਲੀਅਤ ਦਾ ਪਤਾ ਲੱਗ ਗਿਆ ਹੈ।

ਰਾਜੂ ਇਕ ਦਿਨ ਸਕੂਲ ਗਿਆ ਤੇ ਮੁੜ ਵਾਪਿਸ ਨਾ ਆਇਆ। ਉਸ ਦੀ ਤਲਾਸ਼ ਵਿਚ ਕਈ ਇਸ਼ਿਤਹਾਰ ਕਢਵਾਏ ਗਏ। ਜਾਲੰਧਰ ਉਸ ਦੇ ਮਾਂ-ਬਾਪ ਨੂੰ ਸੂਚਿਤ ਕਰ ਦਿੱਤਾ ਗਿਆ ਕਿ ਰਾਜੂ ਕਈ ਦਿਨਾਂ ਤੋਂ ਨਹੀਂ ਮਿਲ ਰਿਹਾ।

ਰਾਜੂ ਦੇ ਅਸਲੀ ਮਾਂ-ਬਾਪ ਅਤੇ ਭੈਣ-ਭਰਾ ਬਹੁਤ ਪਰੇਸ਼ਾਨ ਹੋ ਗਏ। ਉਸ ਦੀ ਮਾਂ ਦਾ ਕਲੇਜਾ ਤਾਂ ਮੂੰਹ ਨੂੰ ਆਵੇ। ਉਹ ਸਭ ਬਹੁਤ ਰੋਏ। ਸਾਰਾ ਪਰਿਵਾਰ ਪਸ਼ਚਾਤਾਪ ਦੀ ਅਗਨੀ ਵਿਚ ਝੁਲਸਣ ਲੱਗਾ। ਉਹ ਹੁਣ ਸੋਚਦੇ ਕਿ ਜੇ ਰਾਜੂ ਸਾਡੇ ਕੋਲ ਰਹਿਣਾ ਚਾਹੁੰਦਾ ਸੀ ਤਾਂ ਉਸ ਦੀ ਗੱਲ ਮੰਨ ਲੈਣੀ ਚਾਹੀਦੀ ਸੀ। ਪਰ ਹੁਣ ਹੱਥੋਂ ਤੀਰ ਨਿਕਲ ਚੁਕਾ ਸੀ। ਇਕ ਪਛਤਾਵੇ ਦੀ ਅਗਨੀ ਦਿਨ ਰਾਤ ਲੂਹਦੀ ਰਵੇਗੀ। ਇਸ ਤਰ੍ਹਾਂ ਕਈ ਸਾਲ ਨਿਕਲ ਗਏ ਪਰ ਰਾਜੂ ਦਾ ਕੋਈ ਥਹੁ ਪਤਾ ਨਾ ਲੱਗਾ। ਹੁਣ ਉਨ੍ਹਾਂ ਨੇ ਰਾਜੂ ਦੇ ਆਉਣ ਦੀ ਉਮੀਦ ਲਾਹ ਸੁੱਟੀ ਸੀ। ਜਿਵੇਂ ਰਾਜੂ ਇਕ ਸੁਪਨ ਬਣ ਗਿਆ ਹੋਵੇ। ਪਰ ਮਾਂ-ਬਾਪ ਦੀਆਂ ਆਂਦਰਾ ਦਾ ਕੋਮਲ ਹਿੱਸਾ ਜਿਸਮ 'ਚੋਂ ਗੁੰਮ ਹੋ ਜਾਵੇ ਤਾਂ ਉਹ ਜਿਉਂਦੀ ਲਾਸ਼ ਵਰਗੇ ਹੀ ਹੋ ਜਾਂਦੇ ਹਨ। ਇਕ ਆਸ ਦਾ ਦੀਪਕ ਹਿਰਦੇ ਵਿਚ ਜਗਦਾ ਤਾਂ ਹੈ ਪਰ ਉਸ ਦੀ ਲੋਅ ਆਲਾ-ਦੁਆਲਾ ਸਾੜਦੀ ਰਹਿੰਦੀ ਹੈ। ਜੋ ਵੀ ਉਸ ਦੀਪਕ ਦੇ ਕੋਲ ਜਾਂਦਾ ਹੈ ਸੜਣ ਦੀਆਂ ਸੰਭਾਵਨਾ ਨੂੰ ਜਨਮ ਦਿੰਦਾ ਰਹਿਦਾ ਹੈ।

ਰਾਜੂ ਦਾ ਭਰਾ ਭੁਪਿੰਦਰ ਅਤੇ ਭੈਣ ਮਨਜੀਤ ਕੌਰ ਉਚ ਸਿਖਿਆ ਲੈ ਕੇ ਪੜ੍ਹ ਲਿਖ ਗਏ। ਅਤੇ ਉਹ ਪੀ.ਆਰ ਲੈ ਕੇ ਐਡਮੰਟਨ ਕਨੇਡਾ ਚਲੇ ਗਏ। ਐਡਮੰਟਨ ਵਿਖੇ ਕੁਝ ਸਾਲਾਂ ਬਾਅਦ ਉਨ੍ਹਾਂ ਨੇ ਚੰਗੀਆਂ ਨੌਕਰੀਆਂ ਹਾਸਿਲ ਕਰ ਲਈਆਂ ਅਤੇ ਅਪਣਾ ਇਕ ਖ਼ੂਬਸੂਰਤ ਘਰ ਵੀ ਲੈ ਲਿਆ।

ਲਗਭਗ 18 ਸਾਲ ਦੇ ਬਾਅਦ ਰਾਜੂ ਨੂੰ ਘਰ ਦੀ ਯਾਦ ਸਤਾਉਣ ਲੱਗੀ। ਉਸ ਨੂੰ ਅਪਣੇ ਅਸਲੀ ਮਾਂ-ਬਾਪ ਅਤੇ ਭੈਣ-ਭਰਾ ਦੀ ਯਾਦ ਘੁਣ ਵਾਂਗ ਖ਼ਾਣ ਲੱਗੀ। ਰਾਜੂ ਹੁਣ ਜਵਾਨੀ ਦੀਆਂ ਖ਼ੂਬਸੂਰਤ ਰੰਗੀਨ ਭਾਵਨਾਵਾਂ ਨਾਲ ਮਾਲਾ ਮਾਲ ਸੀ। ਉਸ ਦਾ ਛੇ ਫੁੱਟ ਭਰਵਾਂ ਕੱਦ ਕਾਠ ਕਿਸੇ ਤੇਜ਼ਸਵੀ ਝਰਨੇ ਦੀ ਰਵਾਨੀ ਵਾਂਗ ਵਹਿਣ ਲੱਗਾ। ਭਰ ਜਵਾਨੀ ਵਾਲੇ ਸਾਰੇ ਦੈਹਿਕ-ਭੌਤਿਕ ਤੱਤ ਉਸ ਨੂੰ ਚੇਤਨਤਾ ਨੂੰ ਟੁੰਬਦੇ। ਲਲਕ, ਪਲਕ, ਉਮੰਗ, ਤਰੰਗ ਉਸ ਦੇ ਜਿਸਮ ਚੋਂ ਖ਼ੁਸ਼ਬੂ ਪੈਦਾ ਕਰਦੇ। ਉਸ ਦੀ ਸੋਚ ਸਤੁੰਲਿਤ ਅਤੇ ਦਲੇਰ ਸੰਭਾਵਨਾਂ ਦੀ ਰਾਹਨੁਮਈ ਕਰਦੀ। ਕੀ ਚੰਗਾ? ਕੀ ਮਾੜਾ? ਉਸ ਦੀ ਸੋਚ ਵਿਚ ਤੈਰਦਾ।

ਉਸ ਨੇ ਅਪਣੇ ਇਕ ਦੋਸਤ ਨੂੰ ਮਸ਼ਿਵਰਾ ਦੇਦਿੰਆਂ ਕਿਹਾ ਕਿ ਯਾਰ ਤੂੰ ਇੰਝ ਕਰ ਮੇਰਾ ਮਾਮਾ-ਮਾਮੀ ਐਡਮੰਟਨ 'ਚ ਟਾਮਾਰਾਕ ਵਿਖੇ ਰਹਿੰਦੇ ਹਨ। ਉਨ੍ਹਾਂ ਤੋਂ ਸਾਰਾ ਭੇਦ ਲਿਆ ਕਿ ਮੇਰੇ ਅਸਲੀ ਮੰਮੀ-ਡੈਡੀ ਕਿਥੇ ਰਹਿੰਦੇ ਹਨ? ਉਨ੍ਹਾਂ ਦਾ ਫ਼ੋਨ ਨੰਬਰ ਵੀ ਲੈ ਕੇ ਆਵੀਂ। ਇਹ ਉਸ ਦਾ ਦੋਸਤ ਐਡਮੰਟਨ ਇਕੱਠੇ ਖੇਡਦੇ ਹੁੰਦੇ ਸੀ। ਗਰਊਂਡ ਵਿਚ ਮਾਮਾ-ਮਾਮੀ ਦੇ ਨਾਲ ਉਸ ਦੋਸਤ ਨਾਲ ਇਕੱਠੇ ਸਾਈਕਲ ਚਲਾਉਂਦੇ ਹੁੰਦੇ ਸੀ। ਇਹ ਦੋਸਤ ਮਾਮਾ-ਮਾਮੀ ਨੂੰ ਚੰਗੀ ਤਰ੍ਹਾਂ ਜਾਣਦਾ ਸੀ ਅਤੇ ਰਾਜੂ ਨਾਲ ਉਨ੍ਹਾਂ ਦੇ ਘਰ ਵੀ ਆਉਂਦਾ-ਜਾਂਦਾ ਸੀ।

ਉਹ ਦੋਸਤ ਮਾਮਾ-ਮਾਮੀ ਦੇ ਘਰ ਚਲਿਆ ਗਿਆ ਪਰ ਰਾਜੂ ਬਾਰੇ ਨਾ ਦੱਸਿਆ। ਇਕ ਭੇਤੀ ਬਣ ਕੇ ਗਿਆ। ਉਸ ਦੋਸਤ ਨੇ ਮਾਮਾ-ਮਾਮੀ ਕੋਲ ਸਾਰੇ ਹਾਲਾਤ ਜਾਣ ਲਏ। ਸਾਰੀ ਜਾਣਕਾਰੀ-ਇਕੱਠੀ ਕਰ ਲਈ

ਉਸ ਦੋਸਤ ਨੇ ਰਾਜੂ ਨੂੰ ਆ ਕੇ ਦੱਸਿਆ "ਕਿ ਰਾਜੂ, ਤੇਰੇ ਮੰਮੀ ਡੈਡੀ ਅਜਕਲ ਜਾਲੰਧਰ ਨਹੀਂ, ਐਡਮੰਟਨ ਵਿਚ ਹੀ ਰਹਿੰਦੇ ਹਨ। ਉਨ੍ਹਾਂ ਦਾ ਅਪਣਾ ਘਰ ਹੈ। ਅਤੇ ਔਹ ਉਨ੍ਹਾਂ ਦਾ ਫੋਨ ਨੰਬਰ ਹੈ।"

ਰਾਜੂ ਦੀ ਮਿਲਣਦੀ ਤੜਪ ਹੋਰ ਵੱਧ ਗਈ। ਖ਼ੁਸ਼ੀ ਵਿਚ ਉਸ ਦਾ ਮਨ ਪੀਂਘ ਪੁਲਾਰੇ ਖਾਣ ਲੱਗਾ। ਉਸ ਨੇ ਹਿੰਮਤ ਕਰਕੇ ਫੋਨ ਕੀਤਾ", ਤਾਂ ਫੋਨ ਉਸ ਦੀ ਮਾਂ ਨੇ ਚੁੱਕਿਆ। ਰਾਜੂ ਨੇ ਆਵਾਜ਼ ਪਹਿਚਾਣ ਲਈ ਸੀ, ਉਹ ਆਵਾਜ ਉਸ ਦੀ ਮਾਂ ਦੀ ਹੀ ਸੀ। ਰਾਜੂ ਨੇ ਹੌਲੀ ਜਿਹੀ ਰੋਆਂਸੀ ਥਿੜਕਦੀ ਆਵਾਜ਼ ਵਿਚ ਕਿਹਾ," ਮਾਂ! ਰਾਜੂ ਦੀ ਮਾਂ ਦੇ ਇਕਦਮ ਹੋਸ਼ ਸੰਭਲ ਗਏ। ਕੰਨ ਖੜੇ ਹੋ ਗਏ। ਜਿਵੇਂ ਇਸ ਸਰਗੋਸੀ ਵਿਚ ਉਸ ਦੀਆਂ ਆਂਦਰਾਂ ਦੀ ਤੜਪ ਹੋਵੇ। ਸਾਰੇ ਸਰੀਰ ਵਿਚ ਇਕ ਭੂਮੀਗਤ ਅਣਪਛਾਣੀ ਜਗਿਆਸਾ ਮਈ ਇੱਛਾ ਦੀ ਦਰਦ ਭਰੀ ਲਹਿਰ ਦੌੜ ਗਈ ਹੋਵੇ। ਉਸ ਦੀ ਮਾਂ ਨੇ ਜਗਿਆਸਾ ਦੀ ਤੀਬਰਤਾ ਖੋਹਣ ਦੀ ਕੋਸ਼ਿਸ਼ ਕਰਦੇ ਹੋਏ ਕਿਹਾ, 'ਕੌਣ, ਬੇਟਾ ਤੁਸੀ ਕੌਮ ਬੋਲ ਰਹੇ ਹੋ? ਕਿਸ ਨੂੰ ਮਿਲਆ ਏ ਬੇਟਾ?"

ਮਾਂ..ਮਾਂਮੈਂ.ਮੈਂ.ਰਾਜੂ ਬੋਲ ਰਿਹਾ ਹਾਂ।"

ਉਸ ਦੀ ਮਾਂ ਦੀ ਉੱਚੀ ਸਾਰੀ ਚੀਕ ਨਿਕਲ ਗਈ ਜਿਵੇਂ ਉਸ ਦੇ ਲਬਾ ਤੇ ਆਇਆ ਰਾਜੂ ਦਾ ਨਾਮ ਸੱਤ ਅਸਮਾਨ ਪਾਰ ਕਰ ਗਿਆ ਹੋਵੇ, ਇਕ ਗੂੰਜ ਸਤ ਸਮੁੰਦਰ ਚੀਰ ਗਈ। ਉਸ ਦੀ ਮਾਂ ਦੀਆਂ ਅੱਖਾਂ ਵਿਚੋਂ ਹੰਝੂ ਬਾਰਿਸ਼ ਵਾਂਗ ਟਪਕਣ ਲੱਗੇ। ਮੋਬਾਇਲ (ਰੀਸੀਵਰ) ਹੱਥਾਂ ਵਿਚ ਕੰਪਣਤਾ ਨੂੰ ਛੂਹ ਗਿਆ। ਸਮੁੰਦਰ ਦੀਆਂ ਕਈ ਲਹਿਰਾਂ ਜਿਸਮ ਚੋਂ ਆਰ-ਪਾਰ ਹੋ ਗਈਆਂ। ਜਿਵੇਂ ਸੂਰਜ ਚੰਦ ਸਿਤਾਰੇ ਇਕੱਠੇ ਚੜ੍ਹ ਗਏ ਹੋਣ। ਆਸਮਾਨ ਦਾ ਸਾਰਾ ਨਿਯਮ ਉਲਟ-ਪੁਲਟ ਹੋ ਗਿਆ ਹੋਵੇ ਜਿਵੇਂ ਸਾਰੀ ਧਰਤੀ ਉਸ ਦੀ ਹੋ ਗਈ ਹੋਵੇ। ਖ਼ੁਸ਼ੀ ਦੇ ਅਨੇਕਾਂ ਦੀਵੇ ਜਗਮਗਾ ਉੱਠੇ।

ਉਸ ਨੇ ਰੁਆਂਸੀ ਆਵਾਜ਼ ਵਿਚ ਇਕ ਲਲਕ ਇਕ ਲਪਕ ਦੀ ਤੜਪ ਵਿਚ ਕਿਹਾ, "ਮੇਰੇ ਪਿਆਰੇ ਪੁੱਤਰ ਤੂੰ ਕਿੱਥੇ ਆਂ? ਮੇਰੇ ਸੋਹਣੇ ਲਾਲ, ਮੇਰੇ ਬੇਟੇ, ਮੇਰੇ ਪੁੱਤਰ, ਮੇਰੇ ਚੰਨ, ਆ ਮੈਨੂੰ ਘੁੱਟ ਕੇ ਜੱਫੀ ਵਿਚ ਲੈ-ਲੈ। ਮੇਰੇ ਪੁਤਰ ਮੇਰੇ ਲਾਡਲੇ, ਤੂੰ ਇੱਥੇ ਏ, ਮੇਰੇ ਲਾਲ?

ਉਸ ਨੇ ਅੱਖਾਂ ਵਿਚ ਸੁਮੰਦਰ ਭਰਦੇ ਹੋਏ ਕਿਹਾ, " ਮਾਂ, ਮੈਨੂੰ ਤੁਹਾਡੇ ਬਾਰੇ ਸਾਰੀ ਜਾਣਕਾਰੀ ਮਿਲ ਗਈ ਹੈ। ਮੈਂ ਅਜਕਲ ਟਰਾਂਟੋ (ਕੈਨੇਡਾ) ਰਹਿੰਦਾ ਹਾਂ ਪਰ ਮੈਂ ਅਜਕਲ ਐਡਮੰਟਨ ਵਿਚ ਹੀ-ਹਾਂ। ਮੈਂ ਹੁਣ ਤੁਹਾਨੂੰ ਮਿਲਣ ਲਈ ਆਉਂਦਾ ਹਾਂ।

ਉਸ ਦਿਨ ਛੁੱਟੀ ਵਾਲਾ ਦਿਨ ਸੀ। ਉਸ ਦੀ ਮਾਂ ਨੇ ਸਾਰੇ ਪਰਿਵਾਰ ਨੂੰ ਖ਼ੁਸ਼ੀ ਵਿਚ ਮੂਧਿਆਂ ਹੁੰਦੇ ਹੋਏ ਦੱਸਿਆ ਕਿ ਮੇਰਾ ਬੇਟਾ ਰਾਜੂ ਆ ਰਿਹਾ ਹੈ। ਖ਼ੁਸ਼ੀ ਦਾ ਮਾਹੌਲ ਸਿਰ ਚੜ੍ਹ ਕੇ ਬੋਲਣ ਲੱਗਾ। ਜਿਵੇਂ ਖ਼ੁਸ਼ੀ ਦੇ ਅਸਮਾਨ 'ਚੋਂ ਸਾਰੇ ਤਾਰੇ ਉਨ੍ਹਾਂ ਦੀ ਝੋਲੀ ਵਿਚ ਆ ਡਿਗੇ ਹੋਣ ਤੇ ਸਾਂਭੇ ਨਾ ਜਾਂਦੇ ਹੋਣ।

ਸਾਰਾ ਪਰਿਵਾਰ ਘਰ ਦੇ ਬਾਹਰ ਖੜ੍ਹਾ ਹੋ ਗਿਆ। ਮਾਂ ਨੇ ਹੱਥਾਂ ਵਿਚ ਤੇਲ ਚੋਣ ਵਾਲੀ ਕੌਲੀ ਮਜ਼ਬੂਤੀ ਨਾਲ ਫੜੀ ਲਈ। ਜਿਵੇਂ ਕਿ ਮੰਦਿਰ 'ਚੋਂ ਕਿਸੇ ਭਗਵਾਨ ਦੇ ਦਰਸ਼ਨ ਕਰਨੇ ਹੋਣ ਸਾਕਾਰ ਰੂਪ ਵਿਚ।

ਕੁਝ ਸਮੇਂ ਦੇ ਬਾਅਦ ਘਰ ਦੇ ਸਾਹਮਣੇ ਇਕ ਕਾਲੇ ਰੰਗੀ ਦੀ ਖ਼ੂਬਸੂਰਤ ਕਾਰ 'ਚੋਂ ਜਦ ਉਹ ਬਾਹਰ ਨਿਕਲਿਆ ਤਾਂ ਮਾਂ ਨੇ ਝੱਟ ਪਹਿਚਾਣ ਲਿਆ। ਉਹ ਦਰਵਾਜ਼ੇ 'ਚੋਂ ਹੀ ਦੌੜੀ ਹੋਈ ਗਈ, ਤੇਲ ਵਾਲੀ ਕੌਲੀ ਨੇ ਰਾਜੂ ਦੀ ਆਮਦ ਵਿਚ ਅਭਿਆਦਨ ਦੀ ਮੁਦਰਾ ਵਿਚ ਧਰਤੀ ਨੂੰ ਸੰਵਾਰ ਦਿੱਤਾ। ਉਸ ਦੀ ਮਾਂ ਰਾਜੂ ਨਾਲ ਲਿਪਟ ਕੇ ਜ਼ੋਰ ਜ਼ੋਰ ਨਾਲ ਸਿਸਕਦੀਆਂ ਦੇ ਹੁਲਾਰਿਆਂ ਵਿਚ ਰੋਂਦੀ ਜਾ ਰਹੀ ਸੀ। ਮਾਂ ਨੇ ਉਸ ਨੂੰ ਚੁੰਮ-ਚੁੰਮ ਕੇ ਹਾਲੋ-ਬੇਹਾਲ ਕਰ ਲਿਆ। ਮਾਂ-ਪੁੱਤ ਘੁੱਟ ਕੇ ਜਫੀਆਂ ਪਾ ਕੇ ਮਿਲੇ ਜਿਵੇਂ ਸਦੀਆਂ ਦੀ ਮੋਹ ਦੀ ਪਿਆਸ ਬੁੱਜ ਗਈ ਹੋਵੇ। ਮਾਂ ਦੀਆਂ ਅਸੀਸਾਂ ਦਾ ਅਸਮਾਨ ਤਾਰਿਆਂ ਨਾਲ ਭਰ ਗਿਆ।

ਡੈਡੀ ਅਤੇ ਭੈਣ, ਭਰਾ ਮਿਲ। ਖ਼ੁਸ਼ੀ ਦੇ ਹੰਝੂਆਂ ਵਿਚ ਗਵਾਚਿਆ ਮੋਹ ਫਿਰ ਬੁਲੰਦੀ ਨੂੰ ਛੂਹ ਗਿਆ।

ਰਾਜੂ ਦੀ ਮਾਂ ਅਤੇ ਸਾਰੇ ਪਰਿਵਾਰ ਨਾਲ ਮਿਲ ਕੇ ਤਰ੍ਹਾਂ-ਤਰ੍ਹਾਂ ਦੇ ਮਿਸ਼ਠਾਣ, ਪਕਵਾਣ ਬਣਾ ਰੱਖੇ ਸੀ। ਸਭ ਬਾਰ-ਬਾਰ ਉਸ ਨੂੰ ਗਲੇ ਵਿਚ ਲੈਂਦੇ। ਮਾਂ ਤੇ ਜਿਵੇਂ ਮੀਰਾਂ ਹੋ ਗਈ ਹੋਵੇ।

ਸ਼ਾਮ ਦੇ ਵੇਲੇ ਰੋਟੀ ਪਾਣੀ ਖ਼ਾਣ ਤੋਂ ਪਹਿਲਾਂ ਰਾਜੂ ਨੂੰ ਉਸ ਦੀ ਮਾਂ ਨੇ ਜਗਿਆਸਾ ਮਈ ਲਿਲਕੜੀ ਵਿਚ ਪੁੱਛਿਆ, ਪੁੱਤਰ ਤੂੰ ਏਨੇ ਸਾਲ ਕਿੱਥੇ ਰਿਹਾ, ਮੇਰਾ ਲਾਡਲਾ, ਤੈਨੂੰ ਮਾਂ ਦੀਆਂ ਆਂਦਰਾਂ ਦਾ ਖਿਆਲ ਨਾ ਆਇਆ। ਮੇਰੇ ਲਾਲ ਤੈਨੂੰ ਸਾਡੀ ਕਦੀ ਯਾਦ ਨਾ ਆਈ?

ਤਾਂ ਰਾਜੂ ਨੇ ਸਾਰਾ ਵਜੂਦ ਇਕੱਠਾ ਕਰਦੇ ਹੋਏ ਅਪਣੇ ਹੌਸਲੇ ਦੀ ਬੇੜੀ ਨੂੰ ਪਾਰ ਲਗਾਂਦੇ ਹੋਏ ਦੱਸਿਆ, ਮਾਂ, ਜਦੋਂ ਮੈਨੂੰ ਪਤਾ ਲੱਗਾ ਕਿ ਤੁਸੀਂ ਮੇਰੇ ਅਸਲੀ ਮਾਤਾ-ਪਿਤਾ ਹੋ ਤਾਂ ਮੇਰਾ ਦਿਲ ਉਖੜ ਗਿਆ। ਫਿਰ ਮਾਮਾ-ਮਾਮੀ ਕੋਲ ਮੇਰਾ ਦਿਲ ਨਹੀਂ ਲੱਗਾ। ਦਿਨ-ਰਾਤ ਤੁਹਾਡੀ ਸਭ ਦੀ ਯਾਦ ਆਉਣ ਲੱਗੀ। ਵਾਪਿਸ ਮੈਂ ਆ ਨਹੀਂ ਸਾਂ ਸਕਦਾ। ਮੈਂ ਘਰੋਂ ਦੌੜਨ ਦਾ ਪ੍ਰਣ ਕਰ ਲਿਆ, ਕਈ ਉਚੇ ਨੀਵੇਂ ਮਾੜੇ ਚੰਗੇ ਖਿਆਲ ਆਏ। ਪਰ ਆਖੀਰ ਘਰੋਂ ਦੌੜ ਗਿਆ। ਗੁਰਦੁਆਰੇ ਚਲਾ ਗਿਆ। ਉਥੇ ਇਕ ਬਜ਼ੁਰਗ ਔਰਤ ਮਿਲੀ। ਉਸ ਨੇ ਮੈਨੂੰ ਪੁੱਛਿਆ, ਪੁੱਤਰ, ਤੇਰੇ ਨਾਲ ਕੌਣ ਏ? ਕਿਉਂਕਿ ਉਹ ਮੇਰੇ ਹੁਲੀਆ ਅਤੇ ਘਬਰਾਏ ਚਿਹਰੇ ਤੋਂ ਅੰਦਾਜ਼ਾ ਲਗਾ ਗਈ ਸੀ ਕਿ ਮੇਰੀ ਮਨੋਦਸ਼ਾ ਕੀ ਹੈ?

ਮੈਂ ਉਸ ਬਜ਼ੁਰਗ ਔਰਤ ਨੂੰ ਕਿਹਾ, ਕਿ ਮੇਰਾ ਇਸ ਦੁਨੀਆਂ 'ਤੇ ਕੋਈ ਨਹੀਂ ਹੈ, ਮੈਂ ਇਕੱਲਾ ਹੀ ਹਾਂ।

ਉਹ ਔਰਤ ਮੈਨੂੰ ਅਪਣੇ ਘਰ ਲੈ ਆਈ। ਉਹ ਇਕੱਲੀ ਹੀ ਰਹਿੰਦੀ ਸੀ। ਉਸ ਨੇ ਮੈਨੂੰ ਪਾਲਿਆ ਪੋਸਿਆ। ਕੁਝ ਸਾਲ ਬਾਅਦ ਉਸ ਦੀ ਮੌਤ ਹੋ ਗਈ। ਉਹ ਇਕ ਘਰ ਮੇਰੇ ਨਾਮ ਕਰ ਗਈ ਸੀ। ਮੈਂ ਉਹ ਘਰ ਵੇਚ ਕੇ ਟਰਾਂਟੋ ਚਲਾ ਗਿਆ। ਉਥੇ ਜਾ ਕੇ ਬਹੁਤ ਮਿਹਨਤ ਕੀਤੀ। ਕੁਝ ਸਾਲ ਟੈਕਸੀ ਚਲਾਈ ਅਤੇ ਫ਼ਿਰ ਕੁਝ ਸਾਲਾਂ ਬਾਅਦ ਮੈਂ ਇਕ ਟਰੱਕ ਖ਼ਰੀਦ ਲਿਆ। ਹੁਣ ਮੇਰੇ ਕੋਲ ਦੋ ਟਰੱਕ ਹਨ।

ਮਾਂ-ਬਾਪ ਅਤੇ ਸਾਰਾ ਪਰਿਵਾਰ ਖ਼ੁਸ਼ੀ ਵਿਚ ਮਾਲਾ-ਮਾਲ ਹੋ ਗਏ। ਬੁੱਝਿਆ ਹੋਇਆ ਦੀਪਵ ਮੁੜ ਜਗ ਪਿਆ। ਖ਼ੁਸ਼ੀ, ਰੌਸ਼ਨੀ ਵਿਚ ਤਬਦੀਲ ਹੋ ਕੇ ਹਿਕ ਬੁਲੰਦੀ 'ਤੇ ਜਾ ਕੇ ਰੁਕ ਗਈ।

ਕੁਝ ਦਿਨਾਂ ਦੇ ਬਾਅਦ ਰਾਜੂ ਨੇ ਅਪਣੇ ਪਰਿਵਾਰ ਦੀ ਸਹਿਮਤੀ ਨਾਲ ਸ਼ਾਦੀ ਕਰ ਲਈ।

**-ਬਲਵਿੰਦਰ ਬਾਲਮ ਗੁਰਦਾਸਪੁਰ**
**ਉਂਕਾਰ ਨਗਰ, ਗੁਰਦਾਸਪੁਰ (ਪੰਜਾਬ)**
**ਐਡਮੰਟਨ ਕਨੇਡਾ, ਮੋ. 98156-25409**

## ਪਿੰਡ ਲੋਪੋਂ ਦੇ ਬਾਰਵੀਂ ਦੇ ਨਤੀਜਿਆਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਨੇ ਕੀਤਾ ਸਨਮਾਨਿਤ

### ਸਾਡੇ ਸਕੂਲ ਦਾ ਮਿਹਨਤੀ ਸਟਾਫ਼ ਬੱਚਿਆਂ ਦੇ ਚੰਗੇ ਭਵਿੱਖ ਲਈ ਹਮੇਸ਼ਾ ਯਤਨਸ਼ੀਲ ਰਹਿੰਦਾ ਹੈ-ਪ੍ਰਧਾਨ ਚਰਨ ਸਿੰਘ







ਲੋਪੋ/ਮੋਗਾ - (ਵਰਿਆਮ ਹਠੂਰ) ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦੁਆਰਾ ਇਸ ਵਾਰ ਬਹੁਤ ਹੀ ਵਿਲੱਖਣ ਤਰੀਕੇ ਨੂੰ ਅਪਣਾਉਂਦੇ ਹੋਏ ਕਲਾਸ ਬਾਰਵੀਂ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਉਹਨਾਂ ਦੇ ਪਿੰਡਾਂ ਵਿੱਚ ਜਾ ਕੇ ਸਨਮਾਨਿਤ ਕੀਤਾ ਜਾ ਰਿਹਾ ਹੈ। ਪਿੰਡ ਲੋਪੋਂ ਦੇ ਕਾਮਰਸ ਗਰੁੱਪ ਦੇ ਵਿਦਿਆਰਥਣ ਕਮਲਵੀਰ ਕੌਰ ਧਾਲੀਵਾਲ ਜਿਸ ਨੇ 97.8.% ਅੰਕ ਪ੍ਰਾਪਤ ਕੀਤੇ ਅਤੇ ਜਿਲ੍ਹਾ ਪੱਧਰ ਤੇ ਦੂਸਰਾ ਸਥਾਨ ਹਾਸਿਲ ਕੀਤਾ ਅਤੇ ਸੁਖਪ੍ਰੀਤ ਕੌਰ ਜੋ ਕਿ ਸਾਇੰਸ ਗਰੁੱਪ ਦੀ ਵਿਦਿਆਰਥਣ ਹੈ ਉਸਨੇ 95.2% ਅੰਕ ਪ੍ਰਾਪਤ ਕੀਤੇ ਹਨ। ਉਨ੍ਹਾਂ ਨੂੰ ਰੱਖੇ ਗਏ ਇੱਕ ਸਨਮਾਨ ਸਮਾਗਮ ਵਿੱਚ ਪਿੰਡ ਦੀ ਪੰਚਾਇਤ, ਸਾਕ ਸਬੰਧੀਆਂ ਅਤੇ ਰਿਸ਼ਤੇਦਾਰਾਂ ਦੀ ਮੌਜੂਦਗੀ ਵਿੱਚ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੀ ਮੈਨੇਜਮੈਂਟ ਅਤੇ ਸਕੂਲ ਸਟਾਫ਼ ਵੱਲੋਂ ਵਿਸ਼ੇਸ਼ ਤੌਰ ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਹੋਣਹਾਰ ਬੱਚਿਆਂ ਵੱਲੋਂ ਪੁਜੀਸ਼ਨਾਂ ਹਾਸਲ ਕਰਨ ਦੀ ਖੁਸ਼ੀ ਵਿੱਚ ਕੇਕ ਕੱਟਿਆ ਗਿਆ, ਤੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ, ਪਿੰਡ ਵਾਸੀਆਂ ਦੁਆਰਾ ਬਹੁਤ ਹੀ ਅੱਛੇ ਪ੍ਰਬੰਧ ਕੀਤੇ ਗਏ, ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ: ਚਰਨ ਸਿੰਘ, ਪ੍ਰਿੰਸੀਪਲ ਮੈਡਮ ਸ੍ਰੀਮਤੀ ਅੰਜੂਮੋਲ ਜੋਅ, ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਾਂ ਦਿੱਤੀਆਂ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ: ਚਰਨ ਸਿੰਘ, ਪ੍ਰਿੰਸੀਪਲ ਸ਼੍ਰੀਮਤੀ ਅੰਜੂਮੋਲ ਜੋਅ, ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਜਿਸ ਤਰ੍ਹਾਂ ਅੱਜ ਲੋਪੋ ਦੇ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਪਿੰਡ ਪਹੁੰਚ ਕੇ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੀ ਮੈਨੇਜਮੈਂਟ ਅਤੇ ਸਕੂਲ ਸਟਾਫ਼ ਵੱਲੋਂ ਸਨਮਾਨਿਤ ਕੀਤਾ ਗਿਆ, ਇਸੇ ਤਰ੍ਹਾਂ ਹੀ ਬੀਤੇ ਦਿਨੀਂ ਸਾਡੇ ਸਕੂਲ ਦੀ ਹੋਣਹਾਰ ਵਿਦਿਆਰਥਣ ਵੰਸਿਕਾ ਜ਼ੈਨ ਹਠੂਰ ਜਿਸ ਨੇ 97. 8 ਪ੍ਰਤੀਸ਼ਤ ਅੰਕ ਹਾਸਲ ਕਰਕੇ ਜ਼ਿਲ੍ਹਾ ਮੋਗਾ ਵਿੱਚੋਂ ਦੂਜਾ ਸਥਾਨ ਹਾਸਿਲ ਕੀਤਾ ਉਸ ਹੋਣਹਾਰ ਧੀ ਨੂੰ ਵੀ ਇਤਿਹਾਸਕ ਕਸਬਾ ਹਠੂਰ ਵਿੱਚ ਜਾ ਕੇ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੀ ਹਾਜ਼ਰੀ ਵਿੱਚ ਵਿਸ਼ੇਸ਼ ਤੌਰ ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ, ਸਾਨੂੰ ਹੋਣਹਾਰ ਤੇ ਮਿਹਨਤੀ ਬੱਚਿਆਂ ਤੇ ਬੜਾ ਮਾਣ ਹੈ।

ਸਾਡੇ ਸਕੂਲ ਦਾ ਮਿਹਨਤੀ ਅਤੇ ਤਜਰਬੇਕਾਰ ਸਟਾਫ਼ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਦੇ ਚੰਗੇ ਭਵਿੱਖ ਲਈ ਹਮੇਸ਼ਾ ਯਤਨਸ਼ੀਲ ਰਹਿੰਦਾ ਹੈ। ਅੰਤ ਵਿੱਚ ਉਨ੍ਹਾਂ ਮੁੜ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਬੱਚਿਆਂ ਨੂੰ ਅੱਗੇ ਵਧਣ ਲਈ ਥਾਪੜਾ ਦਿੱਤਾ, ਜਿੱਥੇ ਸਕੂਲ ਦੇ ਬੱਚਿਆਂ ਵੱਲੋਂ ਨੁੱਕੜ ਨਾਟਕ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਉੱਥੇ ਨਸ਼ਿਆਂ ਖ਼ਿਲਾਫ਼ ਰੈਲੀ ਕੱਢਕੇ ਲੋਕਾਂ ਨੂੰ ਜਾਗਰੂਕ ਕੀਤਾ, ਅੰਤ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ: ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਸਨਮਾਨ ਸਮਾਗਮ ਵਿੱਚ ਪਹੁੰਚਣ ਤੇ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਬੱਚੇ ਅਤੇ ਬੱਚਿਆਂ ਦੇ ਮਾਪਿਆਂ ਸਮੇਤ ਪਿੰਡ ਵਾਸੀ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਤੌਰ 'ਤੇ

# ਖਾਤਮਾ ਕਰ ਰਹੀ ਹੈ ਮਾਨ ਸਰਕਾਰ-ਚੇਅਰਮੈਨ ਘੁੱਲੀ, ਚੇਅਰਮੈਨ ਢਿੱਲੋਂ




**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਗਈ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਨਸਾ ਮੁਕਤੀ ਯਾਤਰਾ ਪਿੰਡ ਬੇਨੜਾ ਵਿਖੇ ਸਰਪੰਚ ਗੋਪਾਲ ਕ੍ਰਿਸ਼ਨ ਦੀ ਅਗਵਾਈ ਵਿੱਚ ਜਾਗਰੂਕਤਾ ਕੈਪ ਲਗਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਸ, ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਵਿਸੇਸ ਤੌਰ 'ਤੇ ਸਾਮਿਲ ਹੋਏ । ਉਨ੍ਹਾਂ ਇਕੱਤਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਮੰਤਵ ਸਮੂਹ ਵਰਗਾਂ ਦੇ ਸਹਿਯੋਗ ਨਾਲ ਨਸ਼ਿਆਂ ਦਾ ਖਾਤਮਾ ਕਰਨਾ ਹੈ ਅਤੇ ਹਰੇਕ ਪਿੰਡ ਤੇ ਹਰੇਕ ਗਲੀ ਨੂੰ ਨਸ਼ਾ ਮੁਕਤ ਕਰਨਾ ਸਰਕਾਰ ਦੀ ਤਰਜੀਹ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਜਿਥੇ ਨਸ਼ਿਆਂ ਦੇ ਸੌਦਾਗਰਾਂ ਵਿਰੁੱਧ ਸਖਤ ਕਾਰਵਾਈ ਕਰ ਕੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਤੌਰ 'ਤੇ ਖਾਤਮਾ ਕਰ ਰਹੀ ਹੈ, ਉੱਥੇ ਹੀ ਨਸ਼ਿਆਂ ਦੀ ਗ੍ਰਿਫਤ ਵਿੱਚ ਫਸੇ ਨੌਜਵਾਨਾਂ ਦਾ ਨਸ਼ਾ ਛੁਡਵਾ ਕੇ ਉਹਨਾਂ ਨੂੰ ਮੁੜ ਤੋਂ ਆਪਣੇ ਪੈਰਾਂ 'ਤੇ ਖੜ੍ਹੇ ਵੀ ਕਰ ਰਹੀ ਤਾਂ ਜੋ ਉਹ ਸਮਾਜ ਵਿੱਚ ਬਿਹਤਰ ਜ਼ਿੰਦਗੀ ਬਤੀਤ ਕਰ ਸਕਣ।ਇਸ ਮੌਕੇ 'ਤੇ ਉਨ੍ਹਾਂ ਨੇ ਪਿੰਡ ਵਾਸੀਆਂ, ਖਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਇਸ ਮੌਕੇ ਦਮਨਵੀਰ ਸਿੰਘ ਡੀਐਸਪੀ ਧੂਰੀ, ਜਸਵੀਰ ਸਿੰਘ ਤੂਰ ਐਸ,ਐਚ,ਓ ਸਿਟੀ ਧੂਰੀ, ਰਛਪਾਲ ਸਿੰਘ ਹਲਕਾ ਕੋਆਰਡੀਨੇਟਰ ਨਸਾ ਮੁਕਤੀ ਯਾਤਰਾ, ਬੀਡੀਪੀਓ ਜਸਵਿੰਦਰ ਸਿੰਘ ਬੱਗਾ, ਹਰਪ੍ਰੀਤ ਸਿੰਘ ਮੀਮਸਾ ,ਤਰਸੇਮ ਸਿੰਘ ਬੀਈਓ, ਡਾ,ਅਸ਼ੋਕ ਕੁਮਾਰ,ਤਰਸੇਮ ਕਲਸੀ, ਸਰਪੰਚ ਕ੍ਰਿਸਨ ਗੋਪਾਲ ਬੇਨੜਾ ਆਪ ਆਗੂ ਗੁਰਚਰਨ ਸਿੰਘ ਕਾਲਾ, ਆਪ ਆਗੂ ਕੁਲਵਿੰਦਰ ਸਿੰਘ, ਅਮਰੀਕ ਸਿੰਘ ਸਿੱਧੂ,ਆਪ ਆਗੂ ਮਨੂੰ ਸਰਮਾ,ਮਨਪ੍ਰੀਤ ਸਿੰਘ ਸਲੇਮਪੁਰ, ਗਿੰਨੀ ਸਲੇਮਪੁਰ, ਮਨਪ੍ਰੀਤ ਕੌਰ, ਸੋਨੀ ਸਰਮਾ ਹਾਜ਼ਰ ਸਨ ਅਤੇ ਸਟੇਜ ਦੀ ਕਾਰਵਾਈ ਸਰਪੰਚ ਦਵਿੰਦਰ ਸਿੰਘ ਧੂਰਾ ਨੇ ਨਿਭਾਈ।

## ਪੰਜਾਬ 'ਚ ਸਿੱਖਿਆ ਕ੍ਰਾਂਤੀ ਮੁਹਿੰਮ ਨੇ ਸਕੂਲਾਂ ਦੀ ਬਦਲੀ ਨੁਹਾਰ-ਚੇਅਰਮੈਨ ਘੁੱਲੀ, ਚੇਅਰਮੈਨ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਨੂੰ ਦਰਪੇਸ਼ ਸਮੱਸਿਆ ਦੇ ਸਥਾਈ ਹੱਲ ਲਈ ਚਲਾਈ ਗਈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ, ਆਪਣੇ ਟੀਚਿਆਂ ਨੂੰ ਸਾਕਾਰ ਕਰਨ ਵਿੱਚ ਕਾਮਯਾਬ ਹੋਈ ਹੈ। ਇਨਾ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਸ, ਦਲਵੀਰ ਸਿੰਘ ਢਿੱਲੋਂ ਨੇ ਸਰਕਾਰੀ ਹਾਈ ਸਕੂਲ ਦੇ ਭੁੱਲਰਹੇੜੀ ਦੇ ਪ੍ਰਿੰਸੀਪਲ ਸੁਰਿੰਦਰ ਕੌਰ ਦੀ ਅਗਵਾਈ ਹੇਠ ਸਕੂਲ ਵਿੱਚ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਕਾਰਨ ਸਰਕਾਰੀ ਸਕੂਲਾਂ ਵਿੱਚ ਜਿੱਥੇ ਬੁਨਿਆਦੀ ਢਾਂਚੇ ਦੀ ਵੱਡੀ ਕਮੀ ਪੇਸ਼ ਆਉਂਦੀ ਰਹੀ, ਉਥੇ ਹੀ ਬੱਚਿਆਂ ਤੇ ਅਧਿਆਪਕਾਂ ਦੀ ਜ਼ਰੂਰਤਾਂ ਨੂੰ ਪੂਰਾ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ।ਇਸ ਮੌਕੇ ਸਰਪੰਚ ਜਸਵੀਰ ਕੌਰ ਪਤਨੀ ਕਰਮਜੀਤ ਸਿੰਘ ਪੰਮੀ, ਬਲਾਕ ਪ੍ਰਧਾਨ ਤੀਰਥ ਸਿੰਘ, ਰਛਪਾਲ ਸਿੰਘ ਭੁੱਲਰ, ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ, ਸਰਪੰਚ ਜੱਗਾ ਸਿੰਘ ਭੋਜੋਵਾਲੀ, ਸਰਪੰਚ ਜਗਰੂਪ ਸਿੰਘ, ਜਗਤਾਰ ਸਿੰਘ ਭੜੋ ਨੋਡਲ ਅਫਸਰ, ਭਿੰਦਾ ਵਿਰਕ ਮਾਣਾ ਗਰੇਵਾਲ,ਸਰਬਜੀਤ ਸਿੰਘ ਮਾਮਾ, ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਪ੍ਰਿੰਸੀਪਲ ਸੁਰਿੰਦਰ ਕੌਰ, ਜਰਨੈਲ ਸਿੰਘ, ਸਰਬਜੀਤ ਕੌਰ, ਜਸਵਿੰਦਰ ਕੌਰ, ਗੀਤੂ ਮਹਿਤਾ, ਰਮਨਜੀਤ ਸਿੰਘ ,ਅਨੀਸ਼ਾ ਰਾਣੀ ,ਅਮਨਦੀਪ ਕੌਰ,ਅਮਨਦੀਪ ਕੌਰ, ਹਰਦੇਵ ਸਿੰਘ, ਗਗਨਦੀਪ ਸਿੰਘ, ਤਰਨਦੀਪ ਕੌਰ ,ਰੀਚਾ ਰਾਣੀ, ਕਿਰਨਦੀਪ ਕੌਰ ,ਬੰਦਨਾ ਧੀਰ, ਹਰਦੀਪ ਕੌਰ ਹਾਜ਼ਰ ਸਨ।

## ਜਗਰਾਉਂ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ 28 ਦੇ ਲੁਧਿਆਣਾ ਧਰਨੇ ਸਬੰਧੀ ਕੀਤੀ ਮੀਟਿੰਗ

# ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੀ ਜ਼ਬਰੀ ਜ਼ਮੀਨ ਐਕਵਾਇਰ ਨਹੀਂ ਹੋਣ ਦੇਵੇਗਾ : ਕਲੇਰ ,ਗਰੇਵਾਲ



**ਜਗਰਾਉਂ,(ਵਰਿਆਮ ਹਠੂਰ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਜਗਰਾਉਂ ਤੋਂ ਇੰਚਾਰਜ ਸ੍ਰੀ ਐੱਸ ਆਰ ਕਲੇਰ ਵੱਲੋਂ ਹਲਕੇ ਦੇ ਆਗੂਆਂ ਤੇ ਵਰਕਰਾਂ ਨਾਲ 28 ਮਈ ਨੂੰ ਗਲਾਡਾ ਦਫਤਰ ਲੁਧਿਆਣਾ ਸਾਹਮਣੇ ਦਿੱਤੇ ਜਾ ਰਹੇ ਧਰਨੇ ਸਬੰਧੀ ਵਿਸ਼ੇਸ਼ ਮੀਟਿੰਗ ਕੀਤੀ । ਇਸ ਦੌਰਾਨ ਹਲਕਾ ਇੰਚਾਰਜ ਸ੍ਰੀ ਐਸ ਆਰ ਕਲੇਰ ਨੇ ਸੰਬੋਧਨ ਕਰਦਿਆਂ ਆਖਿਆ ਕਿ ਪੰਜਾਬ ਦੀ ਆਪ ਸਰਕਾਰ ਜਿੱਥੇ ਲੋਕਾਂ ਨਾਲ ਚੋਣਾਂ ਸਮੇਂ ਕੀਤੇ ਵਾਅਦਿਆ ਤੋਂ ਭੱਜ ਰਹੀ ਹੈ ਉੱਥੇ ਹੀ ਪੰਜਾਬ ਖਾਸ ਕਰ ਲੁਧਿਆਣਾ ਜ਼ਿਲ੍ਹੇ ਨੂੰ ਖੇਤੀ ਧੰਦੇ ਤੋਂ ਖਤਮ ਕਰਨ ਲਈ ਗਲਾਡਾ ਰਾਹੀਂ 24311 ਏਕੜ ਜਮੀਨ ਐਕਵਾਇਰ ਕਰਨ ਜਾ ਰਹੀ ਹੈ । ਜਿਸ ਖਿਲਾਫ ਸ਼੍ਰੋਮਣੀ ਅਕਾਲੀ ਦਲ ਬਾਦਲ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ 28 ਮਈ ਨੂੰ ਗਲਾਡਾ ਦੇ ਲੁਧਿਆਣਾ ਦਫਤਰ ਵਿਖੇ ਵਿਸ਼ਾਲ ਧਰਨਾ ਲਗਾਇਆ ਜਾਵੇਗਾ। ਇਸ ਧਰਨੇ ਵਿੱਚ ਹਲਕਾ ਜਗਰਾਉਂ ਤੋਂ ਵੱਡੀ ਗਿਣਤੀ ਚ "ਲੁਧਿਆਣਾ ਜੀ ਟੀ ਰੋਡ ਪਸੂ ਮੰਡੀ ਜਗਰਾਓਂ"ਤੋ 28 ਮਈ ਨੂੰ ਸਵੇਰੇ 8:30 ਵਜੇ ਅਕਾਲੀ ਆਗੂਆਂ, ਵਰਕਰਾਂ,ਸਮਰੱਥਕਾਂ ਤੇ ਕਿਸਾਨਾਂ ਦਾ ਜੱਥਾ ਰਵਾਨਾ ਹੋਵੇਗਾ। ਇਸ ਮੌਕੇ ਸ੍ਰੀ ਕਲੇਰ ਨੇ ਪਾਰਟੀਬਾਜ਼ੀ ਤੋ ਉਪਰ ਉੱਠ ਕੇ ਇਸ ਧਰਨੇ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ । ਇਸ ਮੌਕੇ ਜਿਲਾ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਖੇਤਰਰੀ ਪਾਰਟੀ ਹੋਣ ਕਾਰਨ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੇ ਕਿਸਾਨਾਂ ਦੀ ਸੱਚੀ ਹਤੈਸ਼ੀ ਪਾਰਟੀ ਹੈ ਕਿਸੇ ਵੀ ਕੀਮਤ ਤੇ ਕਿਸਾਨਾਂ ਦੀ ਜਮੀਨ ਧੱਕੇ ਨਾਲ ਐਕਵਾਇਰ ਨਹੀਂ ਕਰਨ ਦਿੱਤੀ ਜਾਵੇਗੀ। ਇਸ ਮੌਕੇ ਸਾਬਕਾ ਚੇਅਰਮੈਨ ਸ ਦੀਦਾਰ ਸਿੰਘ ਮਾਲਕ , ਸਾਬਕਾ ਚੇਅਰਮੈਨ ਸ ਚੰਦ ਸਿੰਘ ਡੱਲਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ , ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ , ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਤਜਿੰਦਰਪਾਲ ਸਿੰਘ, ਯੂਥ ਆਗੂ ਜੱਟ ਗਰੇਵਾਲ , ਯੂਥ ਆਗੂ ਸੰਦੀਪ ਸਿੰਘ ਧਾਲੀਵਾਲ ਮੱਲ੍ਹਾ, ਸਾਬਕਾ ਸਰਪੰਚ ਰੇਸ਼ਮ ਸਿੰਘ ਮਾਣੂਕੇ, ਸਾਬਕਾ ਸਰਪੰਚ ਪਰਮਿੰਦਰ ਸਿੰਘ ਕੋਠੇ ਪਰਮੇਸ਼ਰ, ਸਾਬਕਾ ਸਰਪੰਚ ਨਿਰਭੈ ਸਿੰਘ ਅਲੀਗੜ, ਪ੍ਰਧਾਨ ਤਜਿੰਦਰ ਸਿੰਘ ਰਿੰਕੂ ਕਲੇਰਾ , ਚਮਕੌਰ ਸਿੰਘ ਸਿੱਧਵਾਂ ਕਲਾਂ,ਮਨਜੀਤ ਸਿੰਘ ਪੰਚ ਸਿੱਧਵਾਂ ਕਲਾਂ ,ਮਨਦੀਪ ਸਿੰਘ ਸਿੱਧਵਾਂ ਕਲਾਂ ,ਗੁਰਜੰਟ ਸਿੰਘ ਕਨੀਆ ਖੁਰਦ ,ਹਾਕਮ ਸਿੰਘ ਚੀਮਨਾ ,ਉਜਾਗਰ ਸਿੰਘ ਮਾਣੂਕੇ ,ਪ੍ਰਧਾਨ ਬੂਟਾ ਸਿੰਘ ਮਾਣੂੰਕੇ,ਸੁਖਮੰਦਰ ਸਿੰਘ ,ਗੁਰਮਿੰਦਰ ਸਿੰਘ ਮਾਣੂੰਕੇ, ਸਰਵੇਸ ਕੁਮਾਰ ਗੁਡਗੋ ਪ੍ਰਧਾਨ ਮਾਣੂੰਕੇ ਗੁਰਮੁਖ ਸਿੰਘ, ਗੁਰਦੀਪ ਸਿੰਘ ਬੁਜ਼ਰਗ ,ਕਰਨਵੀਰ ਸਿੰਘ ਅਮਰਗੜ੍ਹ ਕਲੇਰ, ਕਰਮਜੀਤ ਸਿੰਘ ਰਿੰਕੂ ,ਹਰਨੇਕ ਸਿੰਘ ਕਮਾਲਪੁਰਾ,ਪ੍ਰਧਾਨ ਗੁਰਪ੍ਰੀਤ ਸਿੰਘ ਕਾਉਂਕੇ ,ਜਸਪਾਲ ਸਿੰਘ ਫਤਿਹਗੜ੍ਹ ਸਿਵੀਆਂ ,ਸੁਖਵਿੰਦਰ ਸਿੰਘ ਹਠੂਰ ,ਬਾਦਲ ਹਠੂਰ ,ਪ੍ਰਤਿਪਾਲ ਸਿੰਘ ਮੱਲਾ ,ਸ਼ਿਮੰਦਰ ਸਿੰਘ ਅਲੀਗੜ੍ਹ, ਗੁਰਦੀਪ ਸਿੰਘ ਅਲੀਗੜ੍ਹ ,ਜਗਜੀਤ ਸਿੰਘ ਡੱਲਾ ,ਦਰਸ਼ਨ ਸਿੰਘ, ਸੁਰਜੀਤ ਸਿੰਘ ,ਸੁਖਦੇਵ ਸਿੰਘ ਢਿੱਲੋਂ ਮਲਕ, ਸੁਖਪ੍ਰੀਤ ਸਿੰਘ ,ਰਾਜਵਿੰਦਰ ਸਿੰਘ ਬੁਰਜ ਕਲਾਰਾ ,ਗੁਰਪ੍ਰੀਤ ਸਿੰਘ ਬੁਰਜ ਕਲਾਰਾ ,ਇੰਦਰਜੀਤ ਸਿੰਘ ਡੱਲਾ ,ਭਾਵਖੰਡਨ ਸਿੰਘ ਗਿੱਦਰਵਿੰਡੀ, ਸਾਬਕਾ ਸਰਪੰਚ ਗੁਰਦੀਪ ਸਿੰਘ ਨਵਾਂ ਡੱਲਾ, ਸਿਮਰਨ ਬਾਵਾ ਮਾਣੂੰਕੇ ਤੇ ਹੋਰ ਹਾਜ਼ਰ।

# ਭਾਖੜਾ ਡੈਮ ਦੀ ਸੁਰੱਖਿਆ ਸੀਆਈਐਸਐਫ ਨੂੰ ਸੌਂਪਣ ਲਈ ਮੋਦੀ ਸਰਕਾਰ ਦੀ ਨਿਖੇਧੀ: ਸੰਯੁਕਤ ਕਿਸਾਨ ਮੋਰਚਾ

## ਕੇਂਦਰ ਸਰਕਾਰ ਦਾ ਤਾਨਾਸ਼ਾਹੀ ਕਦਮ ਸੰਵਿਧਾਨਕ ਸੰਘੀ ਢਾਂਚੇ ਨੂੰ ਕਮਜ਼ੋਰ ਕਰਨ ਵਾਲਾ ਕਦਮ

**ਨਵੀਂ ਦਿੱਲੀ 26 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸੰਯੁਕਤ ਕਿਸਾਨ ਮੋਰਚਾ ਨੇ ਭਾਖੜਾ ਡੈਮ ਦੀ ਸੁਰੱਖਿਆ ਸੀਆਈਐਸਐਫ ਨੂੰ ਸੌਂਪਣ ਦੇ ਕੇਂਦਰ ਸਰਕਾਰ ਦੇ ਕਦਮ ਨੂੰ ਤਾਨਾਸ਼ਾਹੀ ਕਦਮ ਕਰਾਰ ਦਿੱਤਾ ਹੈ ਜੋ ਸੰਵਿਧਾਨਕ ਸੰਘੀ ਢਾਂਚੇ ਨੂੰ ਕਮਜ਼ੋਰ ਕਰਦਾ ਅਤੇ ਸ਼ਕਤੀਆਂ ਦੇ ਕੇਂਦਰੀਕਰਨ ਦੇ ਰੁਝਾਨ ਨੂੰ ਹੋਰ ਮਜ਼ਬੂਤ ਕਰਦਾ ਹੈ। ਇਸ ਕਦਮ ਦੀ ਨਿੰਦਾ ਕਰਦੇ ਹੋਏ, ਐਸਕੇਐਮ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ ਦੁਆਰਾ ਪਿਛਲੇ ਕਈ ਦਿਨਾਂ ਤੋਂ ਲਏ ਗਏ ਇੱਕਪਾਸੜ ਪ੍ਰਸ਼ਾਸਕੀ ਫੈਸਲਿਆਂ ਨੂੰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਸਿੱਧੇ ਪ੍ਰਭਾਵ ਹੇਠ ਪੱਖਪਾਤੀ ਫੈਸਲੇ ਕਰਾਰ ਦਿੱਤਾ ਹੈ।ਇਸ ਕਾਰਵਾਈ ਲਈ ਡੈਮ ਸੁਰੱਖਿਆ ਐਕਟ ਨੂੰ ਸਿੱਧੇ ਤੌਰ 'ਤੇ ਜ਼ਿੰਮੇਵਾਰ ਠਹਿਰਾਉਂਦੇ ਹੋਏ, ਐਸਕੇਐਮ ਨੇ ਡੈਮ ਸੁਰੱਖਿਆ ਐਕਟ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ, ਜੋ ਰਾਜਾਂ ਦੇ ਸੰਵਿਧਾਨਕ ਅਧਿਕਾਰਾਂ ਦੇ ਵਿਰੁੱਧ ਹੈ। ਇਤਿਹਾਸ ਦਰਸਾਉਂਦਾ ਹੈ ਕਿ ਪੰਜਾਬ ਅਤੇ ਇਸਦੇ ਗੁਆਂਢੀ ਰਾਜਾਂ ਵਿਚਕਾਰ ਦਰਿਆਈ ਪਾਣੀ ਦੇ ਵਿਵਾਦ ਨੂੰ ਰਿਪੇਰੀਅਨ/ਵਿਗਿਆਨਕ ਸਿਧਾਂਤਾਂ ਦੀ ਰੌਸ਼ਨੀ ਵਿੱਚ ਗੈਰ-ਪੱਖਪਾਤੀ, ਤਰਕਸ਼ੀਲ ਅਤੇ ਲੋਕ-ਪੱਖੀ ਢੰਗ ਨਾਲ ਹੱਲ ਕਰਨ ਦੀ ਬਜਾਏ ਹਮੇਸ਼ਾਂ ਰਾਜਨੀਤੀਕਰਨ ਕੀਤਾ ਜਾਂਦਾ ਰਿਹਾ ਹੈ। ਭਾਖੜਾ ਬਿਆਸ ਪ੍ਰਬੰਧਨ ਬੋਰਡ ਦੁਆਰਾ ਪੰਜਾਬ ਅਤੇ ਹਰਿਆਣਾ ਵਿਚਕਾਰ ਮੌਜੂਦਾ ਪਾਣੀ ਵਿਵਾਦ ਵੀ ਭਾਜਪਾ ਦੀ ਅਗਵਾਈ ਵਾਲੀ ਕੇਂਦਰੀ ਸਰਕਾਰ ਦੇ ਲੁਕਵੇਂ ਰਾਜਨੀਤਿਕ ਹਿੱਤਾਂ ਤੋਂ ਪ੍ਰੇਰਿਤ ਹੈ।

ਉੱਤਰ-ਪੱਛਮੀ ਭਾਰਤ ਵਿੱਚ ਪਾਣੀ ਦਾ ਸੰਕਟ ਦਿਨੋ-ਦਿਨ ਗੰਭੀਰ ਹੁੰਦਾ ਜਾ ਰਿਹਾ ਹੈ ਕਿਉਂਕਿ ਭੂਮੀਗਤ ਪਾਣੀ ਦਾ ਪੱਧਰ ਡਿੱਗ ਰਿਹਾ ਹੈ ਅਤੇ ਪਾਣੀ ਪ੍ਰਦੂਸ਼ਣ ਵੱਧ ਰਿਹਾ ਹੈ। ਇਸ ਸੰਕਟ ਨੂੰ ਹੱਲ ਕਰਨ ਲਈ, ਕੇਂਦਰ ਅਤੇ ਰਾਜ ਸਰਕਾਰਾਂ ਨੂੰ ਇੱਕ ਬਹੁ-ਪਰਤੀ ਕਾਰਜਨੀਤੀ ਤਿਆਰ ਕਰਕੇ ਕੰਮ ਕਰਨ ਦੀ ਲੋੜ ਹੈ। ਐਸਕੇਐਮ ਨੇ ਪਾਣੀ ਦੇ ਸੰਕਟ ਦੇ ਮੁੱਦੇ ਨੂੰ ਬੁਨਿਆਦੀ ਤੌਰ 'ਤੇ ਹੱਲ ਕਰਨ, ਬਰਬਾਦ ਹੋ ਰਹੇ ਮੀਂਹ ਦੇ ਪਾਣੀ ਦੀ ਸੰਭਾਲ ਅਤੇ ਸਹੀ ਵਰਤੋਂ ਕਰਨ, ਦਰਿਆਵਾਂ ਅਤੇ ਨਹਿਰਾਂ ਦਾ ਵਿਗਿਆਨਕ ਪ੍ਰਬੰਧਨ, ਹੜ੍ਹ ਦੇ ਪਾਣੀ ਅਤੇ ਮੌਸਮੀ ਤਬਦੀਲੀਆਂ ਕਾਰਨ ਹੋਏ ਨੁਕਸਾਨ ਅਤੇ ਤਬਾਹੀ ਦੀ ਬੀਮਾ ਕਵਰੇਜ ਦੇ ਨਾਲ ਪ੍ਰਭਾਵਸ਼ਾਲੀ ਨਿਯੰਤਰਣ ਦੀ ਮੰਗ ਕੀਤੀ ਹੈ

ਅਤੇ ਪਾਣੀ ਵੰਡ ਵਿਵਾਦਾਂ ਨੂੰ ਰਿਪੇਰੀਅਨ/ਵਿਗਿਆਨਕ ਸਿਧਾਂਤਾਂ ਦੀ ਰੌਸ਼ਨੀ ਵਿੱਚ ਤਰਕਸ਼ੀਲ, ਗੈਰ-ਪੱਖਪਾਤੀ ਅਤੇ ਲੋਕ-ਪੱਖੀ ਢੰਗ ਨਾਲ ਹੱਲ ਕਰਨ ਦੀ ਮੰਗ ਕੀਤੀ ਹੈ। ਐਸਕੇਐਮ ਨੇ ਵਾਟਰਸ਼ੈੱਡ ਵਿਕਾਸ, ਡਿੱਗਦੇ ਭੂਮੀਗਤ ਪੱਧਰ ਨੂੰ ਰੀਚਾਰਜ ਕਰਨ ਲਈ ਪਾਣੀ ਦੀ ਸੰਭਾਲ ਦੀ ਨੀਤੀ ਬਣਾਉਣ 'ਤੇ ਵੀ ਜ਼ੋਰ ਦਿੱਤਾ। ਐਸਕੇਐਮ ਖੇਤੀਬਾੜੀ ਖੋਜ ਅਤੇ ਹੰਢਣਸਾਰ,ਵਾਤਾਵਰਣ ਪੱਖੀ ਤੇ ਵਿਭਿੰਨ ਫਸਲਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਦੀ ਜ਼ਰੂਰਤ ਨੂੰ ਦੁਹਰਾਉਂਦਾ ਹੈ ਜਿਸ ਵਿੱਚ ਪਾਣੀ, ਖਾਦਾਂ ਅਤੇ ਕੀਟਨਾਸ਼ਕਾਂ ਦੀ ਢੁਕਵੀਂ, ਵਿਗਿਆਨਕ ਵਰਤੋਂ ਕੀਤੀ ਜਾਵੇ ਅਤੇ ਲੋਕਾਂ ਦੀ ਖੁਰਾਕ ਸੁਰੱਖਿਆ ਨਾਲ ਸਮਝੌਤਾ ਨਾ ਕਰਦੇ ਹੋਏ ਸਵਾਮੀਨਾਥਨ ਫਾਰਮੂਲੇ ਅਧੀਨ ਫਸਲ ਖਰੀਦ ਦੀ ਗਰੰਟੀ ਦੇਣ ਲਈ ਇੱਕ ਕਾਨੂੰਨ ਬਣਾਇਆ ਜਾਵੇ। ਐਸਕੇਐਮ ਨੇ ਕੇਂਦਰ ਅਤੇ ਰਾਜ ਸਰਕਾਰਾਂ 'ਤੇ ਬਿਨਾਂ ਕਿਸੇ ਵਿਤਕਰੇ ਜਾਂ ਪੱਖਪਾਤ ਦੇ ਪਾਣੀ ਸੰਕਟ ਨੂੰ ਹੱਲ ਕਰਨ ਲਈ ਦਬਾਅ ਪਾਉਣ ਦੀ ਆਪਣੀ ਵਚਨਬੱਧਤਾ ਦੁਹਰਾਈ ਹੈ, ਲੋਕਾਂ ਨੂੰ ਸੱਤਾਧਾਰੀ ਵਰਗ ਦੀਆਂ ਪਾਰਟੀਆਂ, ਖਾਸ ਕਰਕੇ ਭਾਜਪਾ ਦੀਆਂ ਰਾਜਨੀਤਿਕ ਚਾਲਾਂ ਤੋਂ ਸਾਵਧਾਨ ਰਹਿਣ ਦੀ ਅਪੀਲ ਕੀਤੀ ਹੈ, ਜੋ ਗੁਆਂਢੀ ਰਾਜਾਂ ਦੇ ਲੋਕਾਂ, ਖਾਸ ਕਰਕੇ ਕਿਸਾਨਾਂ ਨੂੰ ਇੱਕ ਦੂਜੇ ਦੇ ਵਿਰੁੱਧ ਖੜ੍ਹਾ ਕਰਨਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਵਿਦੇਸ਼ ਨਿਵਾਸੀ ਸਿੱਖਾਂ ਵੱਲੋਂ ਅਪੀਲ
ਭਾਈ ਅਕਵਿੰਦਰ ਸਿੰਘ ਹੇਲਰਾਂ ਵਾਲੇ, ਯੂ.ਐਸ.ਏ.
ਭਾਈ ਗੁਰਸੇਵਕ ਸਿੰਘ ਕਿਲੀ ਚਾਹਲ, ਯੂ.ਐਸ.ਏ.
ਭਾਈ ਗੁਰਵਿੰਦਰ ਸਿੰਘ ਜਰਮਨ
ਗਿਆਨੀ ਭਾਈ ਰਣਜੀਤ ਸਿੰਘ ਕਾਹਲਵਾਂ, ਦਮਦਮੀ ਟਕਸਾਲ, ਯੂ.ਐਸ.ਏ.
ਭਾਈ ਗੁਰਪ੍ਰੀਤ ਸਿੰਘ ਯੂ.ਐਸ.ਏ.
ਗਿਆਨੀ ਭੁਪਿੰਦਰ ਸਿੰਘ ਦਮਦਮੀ ਟਕਸਾਲ
ਭਾਈ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਰਣਪ੍ਰੀਤ ਸਿੰਘ ਤੂਰ ਕੈਨੇਡਾ
ਸ. ਯਾਦਵਿੰਦਰ ਸਿੰਘ ਬਰਾੜ ਯੂ.ਐਸ.ਏ.
ਸ. ਮੱਖਣ ਸਿੰਘ ਧਾਲੀਵਾਲ ਯੂ.ਕੇ.
ਸ. ਕਰਨੈਲ ਸਿੰਘ ਨਾਹਲ ਯੂ.ਕੇ.
ਸ. ਹਰਵਿੰਦਰ ਸਿੰਘ ਢਿੱਲੋਂ ਰਾਮਪੁਰ ਖੇੜਾ ਯੂ.ਕੇ.
ਸ. ਮੇਹਰ ਸਿੰਘ ਢਿੱਲੋਂ ਸ੍ਰੀ ਅਨੰਦਪੁਰ ਸਾਹਿਬ, ਯੂ.ਕੇ.
ਭਾਈ
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ।


ਸੰਤ ਭਿੰਡਰਾਂਵਾਲਿਆਂ ਦੇ
ਜਨਮ ਦਿਨ ਸਮਾਗਮ ਵਿੱਚ
ਪਹੁੰਚੀਆਂ ਦੇਸ਼-ਵਿਦੇਸ਼ ਦੀਆਂ ਸਮੂਹ ਸੰਗਤਾਂ ਨੂੰ
ਗੁਰਦੁਆਰਾ ਸੰਤ ਖਾਲਸਾ ਰੋਡੇ ਦੇ ਸਮੂਹ ਸੇਵਾਦਾਰਾਂ ਵੱਲੋਂ
ਜੀ ਆਇਆਂ ਨੂੰ
ਗਿਆਨੀ ਬਲਵਿੰਦਰ ਸਿੰਘ ਜੀ ਹੈੱਡ ਗ੍ਰੰਥੀ ਗੁ: ਸੰਤ ਖਾਲਸਾ ਰੋਡੇ
ਜਥੇਦਾਰ ਬੂਟਾ ਸਿੰਘ ਜੀ ਗੁ: ਸੰਤ ਖਾਲਸਾ ਰੋਡੇ
ਭਾਈ ਜੀਵਨ ਸਿੰਘ ਗੁ: ਸੰਤ ਖਾਲਸਾ ਰੋਡੇ
ਗਿਆਨੀ ਅਵਤਾਰ ਸਿੰਘ ਜੀ ਗੁ: ਸੰਤ ਖਾਲਸਾ ਰੋਡੇ
ਬਾਬਾ ਗੁਰਜੀਤ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਜਸਵੰਤ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਅੰਮ੍ਰਿਤਪਾਲ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਲਾਡੀ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਜੋਗਾ ਸਿੰਘ ਗੁ: ਸੰਤ ਖਾਲਸਾ ਰੋਡੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਭਾਈ ਹਰਮਨ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਬਿਪਰੀਤ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਕਰਨਬੀਰ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਸੰਦੀਪ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਜਰਮਨਜੀਤ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਬਲਕਾਰ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਗੁਰਪਾਲ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਰੋਹਨਪ੍ਰੀਤ ਸਿੰਘ ਗੁ: ਸੰਤ ਖਾਲਸਾ ਰੋਡੇ
ਭਾਈ ਰਾਜਦੀਪ ਸਿੰਘ ਗੁ: ਸੰਤ ਖਾਲਸਾ ਰੋਡੇ
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ

ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ

ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ



ਵਿਦੇਸ਼ ਨਿਵਾਸੀ ਸਿੱਖਾਂ ਵੱਲੋਂ ਅਪੀਲ



ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ



ਭਾਈ ਅਕਵਿੰਦਰ ਸਿੰਘ ਹੇਲਰਾਂ ਵਾਲੇ, ਯੂ.ਐਸ.ਏ. | ਭਾਈ ਗੁਰਸੇਵਕ ਸਿੰਘ ਕਿਲੀ ਚਾਹਲ, ਯੂ.ਐਸ.ਏ. | ਭਾਈ ਗੁਰਵਿੰਦਰ ਸਿੰਘ ਜਰਮਨ | ਗਿਆਨੀ ਭਾਈ ਰਣਜੀਤ ਸਿੰਘ ਕਾਹਲਵਾਂ, ਦਮਦਮੀ ਟਕਸਾਲ, ਯੂ.ਐਸ.ਏ. | ਭਾਈ ਗੁਰਪ੍ਰੀਤ ਸਿੰਘ ਯੂ.ਐਸ.ਏ. | ਗਿਆਨੀ ਭੁਪਿੰਦਰ ਸਿੰਘ ਦਮਦਮੀ ਟਕਸਾਲ | ਸ. ਜਸਪਾਲ ਸਿੰਘ ਕਿਲੀ ਚਾਹਲ ਅਮਰੀਕਾ



ਰਣਪ੍ਰੀਤ ਸਿੰਘ ਤੂਰ ਕੈਨੇਡਾ | ਸ. ਯਾਦਵਿੰਦਰ ਸਿੰਘ ਬਰਾੜ ਯੂ.ਐਸ.ਏ. | ਸ. ਮੱਖਣ ਸਿੰਘ ਧਾਲੀਵਾਲ ਯੂ.ਕੇ. | ਸ. ਕਰਨੈਲ ਸਿੰਘ ਨਾਹਲ ਯੂ.ਕੇ. | ਸ. ਹਰਵਿੰਦਰ ਸਿੰਘ ਢਿੱਲੋਂ ਰਾਮਪੁਰ ਖੇੜਾ ਯੂ.ਕੇ. | ਸ. ਮੇਹਰ ਸਿੰਘ ਢਿੱਲੋਂ ਸ੍ਰੀ ਅਨੰਦਪੁਰ ਸਾਹਿਬ, ਯੂ.ਕੇ. | ਸ. ਇੰਦਰਪਾਲ ਸਿੰਘ ਕੈਨੇਡਾ

ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਸੰਪਰਕ : 98140-29018, 97815-52538, 98140-13915



# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ

ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ

ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ



ਵਿਦੇਸ਼ ਨਿਵਾਸੀ ਸਿੱਖਾਂ ਵੱਲੋਂ ਅਪੀਲ



ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ



ਭਾਈ ਸੁਖਬਿੰਦਰ ਸਿੰਘ ਯੂ.ਕੇ. | ਭਾਈ ਅਮਰਜੀਤ ਸਿੰਘ ਯੂ.ਕੇ. | ਭਾਈ ਮਲਕੀਤ ਸਿੰਘ ਯੂ.ਕੇ. | ਭਾਈ ਬਲਕਾਰ ਸਿੰਘ ਯੂ.ਕੇ. | ਭਾਈ ਜਸਵੀਰ ਸਿੰਘ ਯੂ.ਕੇ | ਭਾਈ ਨਿਸ਼ਾਨ ਸਿੰਘ ਯੂ.ਕੇ | ਭਾਈ ਬਲਵਿੰਦਰ ਸਿੰਘ ਯੂ.ਕੇ.



ਭਾਈ ਬਲਜੀਤ ਸਿੰਘ ਯੂ.ਕੇ. | ਭਾਈ ਜਗਤਾਰ ਸਿੰਘ ਯੂ.ਕੇ. | ਭਾਈ ਕਰਮਜੀਤ ਸਿੰਘ ਯੂ.ਕੇ. | ਭਾਈ ਮਾਨਵਿੰਦਰ ਸਿੰਘ ਯੂ.ਕੇ. | ਭਾਈ ਸੁੱਖਾ ਸਿੰਘ ਯੂ.ਕੇ. | ਸੁਰਿੰਦਰ ਸਿੰਘ ਯੂ.ਕੇ. | ਹਰਪਾਲ ਸਿੰਘ ਯੂ.ਕੇ.

ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਸੰਪਰਕ : 98140-29018, 97815-52538, 98140-13915

### ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ 'ਚੋਂ ਕੱਢਣਾ

# ਨਸ਼ਾ ਮੁਕਤੀ ਯਾਤਰਾ ਦਾ ਮੁੱਖ ਉਦੇਸ਼: ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚਲਾਏ ਜਾ ਰਹੇ "ਯੁੱਧ ਨਸ਼ਿਆਂ ਦੇ ਵਿਰੁੱਧ" ਮੁਹਿੰਮ ਤਹਿਤ ਹਲਕਾ ਧੂਰੀ ਅਧੀਨ ਆਉਂਦੇ ਪਿੰਡਾਂ ਕੱਕੜਵਾਲ ਵਿਖੇ ਸਰਪੰਚ ਜਗਜੀਤ ਸਿੰਘ ਫੌਜੀ ਦੀ ਅਗਵਾਈ ਹੇਠ ਨਸ਼ਾ ਮੁਕਤੀ ਯਾਤਰਾ ਅਧੀਨ ਜਾਗਰੂਕ ਮੀਟਿੰਗ ਕੀਤੀ ਗਈ। ਜਿਸ ਵਿੱਚ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਉਨ੍ਹਾਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਅਤੇ ਉਨ੍ਹਾਂ ਨੂੰ ਸਿਹਤਮੰਦ, ਸਸ਼ਕਤ ਅਤੇ ਉੱਜਵਲ ਭਵਿੱਖ ਵੱਲ ਅਗਵਾਈ ਕਰਨਾ ਹੈ। ਪੰਜਾਬ ਸਰਕਾਰ ਨਸ਼ਿਆਂ ਦੇ ਖਿਲਾਫ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸ ਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਇਸ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵੀ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਰਛਪਾਲ ਸਿੰਘ ਕੋਆਰਡੀਨੇਟਰ ਨਸਾਂ ਮੁਕਤੀ ਯਾਤਰਾ, ਸੀਡੀਪੀਓ ਹਰਬੰਸ ਸਿੰਘ, ਗੁਰਤੇਜ ਸਿੰਘ ਤੇਜੀ, ਤਰਸੇਮ ਸਿੰਘ ਬੀਈਓ, ਪਵਿੱਤਰ ਸਿੰਘ ਕੱਕੜਵਾਲ, ਜਗਜੀਤ ਸਿੰਘ, ਮੀਨੂ ਰਾਣੀ, ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਸਰਬਜੀਤ ਸਿੰਘ ਮਾਮਾ, ਰਮਨ ਜਵੰਧਾ, ਕੁਲਦੀਪ ਕੌਰ ਅਤੇ ਸਮੂਹ ਆਸਾ ਵਰਕਰ ਹਾਜ਼ਰ ਸਨ।

### ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ

# ਆਪਣੇ ਮਹਾਨ ਜਰਨੈਲਾਂ ਦੀ ਬਦੌਲਤ ਹੀ ਅੱਜ ਅਸੀਂ ਅਜ਼ਾਦ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ: ਸੌਂਦ

- ਸਾਬਕਾ ਹਜ਼ੂਰੀ ਰਾਗੀ ਦਰਬਾਰ ਸਾਹਿਬ ਭਾਈ ਰਵਿੰਦਰ ਸਿੰਘ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਮੰਤਰ ਮੁਗਧ ਕੀਤਾ • ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਸਾਬਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਰਵਿੰਦਰ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ





**ਖੰਨਾ, 26 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ, ਉਦਯੋਗ ਤੇ ਵਣਜ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਬੀਤੀ ਐਤਵਾਰ ਰਾਤ ਨੂੰ ਰਾਮਗੜ੍ਹੀਆ ਭਵਨ, ਖੰਨਾ ਵਿਖੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਸਾਬਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਰਵਿੰਦਰ ਸਿੰਘ ਜੀ ਵੱਲੋਂ ਰਸ-ਭਿੰਨਾ ਕੀਰਤਨ ਕੀਤਾ ਗਿਆ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਸੰਗਤਾਂ ਵਿੱਚ ਬੈਠ ਕੇ ਇਹ ਰਸ-ਭਿੰਨਾ ਕੀਰਤਨ ਸਰਵਣ ਕੀਤਾ ਗਿਆ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸਿੱਖ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਨੂੰ ਸਮਰਪਿਤ ਅੱਜ ਦਾ ਇਹ ਸਮਾਗਮ ਰਾਮਗੜ੍ਹੀਆ ਭਾਈਚਾਰੇ ਵੱਲੋਂ ਮਨਾਇਆ ਗਿਆ ਹੈ। ਉਨ੍ਹਾਂ ਸਮਾਗਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਹੁੰਦੇ ਰਹਿਣੇ ਚਾਹੀਦੇ ਹਨ ਜਿਸ ਨਾਲ ਕੌਮਾਂ ਜਿਉਂਦੀਆਂ ਰਹਿੰਦੀਆਂ ਹਨ। ਸਾਡੇ ਦੇਸ਼ ਦੀ ਸੰਸਕ੍ਰਿਤੀ ਅਤੇ ਇੱਜ਼ਤ ਆਬਰੂ ਨੂੰ ਬਚਾਉਣ ਲਈ ਖਾਲਸਾ ਪੰਥ ਹਮੇਸ਼ਾ ਹੀ ਅੱਗੇ ਆਉਂਦਾ ਰਿਹਾ ਹੈ। ਇਹੇ ਉਸ ਸਮੇਂ ਦਾ ਹੀ ਨਤੀਜਾ ਹੈ ਕਿ ਅੱਜ ਸਾਡੇ ਦੇਸ਼ ਦੀ ਸੰਸਕ੍ਰਿਤੀ, ਧਰਮ ਅਤੇ ਇੱਜ਼ਤ ਸੁਰੱਖਿਅਤ ਹੈ। ਕਵੀ ਸੰਤੋਖ ਸਿੰਘ ਦਾ ਵੇਰਵਾ ਦਿੰਦੇ ਹੋਏ ਕਿਹਾ ਕਿ ਅਗਰ ਗੁਰੂ ਗੋਬਿੰਦ ਸਿੰਘ ਨਾ ਹੁੰਦੇ ਤਾਂ ਇਸ ਦੇਸ਼ ਦੇ ਧਰਮ ਦਾ ਨਕਸ਼ਾ ਹੀ ਕੁਝ ਹੋਰ ਹੋਣਾ ਸੀ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਦੇਣ ਹੈ ਕਿ ਅੱਜ ਦੇਵੀ ਦੇਹੁਰੇ, ਗੁਰੂ ਘਰ ਅਤੇ ਮੰਦਰ ਸੁਰੱਖਿਅਤ ਹਨ। ਅੱਜ ਅਸੀਂ ਮਹਾਨ ਜਰਨੈਲਾਂ ਨੂੰ ਸਿਜਦਾ ਕਰਦੇ ਹਾਂ ਜਿਨ੍ਹਾਂ ਦੀ ਬਦੌਲਤ ਅਸੀਂ ਅਜ਼ਾਦ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ ਅਤੇ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਸਾਬਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਰਵਿੰਦਰ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਭਾਈ ਘਨੱਈਆ ਜੀ ਸੇਵਾ ਸੋਸਾਇਟੀ ਵੱਲੋਂ ਰੁੱਖਾਂ ਦਾ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਰਾਮਗੜ੍ਹੀਆ ਭਵਨ ਖੰਨਾ ਦੇ ਚੇਅਰਮੈਨ ਪੁਸ਼ਕਰਰਾਜ ਸਿੰਘ ਰੂਪਰਾਏ, ਪ੍ਰਧਾਨ ਭੁਪਿੰਦਰ ਸਿੰਘ ਸੌਂਦ, ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ, ਓ.ਐਸ.ਡੀ ਕਰੁਣ ਅਰੋੜਾ, ਕੌਂਸਲਰ ਪਰਮਪ੍ਰੀਤ ਸਿੰਘ, ਕੌਂਸਲਰ ਸੁਖਮਨਜੀਤ ਸਿੰਘ, ਇੰਦਰਜੀਤ ਸਿੰਘ ਬੱਬੂ, ਸਾਬਕਾ ਕੌਂਸਲਰ ਰਜਿੰਦਰ ਸਿੰਘ ਜੀਤ, ਸਾਬਕਾ ਪ੍ਰਧਾਨ ਸ਼ਿਮੰਦਰ ਸਿੰਘ ਮਿੱਟੂ, ਮੀਤ ਪ੍ਰਧਾਨ ਗੁਰਨਾਮ ਸਿੰਘ ਭਮਰਾ, ਚਰਨਜੀਤ ਸਿੰਘ ਪਨੇਸਰ, ਜਨਰਲ ਸਕੱਤਰ ਸੁਖਮਿੰਦਰ ਸਿੰਘ ਚਾਨਾ, ਹਰਜੀਤ ਸਿੰਘ ਖਰ੍ਹੇ, ਗੁਰਦੁਆਰਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਰਣਜੀਤ ਨਗਰ ਦੇ ਪ੍ਰਧਾਨ ਬਲਦੇਵ ਸਿੰਘ ਮਠਾੜੂ, ਅਮਰਜੀਤ ਸਿੰਘ ਘਟੌੜਾ, ਹਰਕੇਵਲ ਸਿੰਘ, ਟਹਿਲ ਸਿੰਘ ਧੰਜਲ, ਟਿੰਬਰ ਟਰੇਡਰਜ਼ ਐਂਡ ਮੈਨੂੰਫੈਕਚਰਜ਼ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਮਨਜੀਤ ਸਿੰਘ ਧੰਜਲ, ਸ਼੍ਰੀ ਵਿਸ਼ਵਕਰਮਾ ਐਜੂਕੇਸ਼ਨਲ ਐਂਡ ਵੈਲਫੇਅਰ ਸਭਾ ਖੰਨਾ ਦੇ ਸਰਪ੍ਰਸਤ ਸੁਖੇਦਵ ਸਿੰਘ ਕਲਸੀ, ਚੇਅਰਮੈਨ ਹਰਜੀਤ ਸਿੰਘ ਸੋਹਲ, ਸਕੱਤਰ ਰਾਜਿੰਦਰ ਸਿੰਘ ਸੋਹਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।



# ਪ੍ਰੋ. ਬਲਜਿੰਦਰ ਕੌਰ ਨੇ 11ਵੇਂ ਦਿਨ ਨਸ਼ਾ ਰੋਕੂ ਰੱਖਿਆ ਕਮੇਟੀਆਂ ਨਾਲ ਕੀਤੀਆਂ ਮੀਟਿੰਗਾਂ





**ਤਲਵੰਡੀ ਸਾਬੋ, 26 ਮਈ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ 'ਨਸ਼ਾ ਮੁਕਤੀ ਯਾਤਰਾ' ਦੇ ਮੱਦੇਨਜ਼ਰ ਅੱਜ ਤਲਵੰਡੀ ਸਾਬੋ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ 11ਵੇਂ ਨਸ਼ਾ ਰੋਕੂ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ 'ਚ ਤਲਵੰਡੀ ਸਾਬੋ ਹਲਕੇ ਦੇ ਪਿੰਡ ਗਹਿਲੇਵਾਲਾ, ਗੋਲੇਵਾਲਾ ਅਤੇ ਪਿੰਡ ਰਾਈਆ ਸ਼ਾਮਲ ਹਨ। 'ਨਸ਼ਾ ਮੁਕਤੀ ਯਾਤਰਾ' ਦੌਰਾਨ ਚੀਫ਼ ਵਿਪ ਤੇ ਵਿਧਾਇਕ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ ਨਸ਼ਿਆਂ ਵਿਰੁੱਧ ਜੰਗ ਜਾਰੀ ਰਹੇਗੀ। ਉਨ੍ਹਾਂ ਪੇਂਡੂ ਸੁਰੱਖਿਆ ਕਮੇਟੀਆਂ, ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਪਿੰਡਾਂ ਦੇ ਪਹਿਰੇਦਾਰ ਵਜੋਂ ਕੰਮ ਕਰਕੇ ਨਸ਼ਿਆਂ 'ਚ ਗ੍ਰਸਤ ਲੋਕਾਂ ਦੇ ਇਲਾਜ ਤੇ ਪੁਨਰਵਾਸ ਲਈ ਸਰਕਾਰ ਦਾ ਸਹਿਯੋਗ ਕਰਨ ਤਾਂ ਜੋ ਅਜਿਹੇ ਲੋਕਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਕਰਕੇ ਉਨ੍ਹਾਂ ਨੂੰ ਨਵਾਂ ਜੀਵਨ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਪਿੰਡ-ਪਿੰਡ ਜਾ ਕੇ ਸਾਡੀ ਨੌਜਵਾਨੀ ਨੂੰ ਬਚਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਨਿਰਣਾਇਕ ਲੜਾਈ ਵਿੱਢੀ ਗਈ ਹੈ, ਜਿਸ ਵਿੱਚ ਲੋਕਾਂ ਦਾ ਸਾਥ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਅਸੀਂ ਨਸ਼ਿਆਂ ਦੀ ਇਸ ਭੈੜੀ ਅਲਾਮਤ ਤੋਂ ਛੁਟਕਾਰਾ ਪਾ ਸਕਦੇ ਹਾਂ। ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕਾ ਨੇ ਕਿਹਾ ਕਿ ਨਸ਼ੇ ਸਾਡੇ ਸਮਾਜ ਦੀ ਗੰਭੀਰ ਸਮੱਸਿਆ ਜਿਹੜੀ ਕਿ ਸਾਡੇ ਸਮਾਜ ਦੀ ਨੌਜਵਾਨ ਪੀੜ੍ਹੀ ਨੂੰ ਘੁਣ ਵਾਂਗ ਖਾ ਰਹੀ ਹੈ। ਪੰਜਾਬ ਸਰਕਾਰ ਨੇ ਪ੍ਰਣ ਲਿਆ ਹੈ ਕਿ ਨਸ਼ੇ ਅਤੇ ਨਸ਼ਾ ਤਸਕਰਾਂ ਦੇ ਖਾਤਮੇ ਲਈ ਇਸ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡ ਦੇ ਗਲੀ, ਮੁਹੱਲਿਆਂ ਵਿਚ ਜਾਗਰੂਕ ਕਰਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਸੱਦਾ ਦਿੱਤਾ ਗਿਆ। ਉਨਾਂ ਕਿਹਾ ਕਿ ਜੇਕਰ ਤੁਹਾਡੇ ਨਜ਼ਦੀਕ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਸੂਚਨਾ ਦਿੱਤੀ ਜਾਵੇ, ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਨਸ਼ੇ ਤੋਂ ਪੀੜਤ ਹੈ ਤਾਂ ਉਸ ਬਾਰੇ ਵੀ ਜਾਣਕਾਰੀ ਦਿੱਤੀ ਜਾਵੇ, ਸਰਕਾਰ ਵੱਲੋਂ ਉਸਦਾ ਮੁਫਤ ਨਸ਼ਾ ਛੁਡਾਇਆ ਜਾਵੇਗਾ ਅਤੇ ਇਲਾਜ ਕਰਵਾਇਆ ਜਾਵੇਗਾ।

# ਕੌਂਸਲਰ ਹਰਜਿੰਦਰ ਸਿੰਘ ਬਾਹਮਣ ਦੇ ਸਸਕਾਰ ਮੌਕੇ ਵੱਖ ਸਿਆਸੀ ਧਾਰਮਿਕ ਸਖਸ਼ੀਅਤਾਂ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ

## ਕੈਬਿਨਟ ਮੰਤਰੀ ਸ੍ਰ ਈ .ਟੀ .ਓ ਨੇ ਅੰਤਿਮ ਰਸਮਾਂ 'ਚ ਸ਼ਾਮਿਲ ਹੋ ਕੇ ਪਰਿਵਾਰ ਨੂੰ ਦਿੱਤਾ ਇਨਸਾਫ ਦਾ ਭਰੋਸਾ

**ਜੰਡਿਆਲਾ ਗੁਰੂ, 26 ਮਈ ( ਕੁਲਵੰਤ ਸਿੰਘ ਵਿਰਦੀ )**-ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਨੇ ਬੀਤੇ ਦਿਨ ਜੰਡਿਆਲਾ ਗੁਰੂ ਸ਼ਹਿਰ ਦੇ ਕੌਂਸਲਰ ਸ. ਹਰਜਿੰਦਰ ਸਿੰਘ ਦੀ ਛੇਹਰਟਾ ਸਾਹਿਬ ਵਿਖੇ ਗੋਲ਼ੀ ਲੱਗਣ ਨਾਲ਼ ਹੋਈ ਮੌਤ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਅੱਜ ਮ੍ਰਿਤਕ ਦੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਨ ਲਈ ਪੁੱਜੇ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਦੁਖਦਾਇਕ ਖ਼ਬਰ ਨੇ ਮੈਨੂੰ ਪੂਰੀ ਤਰ੍ਹਾਂ ਝੰਜੋੜ ਕੇ ਰੱਖ ਦਿੱਤਾ ਹੈ। ਉਹਨਾਂ ਕਿਹਾ ਕਿ ਮੈਂ ਇਸ ਔਖੀ ਘੜੀ ਵਿੱਚ ਪਰਿਵਾਰ ਦੇ ਦੁੱਖ ਵਿੱਚ ਸ਼ਰੀਕ ਹਾਂ ਅਤੇ ਵਿੱਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕਰਦਾ ਹਾਂ। ਉਹਨਾਂ ਕਿਹਾ ਕਿ ਹਰਜਿੰਦਰ ਸਿੰਘ ਸਾਡਾ ਪਰਿਵਾਰਕ ਮੈਂਬਰ ਸੀ ਤੇ ਉਸਦੇ ਜਾਣ ਦਾ ਮੈਨੂੰ ਨਿੱਜੀ ਘਾਟਾ ਪਿਆ ਹੈ। ਉਹਨਾਂ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਅਤੇ ਤੁਹਾਨੂੰ ਪੂਰਾ ਇਨਸਾਫ ਦਿੱਤਾ ਜਾਵੇਗਾ। ਹਰਜਿੰਦਰ ਸਿੰਘ ਦੇ ਅੰਤਿਮ ਸੰਸਕਾਰ ਮੌਕੇ ਕੈਬਿਨਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਤੋਂ ਇਲਾਵਾ ਵਿਧਾਇਕ ਸ ਦਲਬੀਰ ਸਿੰਘ ਟੌਂਗ, ਚੇਅਰਮੈਨ ਗੁਰਵਿੰਦਰ ਸਿੰਘ ਖੱਬੇ ਰਾਜਪੂਤਾਂ ,ਸਾਮਲ ਹੋਏ ਅਤੇ ਇਸ ਮੌਕੇ ਵੱਖ ਵੱਖ ਸਿਆਸੀ ਧਾਰਮਿਕ ਸਖਸ਼ੀਅਤਾਂ ਨੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਜਿਸ ਵਿੱਚ ਕਾਂਗਰਸ ਪਾਰਟੀ ਤੋਂ ਸਾਬਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਅਵਤਾਰ ਸਿੰਘ ਟੱਕਰ ਅੰਮ੍ਰਿਤਸਰ ਦਿਹਾਤੀ ਪ੍ਰਧਾਨ ਕਾਂਗਰਸ, ਭੁਪਿੰਦਰ ਸਿੰਘ ਹੈਪੀ ਸ਼ਹਿਰੀ ਪ੍ਰਧਾਨ , ਐਡਵੋਕੇਟ ਅਮਨਦੀਪ ਸਿੰਘ, ਮਨਜੀਤ ਸਿੰਘ ਪਪੀ, ਐਡਵੋਕੇਟ ਅਮਿਤ ਅਰੋੜਾ, ਕਮਲ, ਇੰਦਰਜੀਤ ਸਿੰਘ, ਨਿਰਮਲ ਸਿੰਘ, ਬਲਵਿੰਦਰ ਸਿੰਘ, ਸੁਰਿੰਦਰ ਸੇਠ, ਅਰਵਿੰਦਰ ਸਿੰਘ ਮਲਹੋਤਰਾ, ਜਤਿੰਦਰ ਸਿੰਘ ਨਾਟੀ ਕੌਂਸਲਰ, ਚਰਨਜੀਤ ਸਿੰਘ ਟੀਟੋ, ਜਸਬੀਰ ਸਿਧਾਣਾ ਅਤੇ ਸ੍ਰੋਮਣੀ ਅਕਾਲੀ ਦਲ ਤੋਂ ਸਾਬਕਾ ਕੈਬਨਿਟ ਮੰਤਰੀ ਬਿਕਰਮਜੀਤ ਸਿੰਘ ਮਜੀਠੀਆ, ਸੰਦੀਪ ਸਿੰਘ ਏਆਰ,, ਸਾਬਕਾ ਪ੍ਰਧਾਨ ਸਨੀ ਸ਼ਰਮਾ, ਕੌਂਸਲਰ ਪ੍ਰੈਕਸ਼ਿਤ ਸ਼ਰਮਾ , ਗੋਲਡੀ ਸ਼ਰਮਾ ਕੌਂਸਲਰ, ਕੁਲਵੰਤ ਸਿੰਘ ਮਲਹੋਤਰਾ, ਮਨਜਿੰਦਰ ਸਿੰਘ ਭੀਰੀ ਸਾਬਕਾ ਸਰਪੰਚ, ਸਵਰਾਜ ਸਿੰਘ ਮੁਛਲ ਸਰਪੰਚ ,ਸੁਰਿੰਦਰਪਾਲ ਸਿੰਘ ਆਦਿ ਹੋਰ ਸਖਸ਼ੀਅਤਾਂ ਨੇ ਨਾਲ ਦੁੱਖ ਸਾਂਝਾ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਜੂਨ 84 ਦੇ ਸ਼ਹੀਦਾਂ ਦੀ ਯਾਦ ਚ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਜਲਾਲ ਵਿਖੇ ਸਜਾਏ ਸ਼ਹੀਦੀ ਦੀਵਾਨ**

# ਸਾਧ ਸੰਗਤ ਵਿੱਚ ਹਾਜਰੀ ਭਰਨ ਵਾਲੇ ਮਨੁੱਖਾਂ ਦੇ ਰੋਗ ਕੱਟ ਜਾਂਦੇ ਹਨ : ਬਾਬਾ ਹਰਨਾਮ ਸਿੰਘ










**ਚੌਕ ਮਹਿਤਾ, 26 ਮਈ (ਕੈਪਟਨ)**-ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਜੂਨ 84 ਸਾਕਾ ਨੀਲਾ ਤਾਰਾ ਦੇ ਸ਼ਹੀਦਾਂ ਦੀ ਯਾਦ ਵਿੱਚ 1 ਮਈ ਤੋਂ ਜਿਲਾ ਅੰਮ੍ਰਿਤਸਰ, ਤਰਨਤਾਰਨ ਅਤੇ ਗੁਰਦਾਸਪੁਰ ਦੇ ਵੱਖ ਵੱਖ ਨਗਰਾਂ ਵਿਚ ਲਗਾਤਾਰ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਜਿਸ ਦੇ ਚਲਦਿਆਂ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਪਿੰਡ ਜਲਾਲ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਦਿਨ ਵੇਲੇ ਦੇ ਦੀਵਾਨ ਸਜਾਏ ਗਏ।ਜਿਸ ਦੌਰਾਨ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਰਸ ਭਿੰਨਾਂ ਕੀਰਤਨ ਸਰਵਣ ਕਰਵਾਇਆ। ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਵੱਡੀ ਗਿਣਤੀ ਵਿਚ ਆਈਆਂ ਸੰਗਤਾਂ ਨੂੰ ਸਾਧ ਸੰਗਤ ਵਿੱਚ ਹਾਜਰੀ ਭਰਨ ਨਾਲ ਮਿਲਣ ਵਾਲੀਆਂ ਵਡਿਆਈਆਂ ਤੋਂ ਜਾਣੂ ਕਰਵਾਇਆ ਅਤੇ ਦੱਸਿਆ ਕਿ ਪੂਰਨ ਸ਼ਰਧਾ ਭਾਵਨਾ ਅਤੇ ਸੱਚੇ ਮਨ ਨਾਲ ਸੇਵਾ ਕਰਨ ਵਾਲੇ ਮਨੁੱਖਾਂ ਨੂੰ ਅਕਾਲ ਪੁਰਖ ਪ੍ਰਮਾਤਮਾਂ ਕੀਤੀ ਸੇਵਾ ਦਾ ਫਲਾ ਜਰੂਰ ਦਿੰਦਾ ਹੈ। ਇਸ ਸਮੇਂ ਸ਼੍ਰੀ ਸੂਰਜ ਪ੍ਰਕਾਸ਼ ਗ੍ਰੰਥ ਦੀ ਪੋਥੀ ਦੇ ਪਾਠ ਦੀ ਸੇਵਾ ਭਾਈ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤੀ ਅਤੇ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਦੀਵਾਨ ਦੀ ਸਮਾਪਤੀ ਵੇਲੇ ਪ੍ਰਬੰਧਕਾਂ ਵੱਲੋ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੂੰ ਸਿਰੋਪਾਓ ਤੇ ਦੁਸ਼ਾਲੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ ਸ੍ਰੀ ਅੰਮ੍ਰਿਤਸਰ , ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਸ੍ਰੀ ਆਨੰਦਪੁਰ ਸਾਹਿਬ ਵਾਲੇ, ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦੱਸ ਚੌਕ ਮਹਿਤਾ, ਚੇਅਰਮੈਨ ਕਸਮੀਰ ਸਿੰਘ ਕਾਲਾ ਸਰਪੰਚ,ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਸੁਖਦੇਵ ਸਿੰਘ ਜਲਾਲ, ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਰਮਨਬੀਰ ਸਿੰਘ ਲੱਧਾ ਮੁੰਡਾ, ਨਾ, ਗੁਰਪ੍ਰੀਤ ਸਿੰਘ ਜਲਾਲ ਗੁਰਮੀਤ ਸਿੰਘ ਮਾਨ, ਸਰਪੰਚ ਲਖਵਿੰਦਰ ਸਿੰਘ ਉਸਮਾ, ਬੂਟਾ ਸਿੰਘ ਜਲਾਲ, ਇਕਬਾਲ ਸਿੰਘ ਮਾਨ,ਭਾਈ ਨਿਰਮਲ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ ਦਮਦਮੀ ਟਕਸਾਲ ਵਾਲੇ, ਅੰਤਰਪਰੀਤ ਸਿੰਘ ਲੱਧਾ ਮੁੰਡਾ ਸੁਖਵਿੰਦਰ ਸਿੰਘ ਪ੍ਰਧਾਨ ਮਹਿਤਾ, ਭਾਈ ਪ੍ਰਭਜੋਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਪਰੋਫੈਸਰ ਜੋਬਨਜੀਤ ਸਿੰਘ,ਹੈਡ ਗਰੰਥੀ ਗੁਰਮੇਜ ਸਿੰਘ ਜਲਾਲ, ਗੁਲਜਿੰਦਰ ਸਿੰਘ ਨੰਬਰਦਾਰ ਮਹਿਤਾ ਸੁਖ ਮਹਿਸਪੁਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV








## ‘ਪੰਜਾਬੀਏ ਜ਼ੁਬਾਨੇ ਨੀ ਰਕਾਨੇ ਮੇਰੇ ਦੇਸ਼ ਦੀਏ.... ’

# ਕੀਹਨੇ ਤੇਰਾ ਖੋਹ ਲਿਆ ਸ਼ਿੰਗਾਰ, ਮੀਢੀਆਂ ਖਿਲਾਰੀ ਫਿਰੇਂ ਬੁੱਲ੍ਹੇ ਦੀਏ ਕਾਫੀਏ ਨੀ, ਫਿੱਕੀ ਪੈ ਗਈ ਚੇਹਰੇ ਦੀ ਨੁਹਾਰ

**ਪੰਜਾਬੀ ਭਾਸ਼ਾ ਪ੍ਰਤੀ ਮੋਹ ਭੰਗ ਹੋਣ ਦੀ ਇੱਕ ਉਦਾਹਰਨ ਨਾਭਾ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇੱਕ ਨੀਂਹ ਪੱਥਰ ਰੱਖਣ ਸਮੇਂ ਸਾਹਮਣੇ ਆਈ। ਨੀਹ ਪੱਥਰ ਦੀ ਸਾਰੀ ਇਬਾਰਤ ਪੰਜਾਬੀ ਭਾਸ਼ਾ ਵਿੱਚ ਲਿਖਣ ਦੀ ਬਜਾਏ ਹਿੰਦੀ ਵਿੱਚ ਲਿਖੀ ਹੋਈ ਸੀ...**

**ਬਰਨਾਲਾ, 26 ਮਈ (ਆਵਾਜ਼ਿ ਕੌਮ ਬਿਊਰੋ)**- ਪਹਿਲੀਆਂ ਸਰਕਾਰਾਂ ਦੀ ਤਰ੍ਹਾਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੀ ਸਤਾ ਸੰਭਾਲਦਿਆਂ ਹੀ ਦਫਤਰਾਂ ਦੇ ਵਿੱਚ ਪੰਜਾਬੀ ਭਾਸ਼ਾ ਵਿੱਚ ਕੰਮ ਕਰਨ ਲਈ ਆਦੇਸ਼ ਜਾਰੀ ਕੀਤੇ ਸਨ, ਲੋਕਾਂ ਨੂੰ ਜਾਪਦਾ ਸੀ ਹੁਣ ਪੰਜਾਬੀ ਭਾਸ਼ਾ ਆਪਣੇ ਪੈਰਾਂ ਭਾਰ ਹੋ ਜਾਵੇਗੀ, ਦਫਤਰੀ ਪੱਤਰ, ਅਦਾਲਤੀ ਫੈਸਲੇ ਵੀ ਪੰਜਾਬੀ ਭਾਸ਼ਾ ਵਿੱਚ ਲਿਖੇ ਜਾਣ ਲੱਗ ਪਏ,ਸਰਕਾਰੀ ਦਫਤਰਾਂ ਅੱਗੇ ਲੱਗੇ ਬੋਰਡ, ਦੁਕਾਨਾਂ ਅੱਗੇ ਲੱਗੇ ਬੋਰਡ, ਸਾਰੇ ਸਰਕਾਰੀ ਅਤੇ ਗੈਰ ਸਰਕਾਰੀ ਅਦਾਰਿਆਂ ਅਤੇ ਸੜਕਾਂ ਤੇ ਲੱਗੇ ਹੋਏ ਸਾਈਨ ਬੋਰਡ ਪੰਜਾਬੀ ਵਿੱਚ ਲਿਖਣ ਲਈ ਕਿਹਾ ਗਿਆ ਸੀ, ਜਦੋਂ ਕਿ ਲਿਖੇ ਵੀ ਗਏ,ਪ੍ਰੰਤੂ ਪੰਜਾਬ ਸਰਕਾਰ ਦਾ ਮੋਹ ਹੁਣ ਪੰਜਾਬੀ ਭਾਸ਼ਾ ਪ੍ਰਤੀ ਭੰਗ ਹੋ ਗਿਆ ਜਾਪਦਾ ਹੈ। ਪੰਜਾਬੀ ਭਾਸ਼ਾ ਪ੍ਰਤੀ ਮੋਹ ਭੰਗ ਹੋਣ ਦੀ ਇੱਕ ਉਦਾਹਰਨ ਨਾਭਾ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇੱਕ ਨੀਂਹ ਪੱਥਰ ਰੱਖਣ ਸਮੇਂ ਸਾਹਮਣੇ ਆਈ। ਨੀਹ ਪੱਥਰ ਦੀ ਸਾਰੀ ਇਬਾਰਤ ਪੰਜਾਬੀ ਭਾਸ਼ਾ ਵਿੱਚ ਲਿਖਣ ਦੀ ਬਜਾਏ ਹਿੰਦੀ ਵਿੱਚ ਲਿਖੀ ਹੋਈ ਸੀ। ਜਦੋਂ ਕਿ ਆਮ ਆਦਮੀ ਪਾਰਟੀ ਦੇ ਸੁਪ੍ਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਦੇ ਕੈਬਨਿਟ ਮੰਤਰੀ ਵਰਿੰਦਰ ਗੋਇਲ ਤੋਂ ਇਲਾਵਾ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ( ਦੇਵ ਮਾਨ ) ਇਸ ਸਮੇਂ ਮੌਕੇ ਤੇ ਮੌਜੂਦ ਸਨ। ਪ੍ਰੰਤੂ ਕਿਸੇ ਵੀ ਸਰਕਾਰੀ ਨੁਮਾਇੰਦੇ ਨੂੰ ਪੰਜਾਬੀ ਭਾਸ਼ਾ ਪ੍ਰਤੀ ਮੋਹ ਨਹੀਂ ਜਾਗਿਆ। ਜਦੋਂ ਸਰਕਾਰੀ ਨੁਮਾਇੰਦੇ ਹੀ ਆਪਣੀ ਮਾਤ ਭਾਸ਼ਾ ਪੰਜਾਬੀ ਨੂੰ ਪਿਠੱ ਦਿਖਾਉਣ ਲੱਗ ਪੈਣ ਤਾਂ ਸਰਕਾਰੀ ਦਫਤਰਾਂ ਦੇ ਅਧਿਕਾਰੀਆਂ ਅਤੇ ਬਾਬੂਆਂ ਨੂੰ ਪੰਜਾਬੀ ਭਾਸ਼ਾ ਵਿੱਚ ਕੰਮ ਕਰਨ ਲਈ ਕਹਿਣਾ ਕੋਈ ਆਸਾਨ ਕੰਮ ਨਹੀਂ ਹੋਵੇਗਾ। ਪੰਜਾਬ ਦਾ ਭਾਸ਼ਾ ਵਿਭਾਗ ਪੰਜਾਬੀ ਭਾਸ਼ਾ ਦੇ ਪ੍ਰਚਾਰ -ਪ੍ਰਸਾਰ ਦੇ ਲਈ ਲੱਖਾਂ -ਕਰੋੜਾਂ ਰੁਪਏ ਖਰਚ ਕਰ ਚੁੱਕਾ ਹੈ। ਉਕਤ ਨੂੰ ਦੇਖਦੇ ਹੋਏ ਏਨੀ ਵੱਡੀ ਰਕਮ ਖਰਾਬ ਕਰਨ ਦੇ ਕੋਈ ਅਰਥ ਨਹੀਂ ਰਹਿ ਜਾਂਦੇ । ਜਦੋਂ ਆਪਣੇ ਹੀ ਆਪਣੀ ਮਾਤ ਭਾਸ਼ਾ ਪੰਜਾਬੀ ਨੂੰ ਡੁਬਦੀ ਦੇਖ ਕੇ ਅੱਖਾਂ ਬੰਦ ਕਰ ਅੱਗੇ ਲੰਘ ਜਾਣ ਤਾਂ ਇਥੇ ਪੰਜਾਬ ਦੇ ਪ੍ਰਸਿੱਧ ਗਾਇਕ ਅਤੇ ਅਦਾਕਾਰ ਗੁਰਦਾਸ ਮਾਨ ਵੱਲੋਂ ਗਾਈਆਂ ਇਹ ਸਤਰਾਂ ਢੁਕਦੀਆਂ ਨੇ:- “ ਪੰਜਾਬੀਏ ਜ਼ੁਬਾਨੇ ਨੀ ਰਕਾਨੇ ਮੇਰੇ ਦੇਸ਼ ਦੀਏ ,ਕੀਹਨੇ ਤੇਰਾ ਖੋਹ ਲਿਆ ਸ਼ਿੰਗਾਰ” ਮੀਢੀਆਂ ਖਿਲਾਰੀ ਫਿਰੇਂ ਬੁੱਲ੍ਹੇ ਦੀਏ ਕਾਫੀਏ ਨੀ,ਫਿੱਕੀ ਪੈ ਗਈ ਚੇਹਰੇ ਦੀ ਨੁਹਾਰ।




ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਾਂਗਰਸ ਹਲਕਾ ਇੰਚਾਰਜ ਖਰੜ ਵਿਜੇ ਸ਼ਰਮਾ ਟਿੰਕੂ ਨੇ ਕਾਂਗਰਸੀ ਵਰਕਰਾਂ ਨਾਲ ਕੀਤੀ ਮੀਟਿੰਗ



ਖਰੜ, 26 ਮਈ (ਆਵਾਜ਼ਿ ਕੌਮ ਬਿਊਰੋ)- ਵਿਧਾਨ ਸਭਾ ਹਲਕਾ ਖਰੜ ਕਾਂਗਰਸ ਪਾਰਟੀ ਦੇ ਇੰਚਾਰਜ ਵਿਜੇ ਸ਼ਰਮਾ ਟਿੰਕੂ ਵੱਲੋਂ ਖਰੜ ਸੰਨੀ ਇਨਕਲੇਵ ਸੈਕਟਰ 125 ਵਿਖੇ ਕਾਂਗਰਸੀ ਵਰਕਰਾਂ ਅਤੇ ਆਗੂਆਂ ਨਾਲ ਮੀਟਿੰਗ ਗਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਕਾਂਗਰਸ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਭਾਰਤੀ ਸੰਵਿਧਾਨ ਦੀ ਰੱਖਿਆ ਕਰਨ ਦੇ ਲਈ ਕਾਂਗਰਸ ਪਾਰਟੀ ਦੇ ਆਗੂ ਅਤੇ ਵਰਕਰ ਘਰ-ਘਰ ਜਾ ਕੇ ਭਾਰਤੀ ਸੰਵਿਧਾਨ ਨੂੰ ਬਚਾਉਣ ਲਈ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ, ਕਿਉਂਕਿ ਕੇਂਦਰ ਦੀ ਮੋਦੀ ਸਰਕਾਰ ਭਾਰਤੀ ਸੰਵਿਧਾਨ ਨੂੰ ਤੋੜ ਮਰੋੜ ਕੇ ਧੱਜੀਆਂ ਉਡਾ ਰਹੀ ਹੈ ਅਤੇ ਆਪਣੀਆਂ ਮਨਮਰਜੀਆਂ ਕਰ ਰਹੀ ਹੈ ਜਿਸ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਹੰਸ ਰਾਜ ਸਿੰਘ ਬੂਥਗੜ੍ਹ ਚੇਅਰਮੈਨ ਐਸ.ਸੀ ਵਿੰਗ ਜ਼ਿਲ੍ਹਾ ਮੋਹਾਲੀ, ਗੁਰਿੰਦਰ ਸਿੰਘ ਵੈਦਵਾਨ ਬਲਾਕ ਕਾਂਗਰਸ ਪ੍ਰਧਾਨ ਖਰੜ, ਪੁਨੀਤ ਵੇਦੀ ਸੀਨੀਅਰ ਕਾਂਗਰਸੀ ਆਗੂ, ਸਰਬਜੀਤ ਸਿੰਘ, ਇਕਵਾਲ ਖਾਨ, ਹਰਬੰਸ ਸਿੰਘ, ਸਰਬਜੀਤ ਸਿੰਘ, ਰਣਧੀਰ ਸਿੰਘ ਪਲਹੇੜੀ, ਅਜੀਤ ਸਿੰਘ, ਗੁਰਿੰਦਰ ਸਿੰਘ ਕੈਰੋ ਸੀਨੀਅਰ ਕਾਂਗਰਸੀ ਆਗੂ, ਕੈਪਟਨ ਪਾਲ ਸਿੰਘ, ਮੈਡਮ ਬਲਵਿੰਦਰ ਕੌਰ, ਪਿੰਕੀ ਸ਼ਰਮਾ ਅਤੇ ਸੋਨੀ ਸਾਗੀ ਆਦਿ ਹਾਜ਼ਰ ਸਨ।

# ਉੱਘੇ ਸਮਾਜ ਸੇਵੀ ਚੌਧਰੀ ਗਿਆਨ ਸਿੰਘ ਦੀ ਬਰਸੀ 31 ਮਈ ਨੂੰ

ਹੁਸ਼ਿਆਰਪੁਰ, 26 ਮਈ (ਆਵਾਜ਼ਿ ਕੌਮ ਬਿਊਰੋ)- ਚੌਧਰੀ ਗਿਆਨ ਸਿੰਘ ਵੈਲਫ਼ੇਅਰ ਐਸੋਸੀਏਸ਼ਨ (ਪੰਜਾਬ) ਦੇ ਸੂਬਾ ਪ੍ਰਧਾਨ ਪ੍ਰਿੰਸ ਪਲਿਆਲ ਅਤੇ ਸੂਬਾ ਪ੍ਰੈੱਸ ਸਕੱਤਰ ਸ਼ਾਦੀ ਲਾਲ ,ਕੈਸ਼ੀਅਰ ਵਰਿੰਦਰ ਕੁਮਾਰ ਕਾਲੋਵਾਲ ਜੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਉੱਘੇ ਸਮਾਜ ਸੇਵੀ ਰਾਏ ਸਾਹਿਬ ਚੌਧਰੀ ਗਿਆਨ ਸਿੰਘ ਜੀ ਦੀ ਸਾਲਾਨਾ ਬਰਸੀ 31ਮਈ 2025 ਨੂੰ ਪਿੰਡ ਭੰਬੋਤਾੜ ਵਿਖੇ ਮਨਾਈ ਜਾ ਰਹੀ ਹੈ। ਇਸ ਸਬੰਧੀ ਸੂਬਾ ਪ੍ਰਧਾਨ ਪ੍ਰਿੰਸ ਪਲਿਆਲ ਨੇ ਕਿਹਾ ਕਿ ਰਾਏ ਸਾਹਿਬ ਜੀ ਨੇ ਸਮਾਜ ਦੀ ਸੇਵਾ ਲਈ ਪੂਰਨ ਤੌਰ ਤੇ ਸਮਰਪਿਤ ਹੋ ਕਿ ਸਮਾਜ ਦੇ ਸਾਰੇ ਵਰਗਾਂ ਲਈ ਕੰਮ ਕੀਤਾ। ਇਸ ਮੌਕੇ ਸੰਸਥਾ ਦੇ ਹਾਜ਼ਰ ਮੈਂਬਰ ਨਵਦੀਪ ਸਿੰਘ, ਨਵਜੋਤ ਸਿੰਘ, ਜਰਨੈਲ ਸਿੰਘ, ਰੋਹਿਤ ਕੁਮਾਰ, ਸੋਮ ਨਾਥ, ਰਮਨਦੀਪ ਕੁਮਾਰ, ਸਚਿਨ ਪਲਿਆਲ, ਦੇਵ ਲਾਲ, ਜਸਨੂਰ ਪਲਿਆਲ, ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV